Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 51 Chief Editor : Chowdhary Prabhjit Singh, Editor : Chhatarpal Singh 98146-32807, Thursday 6 August 2026 Price : 2 Rs. Page : 6

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਜ਼ਾਰਤ ਵੱਲੋਂ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਣ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿੱਲ-2026' ਪਾਸ

**ਚੰਡੀਗੜ੍ਹ 5 ਅਗਸਤ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਜ਼ਾਰਤ ਨੇ ਅੱਜ ਸਿੱਖਿਆ ਵਿਵਸਥਾ ਨੂੰ ਮਜ਼ਬੂਤ ਕਰਨ, ਪ੍ਰਸ਼ਾਸਨ ਤੇ ਜਨਤਕ ਸੇਵਾਵਾਂ ਵਿੱਚ ਸੁਧਾਰ ਲਿਆਉਣ ਅਤੇ ਸੂਬੇ ਵਿੱਚ ਸਰਬਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਈ ਇਤਿਹਾਸਕ ਫੈਸਲੇ ਲਏ। ਮੰਤਰੀ ਮੰਡਲ ਨੇ ਗੈਰ-ਸਹਾਇਤਾ ਪ੍ਰਾਪਤ ਨਿੱਜੀ ਵਿਦਿਅਕ ਅਦਾਰਿਆਂ ਵੱਲੋਂ ਫੀਸਾਂ ਵਿੱਚ ਅਣਉਚਿਤ ਅਤੇ ਨਜਾਇਜ਼ ਵਾਧੇ ਨੂੰ ਠੱਲ੍ਹ ਪਾਉਣ ਲਈ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਣ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿੱਲ-2026' ਪਾਸ ਕੀਤਾ। ਇਸ ਤੋਂ ਇਲਾਵਾ 'ਪੰਜਾਬ ਸਟੇਟ ਆਊਟਸੋਰਸਿਡ ਟ੍ਰਾਂਜਿਸ਼ਨ ਟੂ ਕੰਟਰੈਕਚੁਅਲ ਇੰਗੇਜਮੈਂਟ ਬਿੱਲ-2026', ਤਿੰਨ ਨਵੀਆਂ ਡਿਜੀਟਲ ਓਪਨ ਯੂਨੀਵਰਸਿਟੀਆਂ ਦੀ ਸਥਾਪਨਾ ਅਤੇ ਹੋਰ ਕਈ ਮਹੱਤਵਪੂਰਨ ਨੀਤੀਗਤ ਪਹਿਲਕਦਮੀਆਂ ਨੂੰ ਮਨਜ਼ੂਰੀ ਦਿੱਤੀ ਗਈ।

ਇਹ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਕੈਬਨਿਟ ਨੇ ਗੈਰ-ਸਹਾਇਤਾ ਪ੍ਰਾਪਤ ਨਿੱਜੀ ਵਿਦਿਅਕ ਅਦਾਰਿਆਂ ਵੱਲੋਂ ਫੀਸਾਂ ਵਿੱਚ ਅਣਉਚਿਤ ਅਤੇ ਨਜਾਇਜ਼ ਵਾਧੇ ਨੂੰ ਰੋਕਣ ਲਈ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਣ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿੱਲ-2026' ਲਿਆਉਣ ਦੀ ਪ੍ਰਵਾਨਗੀ ਦਿੱਤੀ ਹੈ।

ਇਹ ਬਿੱਲ ਲਿਆਉਣਾ ਇਸ ਲਈ ਜ਼ਰੂਰੀ ਹੋ ਗਿਆ ਸੀ ਕਿਉਂਕਿ ਕੁਝ ਗੈਰ-ਸਹਾਇਤਾ ਪ੍ਰਾਪਤ ਨਿੱਜੀ ਵਿਦਿਅਕ ਅਦਾਰੇ ਮਨਮਰਜ਼ੀ ਤੇ ਅਣਉਚਿਤ ਢੰਗ ਨਾਲ ਆਪਣੀ ਸਾਲਾਨਾ ਫੀਸ ਵਧਾ ਰਹੇ ਸਨ, ਜਿਸ ਨਾਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ 'ਤੇ ਬੇਲੋੜਾ ਵਿੱਤੀ ਬੋਝ ਪੈ ਰਿਹਾ ਸੀ। ਇਸ ਲਈ ਗੈਰ-ਸਹਾਇਤਾ ਪ੍ਰਾਪਤ ਨਿੱਜੀ ਸਕੂਲਾਂ ਵੱਲੋਂ ਫੀਸਾਂ ਵਿੱਚ ਨਜਾਇਜ਼ ਵਾਧੇ ਨੂੰ ਰੋਕਣ ਲਈ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਣ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਐਕਟ-2016', 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਣ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਐਕਟ-2019' ਅਤੇ ਇਸ ਐਕਟ ਤਹਿਤ ਬਣਾਏ ਗਏ ਨਿਯਮਾਂ ਵਿੱਚ ਸੋਧ ਦੀ ਲੋੜ ਮਹਿਸੂਸ ਕੀਤੀ ਗਈ ਸੀ।



***'ਪੰਜਾਬ ਸਟੇਟ ਆਊਸੋਰਸਿਡ ਟ੍ਰਾਂਜਿਸ਼ਨ ਟੂ ਕੰਟਰੈਕਚੁਅਲ ਇੰਗੇਜਮੈਂਟ ਬਿੱਲ-2026' ਨੂੰ ਮਨਜ਼ੂਰੀ***

ਮੰਤਰੀ ਮੰਡਲ ਨੇ ਲਗਾਤਾਰ ਪੰਜ ਸਾਲਾਂ ਦੀ ਸੇਵਾ ਪੂਰੀ ਕਰਨ ਵਾਲੇ ਯੋਗ ਆਊਟਸੋਰਸਡ ਕਰਮਚਾਰੀਆਂ ਜਾਂ ਧਾਰਾ 2(1) ਤਹਿਤ ਸੂਚੀਬੱਧ ਜੋਖਮ ਵਾਲੀਆਂ ਸ਼੍ਰੇਣੀਆਂ ਵਿੱਚ ਤਾਇਨਾਤ ਕਰਮਚਾਰੀਆਂ ਦੇ ਮਾਮਲੇ ਵਿੱਚ ਤਿੰਨ ਸਾਲਾਂ ਦੀ ਸੇਵਾ ਤੋਂ ਬਾਅਦ ਉਨ੍ਹਾਂ ਨੂੰ ਸਿੱਧੇ ਠੇਕੇ (ਕੰਟਰੈਕਟ) 'ਤੇ ਲਿਆਉਣ ਲਈ 'ਪੰਜਾਬ ਸਟੇਟ ਆਊਸੋਰਸਡ ਟ੍ਰਾਂਜ਼ਿਸ਼ਨ ਟੂ ਕੰਟਰੈਕਚੂਅਲ ਇੰਗੇਜਮੈਂਟ ਬਿੱਲ-2026' ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਠੇਕੇ 'ਤੇ ਲਿਆਂਦੇ ਜਾਣ ਗਏ ਕਰਮਚਾਰੀਆਂ ਦਾ ਮਿਹਨਤਾਨਾ ਵਿੱਤ ਵਿਭਾਗ ਦੁਆਰਾ ਨਿਰਧਾਰਤ ਕੀਤਾ ਜਾਵੇਗਾ ਅਤੇ ਇਹ 'ਕੋਡ ਆਨ ਵੇਜਿਜ਼-2019' ਜਾਂ ਘੱਟੋ-ਘੱਟ ਵੇਤਨ ਨਾਲ ਸਬੰਧਤ ਕਿਸੇ ਵੀ ਹੋਰ ਲਾਗੂ ਕਾਨੂੰਨ ਤਹਿਤ ਨਿਰਧਾਰਤ ਘੱਟੋ-ਘੱਟ ਵੇਤਨ ਦਰ ਤੋਂ ਘੱਟ ਨਹੀਂ ਹੋਵੇਗਾ। ਇਹ ਬਿੱਲ ਲਾਗੂ ਹੋਣ ਦੀ ਮਿਤੀ ਤੋਂ 'ਪੰਜਾਬ ਐਡਹਾਕ, ਕੰਟਰੈਕਚੂਅਲ, ਡੇਲੀ ਵੇਜ, ਟੈਂਪਰੇਰੀ, ਵਰਕ ਚਾਰਜਡ ਅਤੇ ਆਊਟਸੋਰਸਡ ਇੰਪਲਾਈਜ਼ ਵੈਲਫੇਅਰ ਐਕਟ, 2016' ਨੂੰ ਰੱਦ ਕਰਦਾ ਹੈ।

***582 ਵੈਟਰਨਰੀ ਹਸਪਤਾਲਾਂ ਵਿੱਚ 449 ਵੈਟਰਨਰੀ ਫਾਰਮਾਸਿਸਟਾਂ ਅਤੇ 451 ਸਫ਼ਾਈ ਸੇਵਕਾਂ ਦੀਆਂ ਸੇਵਾਵਾਂ ਵਿੱਚ ਵਾਧਾ***

ਪਸ਼ੂ ਪਾਲਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਕੈਬਨਿਟ ਨੇ ਸੂਬੇ ਭਰ ਦੇ 582 ਵੈਟਰਨਰੀ ਹਸਪਤਾਲਾਂ ਵਿੱਚ ਸੇਵਾਵਾਂ ਦੇ ਰਹੇ 449 ਵੈਟਰਨਰੀ ਫਾਰਮਾਸਿਸਟਾਂ ਅਤੇ 451 ਸਫ਼ਾਈ ਸੇਵਕਾਂ ਦੀਆਂ ਸੇਵਾਵਾਂ ਨੂੰ 1 ਅਪ੍ਰੈਲ, 2026 ਤੋਂ 31 ਮਾਰਚ 2027 ਤੱਕ ਇੱਕ ਹੋਰ ਸਾਲ ਲਈ ਵਧਾਉਣ ਦੀ ਪ੍ਰਵਾਨਗੀ ਵੀ ਦਿੱਤੀ ਹੈ।

***ਅੰਮ੍ਰਿਤਸਰ ਦੇ ਬਲਾਕ ਜੰਡਿਆਲਾ ਗੁਰੂ ਤੋਂ ਨਵਾਂ ਬਲਾਕ ਤਰਸਿੱਕਾ ਬਣਾਉਣ ਦੀ ਮਨਜ਼ੂਰੀ***

ਮੰਤਰੀ ਮੰਡਲ ਨੇ ਵਡੇਰੇ ਜਨਤਕ ਹਿੱਤਾਂ ਨੂੰ ਮੁੱਖ ਰੱਖਦਿਆਂ ਅੰਮ੍ਰਿਤਸਰ ਜ਼ਿਲ੍ਹੇ ਦੇ ਬਲਾਕ ਜੰਡਿਆਲਾ ਗੁਰੂ ਵਿੱਚੋਂ ਬਲਾਕ ਤਰਸਿੱਕਾ ਬਣਾਉਣ ਦੀ ਪ੍ਰਵਾਨਗੀ ਦਿੱਤੀ ਹੈ। ਬਲਾਕ ਜੰਡਿਆਲਾ ਗੁਰੂ ਵਿੱਚੋਂ 64 ਗ੍ਰਾਮ ਪੰਚਾਇਤਾਂ ਨੂੰ ਕੱਢ ਕੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਬਲਾਕ ਤਰਸਿੱਕਾ ਬਣਾਇਆ ਜਾਵੇਗਾ। ਇਸ ਨਵੇਂ ਤਰਸਿੱਕਾ ਬਲਾਕ ਵਿੱਚ ਜੰਡਿਆਲਾ ਗੁਰੂ ਬਲਾਕ ਦੀਆਂ 121 ਪਿੰਡ ਪੰਚਾਇਤਾਂ ਵਿੱਚੋਂ 64 ਪੰਚਾਇਤਾਂ ਸ਼ਾਮਲ ਹੋਣਗੀਆਂ। ਤਰਸਿੱਕਾ ਬਲਾਕ ਦੇ ਬਣਨ ਨਾਲ ਇਹਨਾਂ 64 ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਮਿਲੇਗੀ।

***ਤਿੰਨ ਨਵੀਆਂ ਡਿਜੀਟਲ ਓਪਨ ਯੂਨੀਵਰਸਿਟੀਆਂ ਸਥਾਪਤ ਕਰਨ ਨੂੰ ਮਨਜ਼ੂਰੀ***

ਪੰਜਾਬ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀਆਂ ਮਿਆਰੀ ਵਿਦਿਅਕ ਸੰਸਥਾਵਾਂ ਨੂੰ ਆਕਰਸ਼ਿਤ ਕਰਨ ਲਈ ਪੰਜਾਬ ਸਰਕਾਰ ਨੇ 'ਪੰਜਾਬ ਪ੍ਰਾਈਵੇਟ ਡਿਜੀਟਲ ਓਪਨ ਯੂਨੀਵਰਸਿਟੀਜ਼ ਪਾਲਿਸੀ-2026' ਤਿਆਰ ਕੀਤੀ ਹੈ। ਇਸ ਪਾਲਿਸੀ ਅਨੁਸਾਰ ਕੈਬਨਿਟ ਨੇ ਬੋਹਣ (ਹੁਸ਼ਿਆਰਪੁਰ) ਵਿਖੇ ਕਲਾਊਡ ਯੂਨੀਵਰਸਿਟੀ, ਫਤਿਹਪੁਰ (ਪਟਿਆਲਾ) ਵਿਖੇ ਐਮ.ਐਸ. ਡਿਜੀਟਲ ਯੂਨੀਵਰਸਿਟੀ ਅਤੇ ਨੰਦਪੁਰ ਕੇਸ਼ੋ (ਪਟਿਆਲਾ) ਵਿਖੇ ਫਿਜ਼ਿਕਸਵਾਲਾ ਡਿਜੀਟਲ ਯੂਨੀਵਰਸਿਟੀ ਸਥਾਪਤ ਕਰਨ ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਹਨਾਂ ਯੂਨੀਵਰਸਿਟੀਆਂ ਦੀ ਸਥਾਪਨਾ ਨਾਲ ਖੇਤਰ ਵਿੱਚ ਮਿਆਰੀ ਸਿੱਖਿਆ ਦੇ ਪਸਾਰ ਦੇ ਨਾਲ-ਨਾਲ ਇਲਾਕੇ ਦੇ ਸਰਬਪੱਖੀ ਵਿਕਾਸ ਵਿੱਚ ਮਦਦ ਮਿਲਣ ਦੀ ਉਮੀਦ ਹੈ।

***ਲੋਕ ਨਿਰਮਾਣ ਵਿਭਾਗ ਵਿੱਚ ਡਰਾਫਟਸਮੈਨ (ਸਿਵਲ) ਦੀਆਂ 19 ਅਸਾਮੀਆਂ ਭਰਨ ਨੂੰ ਪ੍ਰਵਾਨਗੀ***

ਕੈਬਨਿਟ ਨੇ ਲੋਕ ਨਿਰਮਾਣ ਵਿਭਾਗ, ਪੰਜਾਬ ਦੀ ਕਾਰਜਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸਿੱਧੀ ਭਰਤੀ ਰਾਹੀਂ ਡਰਾਫਟਸਮੈਨ (ਸਿਵਲ) ਦੀਆਂ 19 ਅਸਾਮੀਆਂ ਭਰਨ ਦੀ ਪ੍ਰਵਾਨਗੀ ਵੀ ਦਿੱਤੀ ਹੈ।

# ਅੰਮ੍ਰਿਤਸਰ ਵਿੱਚ ਬਿਹਤਰ ਸਵੱਛਤਾ ਸੇਵਾਵਾਂ ਯਕੀਨੀ ਬਣਾਉਣ ਲਈ 60 ਐਮ.ਐਲ.ਡੀ. ਸੀਵਰੇਜ ਟ੍ਰੀਟਮੈਂਟ ਪਲਾਂਟ ਨੂੰ ਮਨਜ਼ੂਰੀ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਾਲਾਂ ਤੋਂ ਅੰਮ੍ਰਿਤਸਰ ਦਾ ਸੀਵਰੇਜ ਸਿਸਟਮ ਇਸ ਪਵਿੱਤਰ ਸ਼ਹਿਰ ਦੀਆਂ ਲੋੜਾਂ ਮੁਤਾਬਿਕ ਪੂਰੀ ਤਰ੍ਹਾਂ ਸੁਚਾਰੂ ਸੇਵਾਵਾਂ ਪ੍ਰਦਾਨ ਕਰਨ ਨਹੀਂ ਜੂਝ ਰਿਹਾ ਸੀ। ਅਣਸੋਧਿਆ ਪਾਣੀ ਨਾਲ ਨਾਲੀਆਂ ਭਰੀਆਂ ਰਹਿੰਦੀਆਂ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਇਸ ਸਮੱਸਿਆ ਨਾਲ ਨਜਿੱਠਣ ਲਈ ਹੁਣ - ਅਮਰੁਤ 2.0 ਸਕੀਮ ਤਹਿਤ ਇੱਕ ਨਵੇਂ 60 ਐਮਐਲਡੀ (ਮਿਲੀਅਨ ਲੀਟਰ ਪ੍ਰਤੀ ਦਿਨ) ਸਮਰੱਥਾ ਦਾ ਸੀਵਰੇਜ ਟ੍ਰੀਟਮੈਂਟ ਪਲਾਂਟ ਅਤੇ ਇਸ ਲਈ ਲੋੜੀਂਦੇ ਪੰਪਿੰਗ ਸਟੇਸ਼ਨ ਨੂੰ ਮਨਜ਼ੂਰੀ ਦਿੱਤੀ ਗਈ ਹੈ। ਟੈਂਡਰ ਪਹਿਲਾਂ ਹੀ ਜਾਰੀ ਹੋ ਚੁੱਕਾ ਹੈ ਅਤੇ ਅਗਸਤ 2026 ਵਿੱਚ ਬੰਦ ਹੋ ਜਾਵੇਗਾ, ਜਿਸ ਤੋਂ ਤੁਰੰਤ ਬਾਅਦ ਕੰਮ ਸ਼ੁਰੂ ਹੋ ਜਾਵੇਗਾ।



ਇਸ ਪਲਾਂਟ ਦੇ ਤਿਆਰ ਹੋਣ ਬਾਅਦ, ਅੰਮ੍ਰਿਤਸਰ ਸ਼ਹਿਰ ਦੀ ਸੀਵਰੇਜ ਟ੍ਰੀਟਮੈਂਟ ਸਮਰੱਥਾ ਵਿੱਚ ਤੇਜ਼ੀ ਨਾਲ ਵਾਧਾ ਹੋਵੇਗਾ, ਪੁਰਾਣੇ, ਓਵਰਲੋਡ ਸਿਸਟਮ ਤੋਂ ਦਬਾਅ ਘਟੇਗਾ ਅਤੇ ਅਨਟ੍ਰੀਟਡ ਡਿਸਚਾਰਜ ਵਿੱਚ ਕਮੀ ਆਵੇਗੀ। ਇਸ ਪਲਾਂਟ ਰਾਹੀਂ ਵੇਸਟ ਨੂੰ ਬਾਇਓ-ਸੀਐਨਜੀ ਵਿੱਚ ਵੀ ਬਦਲਿਆ ਜਾਵੇਗਾ, ਜਿਸ ਨਾਲ ਸਾਫ਼, ਗਰੀਨ ਊਰਜਾ ਸ਼ਹਿਰ ਵਿੱਚ ਹੀ ਤਿਆਰ ਕੀਤੀ ਜਾ ਸਕੇਗੀ।

ਇਹ ਪਹਿਲਕਦਮੀ ਪੰਜਾਬ ਸਰਕਾਰ ਦੀ ਸੂਬੇ ਭਰ ਦੇ ਸ਼ਹਿਰਾਂ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵਿਸ਼ਾਲ ਅਮਰੁਤ 2.0 ਮੁਹਿੰਮ ਦਾ ਹਿੱਸਾ ਹੈ। ਜ਼ਿਕਰਯੋਗ ਹੈ ਕਿ ਅਮਰੁਤ 2.0 ਤਹਿਤ ਪੰਜਾਬ ਸਰਕਾਰ ਪਹਿਲਾਂ ਹੀ 64 ਤੋਂ ਵੱਧ ਪ੍ਰੋਜੈਕਟ ਸੂਬੇ ਨੂੰ ਸਮਰਪਿਤ ਕਰ ਚੁੱਕੀ ਹੈ ਅਤੇ ਲਗਭਗ 50-60 ਪ੍ਰੋਜੈਕਟ ਮਾਰਚ 2027 ਤੱਕ ਪੂਰੇ ਕੀਤੇ ਜਾਣਗੇ।

ਇਸ ਪਹਿਲਕਦਮੀ ਬਾਰੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਅੰਮ੍ਰਿਤਸਰ ਸਾਡਾ ਪਵਿੱਤਰ ਸ਼ਹਿਰ ਹੈ ਅਤੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਇਸਦੀ ਸਾਰੀਆਂ ਸਮੱਸਿਆਵਾਂ ਦਾ ਸਫਲਤਾਪੂਰਵਕ ਹੱਲ ਕੱਢਿਆ ਜਾਵੇ ਭਾਵੇਂ ਉਹ ਸੀਵਰੇਜ ਦਾ ਮੁੱਦੇ ਹੋਵੇ ਜਾਂ ਕੂੜੇ-ਕਰਕਟ ਦਾ ਜਾਂ ਕੋਈ ਹੋਰ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਇਸੇ ਅਹਿਦ 'ਤੇ ਡੱਟ ਕੇ ਪਹਿਰਾ ਦੇ ਰਹੀ ਹੈ ਕਿ ਖੜ੍ਹਾ ਕੀਤਾ ਜਾ ਰਿਹਾ ਬੁਨਿਆਦੀ ਢਾਂਚਾ ਲੰਬੇ ਸਮੇਂ ਲਈ ਕੰਮ ਕਰਦਾ ਰਹੇ।

# ਏ ਡੀ ਸੀ ਅਨੁਪ੍ਰੀਤਾ ਜੋਹਲ ਨੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਭਲਾਈ ਸਕੀਮਾਂ ਦਾ ਜਾਇਜ਼ਾ ਲਿਆ



**ਪਟਿਆਲਾ, 5 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੀ ਮੰਗ ਤੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰੀਤਾ ਜੋਹਲ ਅਤੇ ਸਹਾਇਕ ਕਮਿਸ਼ਨਰ ਜਨਰਲ ਹਰਜੋਤ ਕੋਰ ਮਾਵੀ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀਆਂ ਸਨਮਾਨ ਸਹੂਲਤਾਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ। ਸੁਤੰਤਰਤਾ ਸੰਗਰਾਮੀ ਪਰਿਵਾਰਾਂ ਵਲੋਂ ਦਿੱਤਿਆਂ ਦਰਖਾਸਤਾਂ ਸਬੰਧੀ ਕਾਰਵਾਈ ਰਿਪੋਰਟ ਨੂੰ ਸਮਾਂਬੱਧ ਹੱਲ ਕਰਨ ਅਤੇ ਸਰਕਾਰੀ ਵਿਭਾਗਾਂ ਵਿੱਚ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੇ ਮਾਣ ਸਨਮਾਨ ਨੂੰ ਯਕੀਨੀ ਬਣਾਉਣ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।

ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ, ਸੂਬਾ ਆਗੂ ਮਨਜੀਤ ਸਿੰਘ ਵਿਰਕ ਨੇ ਮੀਟਿੰਗ ਦੌਰਾਨ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਆਜ਼ਾਦੀ ਘੁਲਾਟੀਆਂ ਦੀ ਚੋਥੀ ਪੀੜ੍ਹੀ ਨੂੰ ਕਾਨੂੰਨੀ ਮਾਨਤਾ ਦਿਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਜਲਦ ਮੀਟਿੰਗ ਕਰਵਾਈ ਜਾਵੇ। ਆਗੂਆਂ ਨੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵੱਖ ਵੱਖ ਸਰਕਾਰੀ ਸਕੂਲਾਂ, ਸੜਕਾਂ ਦੇ ਨਾਂਮ ਆਜ਼ਾਦੀ ਘੁਲਾਟੀਆਂ ਦੇ ਨਾਂਮ ਤੇ ਰੱਖਣ ਦੀ ਪ੍ਰਕਿਰਿਆ ਨੂੰ ਅਮਲੀ ਜਾਮਾ ਪਹਿਨਾਉਣ ਦੀ ਮੰਗ ਕੀਤੀ। ਜਥੇਬੰਦੀ ਵੱਲੋਂ ਜ਼ਿਲ੍ਹਾ ਪਟਿਆਲਾ ਅਧੀਨ ਆਉਂਦੇ ਸੁਤੰਤਰਤਾ ਸੰਗਰਾਮੀ ਸਕੂਲਾਂ, ਮਾਰਗਾਂ ਦੇ ਸੁੰਦਰੀਕਰਨ ਲਈ ਆਵਾਜ਼ ਬੁਲੰਦ ਕੀਤੀ। ਨਗਰ ਨਿਗਮ ਵਲੋਂ ਪਾਸ ਕੀਤੇ ਮਤੇ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਦਾ ਨਾਮ ਫਰੀਡਮ ਫਾਈਟਰ ਤੇਜ਼ਾ ਸਿੰਘ ਗਿੱਲ ਦੇ ਨਾਂਮ ਤੇ ਰੱਖਣ ਸਬੰਧੀ ਕਾਰਵਾਈ ਨੂੰ ਪੂਰਾ ਕਰਨ ਦੀ ਅਪੀਲ ਕੀਤੀ ਗਈ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਵਲੋਂ ਦੇਸ਼ ਦੀ ਅਜ਼ਾਦੀ ਲਈ ਪਾਏ ਯੋਗਦਾਨ ਸਦਕਾ ਹੀ ਅਸੀਂ ਸਾਰੇ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ 15 ਅਗਸਤ ਮੋਕੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤਾ ਜਾਵੇਗਾ। ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀ ਭਲਾਈ ਲਈ ਹਰ ਮਹੀਨੇ ਮੀਟਿੰਗ ਕਰਵਾਉਣ ਦਾ ਉਪਰਾਲਾ ਕੀਤਾ ਜਾਵੇਗਾ।

ਵਧੀਕ ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਸ਼ਾਮਲ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਕੰਮ ਪਹਿਲ ਦੇ ਆਧਾਰ ਤੇ ਹੱਲ ਕੀਤੇ ਜਾਣ। ਸਰਕਾਰ ਵੱਲੋਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਜਾਰੀ ਭਲਾਈ ਸਕੀਮਾਂ ਨੂੰ ਹਰ ਵਿਭਾਗ ਵੱਲੋਂ ਲਾਗੂ ਕੀਤਾ ਜਾਵੇ। ਉਨ੍ਹਾਂ ਮੀਟਿੰਗ ਵਿੱਚ ਸ਼ਾਮਲ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੂੰ 15 ਅਗਸਤ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮਾਂ ਦੋਰਾਨ ਪੋਲੋ ਗਰਾਊਂਡ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਅੱਜ ਦੀ ਇਕੱਤਰਤਾ ਦੌਰਾਨ ਐਮ ਏ ਬ੍ਰਾਂਚ ਅਧਿਕਾਰੀ ਰਘੁਬੀਰ ਸਿੰਘ, ਵਿਕਰਮ, ਸਤਪਾਲ ਕੌਰ ਸੋਹੀ, ਪਰਦੁਮਨ ਸਿੰਘ ਢੀਂਡਸਾ, ਹਰਨੇਕ ਸਿੰਘ ਭੁੱਲਰ, ਮਨਜੀਤ ਸਿੰਘ ਵਿਰਕ,ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ, ਹਰਦਿਆਲ ਸਿੰਘ, ਭੁਪਿੰਦਰ ਸਿੰਘ ਡਕੌਂਦਾ, ਦਫ਼ਤਰ ਇੰਚਾਰਜ ਕਮਲਦੀਪ ਸਿੰਘ ਗਿੱਲ, ਇੰਦਰਪਾਲ ਸਿੰਘ ਧਾਲੀਵਾਲ ਸੋਨੀ ਸੂਬਾ ਜਨਰਲ ਸਕੱਤਰ, ਜਤਿੰਦਰ ਸਿੰਘ ਕੋਲੀ, ਸੁਖਵਿੰਦਰ ਕੌਰ,ਗੁਰਚਰਨ ਸਿੰਘ ਮਕਬੂਲਪੁਰ, ਅਜੇ ਖੰਨਾ, ਗੁਰਇਕਬਾਲ ਸਿੰਘ ਸੰਧੂ, ਪ੍ਰੀਤਮ ਸਿੰਘ ਮਾਨ, ਪ੍ਰਭਜੀਤ ਸਿੰਘ, ਧਰਮਿੰਦਰ ਦਾਸ, ਰਾਜਿੰਦਰ ਵਡੇਰਾ, ਹਰਜੀਤ ਸਿੰਘ, ਰਬਿੰਦਰ ਸਿੰਘ,ਵਣ ਸਿੰਘ , ਇੰਦਰਪਾਲ ਵਿਰਕ ਆਦਿ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ।

# ਰੁਜ਼ਗਾਰ, ਸਿੱਖਿਆ ਅਤੇ ਸਮਾਜਿਕ ਬਰਾਬਰੀ ਨਾਲ ਮਾਨ ਸਰਕਾਰ ਨੇ ਬਦਲਿਆ ਪੰਜਾਬ ਦਾ ਭਵਿੱਖ: ਡਾ. ਬਲਜੀਤ ਕੌਰ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਰੁਜ਼ਗਾਰ, ਗੁਣਵੱਤਾ ਭਰਪੂਰ ਸਿੱਖਿਆ ਅਤੇ ਸਮਾਜਿਕ ਬਰਾਬਰੀ ਨੂੰ ਵਿਕਾਸ ਦਾ ਮਜ਼ਬੂਤ ਆਧਾਰ ਬਣਾ ਕੇ ਪੰਜਾਬ ਦਾ ਭਵਿੱਖ ਬਦਲਣ ਦੀ ਇਤਿਹਾਸਕ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਅਜਿਹਾ ਆਤਮ-ਨਿਰਭਰ, ਬਰਾਬਰੀ ਵਾਲਾ ਅਤੇ ਖੁਸ਼ਹਾਲ ਪੰਜਾਬ ਸਿਰਜਣਾ ਹੈ, ਜਿੱਥੇ ਹਰ ਨੌਜਵਾਨ ਨੂੰ ਆਪਣੇ ਹੀ ਸੂਬੇ ਵਿੱਚ ਸਨਮਾਨਜਨਕ ਰੁਜ਼ਗਾਰ ਅਤੇ ਹਰ ਬੱਚੇ ਨੂੰ ਉੱਚ ਮਿਆਰੀ ਸਿੱਖਿਆ ਪ੍ਰਾਪਤ ਹੋਵੇ।

ਪ੍ਰਸਿੱਧ ਸ਼ਾਇਰ ਡਾ. ਨਵਤੇਜ ਭਾਰਤੀ ਦੇ ਸ਼ਬਦਾਂ ਦਾ ਹਵਾਲਾ ਦਿੰਦਿਆਂ ਡਾ. ਬਲਜੀਤ ਕੌਰ ਨੇ ਕਿਹਾ, ÷ਕੰਮ ਕਰਦੇ ਹੱਥ ਜਦੋਂ ਇੱਕ ਦੂਜੇ ਨਾਲ ਮਿਲਦੇ ਹਨ ਤਾਂ ਇਹ ਦੁਨੀਆ ਜਿਊਣ ਜੋਗੀ ਹੋ ਜਾਂਦੀ ਹੈ। ਸਾਡੀ ਧਰਤੀ ਸੂਰਜ ਦੁਆਲੇ ਨਹੀਂ, ਸਗੋਂ ਮਿਹਨਤੀ ਹੱਥਾਂ ਦੁਆਲੇ ਘੁੰਮਦੀ ਹੈ।÷ ਉਨ੍ਹਾਂ ਕਿਹਾ ਕਿ ਇਹੀ ਸੋਚ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਭਲਾਈ ਯੋਜਨਾਵਾਂ ਦੀ ਪ੍ਰੇਰਣਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦਾ ਰੁਜ਼ਗਾਰ ਲਈ ਵਿਦੇਸ਼ਾਂ ਵੱਲ ਰੁਖ ਕਰਨਾ ਲੰਮੇ ਸਮੇਂ ਤੋਂ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਸੀ। ਪਿਛਲੇ ਚਾਰ ਸਾਲਾਂ ਦੌਰਾਨ ਮਾਨ ਸਰਕਾਰ ਨੇ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਸਿਰਜ ਕੇ ਇਸ ਰੁਝਾਨ ਨੂੰ ਬਦਲਣ ਦੀ ਸਾਰਥਕ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਸਮਾਜ ਦੇ ਹਰ ਵਰਗ ਨੂੰ ਵਿਕਾਸ ਅਤੇ ਖੁਸ਼ਹਾਲੀ ਦਾ ਬਰਾਬਰ ਦਾ ਭਾਗੀਦਾਰ ਬਣਾਉਣਾ ਹੈ।



ਆਪਣੇ ਹਲਕੇ ਦੀ ਮਿਸਾਲ ਦਿੰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪਿੰਡ ਫਕਰਸਰ ਦੇ 25 ਨੌਜਵਾਨਾਂ ਨੂੰ ਪਿਛਲੇ ਚਾਰ ਸਾਲਾਂ ਦੌਰਾਨ ਰੁਜ਼ਗਾਰ ਪ੍ਰਾਪਤ ਹੋਇਆ ਹੈ, ਜਿਨ੍ਹਾਂ ਵਿੱਚੋਂ 20 ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਹਨ।

ਉਨ੍ਹਾਂ ਕਿਹਾ ਕਿ ਇਹ ਇਸ ਗੱਲ ਦਾ ਸਬੂਤ ਹੈ ਕਿ ਸਰਕਾਰ ਦੀਆਂ ਨੀਤੀਆਂ ਦਾ ਲਾਭ ਸਮਾਜ ਦੇ ਲੋੜਵੰਦ ਅਤੇ ਪਛੜੇ ਵਰਗਾਂ ਤੱਕ ਸਿੱਧੇ ਤੌਰ 'ਤੇ ਪਹੁੰਚ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਤਿੰਨ ਸਾਲਾਂ ਤੱਕ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੀਆਂ ਸਕਾਲਰਸ਼ਿਪਾਂ ਰੋਕ ਕੇ ਹਜ਼ਾਰਾਂ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕੀਤਾ, ਜਦਕਿ ਮਾਨ ਸਰਕਾਰ ਨੇ ਸੱਤਾ ਸੰਭਾਲਦੇ ਹੀ ਇਸ ਯੋਜਨਾ ਨੂੰ ਮੁੜ ਸ਼ੁਰੂ ਕੀਤਾ ਅਤੇ ਲਾਭਪਾਤਰੀਆਂ ਦੀ ਗਿਣਤੀ ਵਿੱਚ 35 ਫ਼ੀਸਦੀ ਦਾ ਵਾਧਾ ਕੀਤਾ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਦੌਰਾਨ 10 ਲੱਖ ਤੋਂ ਵੱਧ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਾ ਲਾਭ ਮਿਲਿਆ ਹੈ।

ਉਨ੍ਹਾਂ ਕਿਹਾ ਕਿ 10 ਹਜ਼ਾਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਰਤੀ ਸਿਰਫ਼ ਸਰਕਾਰੀ ਨੌਕਰੀਆਂ ਦੇਣਾ ਨਹੀਂ, ਸਗੋਂ ਖ਼ਾਸ ਕਰਕੇ ਪੇਂਡੂ ਖੇਤਰਾਂ ਦੀਆਂ ਧੀਆਂ-ਭੈਣਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਵੱਲ ਇੱਕ ਇਤਿਹਾਸਕ ਕਦਮ ਹੈ। ਇਸ ਫ਼ੈਸਲੇ ਨਾਲ ਹਜ਼ਾਰਾਂ ਪਰਿਵਾਰਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਈ ਹੈ ਅਤੇ ਮਹਿਲਾਵਾਂ ਦਾ ਆਤਮ-ਵਿਸ਼ਵਾਸ ਤੇ ਆਰਥਿਕ ਸਵੈ-ਨਿਰਭਰਤਾ ਹੋਰ ਮਜ਼ਬੂਤ ਹੋਈ ਹੈ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੀਤੇ ਜਾ ਰਹੇ ਇਤਿਹਾਸਕ ਸੁਧਾਰਾਂ ਦੀ ਸ਼ਲਾਘਾ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਸਿੱਖਿਆ ਅਤੇ ਰੁਜ਼ਗਾਰ ਦਾ ਰਿਸ਼ਤਾ ਅਟੁੱਟ ਹੈ। ਉਨ੍ਹਾਂ ਪ੍ਰਸਿੱਧ ਕਵੀ ਡਾ. ਸੁਰਜੀਤ ਪਾਤਰ ਦੀਆਂ ਲਾਈਨਾਂ ਦਾ ਹਵਾਲਾ ਦਿੰਦਿਆਂ ਕਿਹਾ, ਕਿੰਨਾ ਗੂੜ੍ਹਾ ਸਾਕ ਹੈ ਅੱਖਰਾਂ ਅਤੇ ਰਿਜ਼ਕ ਦਾ।÷ ਉਨ੍ਹਾਂ ਕਿਹਾ ਕਿ ਗੁਣਵੱਤਾ ਭਰਪੂਰ ਸਿੱਖਿਆ ਹੀ ਟਿਕਾਊ ਰੁਜ਼ਗਾਰ ਅਤੇ ਸਮਾਜਿਕ ਤਰੱਕੀ ਦੀ ਸਭ ਤੋਂ ਮਜ਼ਬੂਤ ਨੀਂਹ ਹੈ।




# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਰਿਵਾਰ ਸਮੇਤ ਕੀਤੇ ਬਾਂਕੇ ਬਿਹਾਰੀ ਦੇ ਦਰਸ਼ਨ

- ਬ੍ਰਜ ਦੀ ਪਾਵਨ ਧਰਤੀ ਵ੍ਰਿੰਦਾਵਨ ਵਿੱਚ ਪੂਜਾ-ਅਰਚਨਾ ਕਰਕੇ ਸੂਬੇ ਦੀ ਸੁੱਖ-ਸਮਰੱਧੀ ਅਤੇ ਖੁਸ਼ਹਾਲੀ ਦੀ ਕਾਮਨਾ
- ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਵਿੱਚ ਰੱਖਿਆ ਪਹਿਲੀ ਮੰਜ਼ਿਲ ਦਾ ਨੀਂਹ ਪੱਥਰ

**ਚੰਡੀਗੜ੍ਹ, 5 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦੇਰ ਸ਼ਾਮ ਆਪਣੀ ਧਰਮ ਪਤਨੀ ਸੁਮਨ ਸੈਣੀ ਅਤੇ ਪੁੱਤਰ ਅਨਿਕੇਤ ਅਤੇ ਪੁੱਤਰੀ ਵੰਸ਼ਿਕਾ ਨਾਲ ਉੱਤਰ ਪ੍ਰਦੇਸ਼ ਦੇ ਵ੍ਰਿੰਦਾਵਨ ਸਥਿਤ ਵਿਸ਼ਵ-ਵਿਖਿਆਤ ਸ੍ਰੀ ਬਾਂਕੇ ਬਿਹਾਰੀ ਮੰਦਰ ਵਿੱਚ ਦਰਸ਼ਨ ਕਰਕੇ ਪੂਜਾ-ਅਰਚਨਾ ਕੀਤੀ। ਇਸ ਦੌਰਾਨ ਮੁੱਖ ਮੰਤਰੀ ਨੇ ਠਾਕੁਰ ਸ੍ਰੀ ਬਾਂਕੇ ਬਿਹਾਰੀ ਦੀ ਮੂਰਤੀ 'ਤੇ ਫੁੱਲਾਂ ਦੀ ਮਾਲਾ ਭੇਂਟ ਕੀਤੀ ਅਤੇ ਸੂਬਾ ਵਾਸੀਆਂ ਦੀ ਸੁੱਖ-ਸਮਰੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ।



ਉਨ੍ਹਾਂ ਕਿਹਾ ਕਿ ਇਹ ਮੇਰਾ ਸੁਭਾਗ ਹੈ ਕਿ ਮੈਨੂੰ ਅੱਜ ਇੱਥੇ ਵ੍ਰਿੰਦਾਵਨ ਦੀ ਪਾਵਨ ਧਰਤੀ 'ਤੇ ਸ੍ਰੀ ਬਾਂਕੇ ਬਿਹਾਰੀ ਲਾਲ ਸਮੇਤ ਰਾਧਾ ਵਲਭ ਲਾਲ ਜੀ ਅਤੇ ਹੋਰ ਧਾਰਮਿਕ ਸਥਲਾਂ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਹੈ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਨੇ ਇੱਥੇ ਅਨੇਕਾਂ ਲੀਲ੍ਹਾਵਾਂ ਰਚੀਆਂ ਹਨ ਅਤੇ ਇੱਥੋਂ ਦਾ ਕਣ-ਕਣ ਪਵਿੱਤਰ ਹੈ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਹਰਿਆਣਾ ਸੂਬੇ ਦੀ ਪਵਿੱਤਰ ਧਰਮਨਗਰੀ ਕੁਰੂਕਸ਼ੇਤਰ ਵਿੱਚ ਇੱਥੋਂ ਹੀ ਪਰਿਵਾਰ ਸਮੇਤ ਗਏ ਸਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਿਰਧਾਰਤ ਪ੍ਰੋਗਰਾਮ ਅਨੁਸਾਰ ਵ੍ਰਿੰਦਾਵਨ ਪਹੁੰਚੇ, ਜਿੱਥੇ ਮੰਦਰ ਪ੍ਰਸ਼ਾਸਨ ਅਤੇ ਸ਼ਰਧਾਲੂਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਮੰਦਰ ਵਿੱਚ ਵਿਧੀ-ਵਿਧਾਨ ਨਾਲ ਪੂਜਾ-ਅਰਚਨਾ ਕਰਨ ਤੋਂ ਬਾਅਦ ਉਨ੍ਹਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਚਰਨਾਂ ਵਿੱਚ ਸੂਬੇ ਦੇ ਸਰਵਪੱਖੀ ਵਿਕਾਸ, ਕਿਸਾਨਾਂ ਦੀ ਸਮਰੱਧੀ, ਨੌਜਵਾਨਾਂ ਦੇ ਉੱਜਵਲ ਭਵਿੱਖ ਅਤੇ ਦੇਸ਼ ਦੀ ਉੱਨਤੀ ਲਈ ਪ੍ਰਾਰਥਨਾ ਕੀਤੀ। ਇਸ ਤੋਂ ਬਾਅਦ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਰਿਵਾਰ ਸਮੇਤ ਸ੍ਰੀ ਰਾਧਾ ਵਲਭ ਲਾਲ ਜੀ ਮੰਦਰ ਅਤੇ ਸ੍ਰੀ ਕ੍ਰਿਪਾ ਧਾਮ ਪਹੁੰਚ ਕੇ ਉੱਥੇ ਪਰਿਵਾਰ ਸਮੇਤ ਭਗਵਾਨ ਦੇ ਦਰਸ਼ਨ ਕੀਤੇ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਧਰਮ ਪਤਨੀ ਸੁਮਨ ਸੈਣੀ ਅਤੇ ਪੁੱਤਰ ਅਤੇ ਧੀ ਨਾਲ ਮੰਦਰ ਪਰਿਸਰ ਵਿੱਚ ਕੁਝ ਸਮੇਂ ਤੱਕ ਰੁਕੇ ਅਤੇ ਸ਼ਰਧਾ ਤੇ ਭਗਤੀ ਭਾਵ ਨਾਲ ਠਾਕੁਰ ਜੀ ਦੇ ਦਰਸ਼ਨ ਕੀਤੇ। ਇਸ ਮੌਕੇ ਮੰਦਰ ਵਿੱਚ ਮੌਜੂਦ ਸ਼ਰਧਾਲੂਆਂ ਨੇ ਵੀ ਮੁੱਖ ਮੰਤਰੀ ਦਾ ਸੁਆਗਤ ਕੀਤਾ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਨਾਲ ਮੁਲਾਕਾਤ ਕੀਤੀ ਅਤੇ ਧਾਰਮਿਕ ਆਸਥਾ ਦੇ ਇਸ ਪਾਵਨ ਮੌਕੇ ਨੂੰ ਸਾਂਝਾ ਕੀਤਾ।

**ਵ੍ਰਿੰਦਾਵਨ ਦੀ ਧੂੜ ਭਗਤਾਂ ਲਈ ਚੰਦਨ ਦੇ ਸਮਾਨ ਹੈ: ਮੁੱਖ ਮੰਤਰੀ**

ਮੁੱਖ ਮੰਤਰੀ ਨੇ ਕਿਹਾ ਕਿ ਵ੍ਰਿੰਦਾਵਨ ਦੀ ਪਾਵਨ ਭੂਮੀ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਹੈ। ਸ੍ਰੀ ਬਾਂਕੇ ਬਿਹਾਰੀ ਜੀ ਦੇ ਦਰਸ਼ਨਾਂ ਨਾਲ ਆਤਮਿਕ ਸ਼ਾਂਤੀ ਅਤੇ ਸਕਾਰਾਤਮਕ ਊਰਜਾ ਦਾ ਅਨੁਭਵ ਹੁੰਦਾ ਹੈ। ਵ੍ਰਿੰਦਾਵਨ ਦੀ ਧੂੜ ਭਗਤਾਂ ਲਈ ਚੰਦਨ ਦੇ ਸਮਾਨ ਹੈ। ਇਹ ਸਿਰਫ ਵ੍ਰਿੰਦਾਵਨ ਨਹੀਂ, ਸਗੋਂ ਉਹ ਪਾਵਨ ਭੂਮੀ ਹੈ ਜਿੱਥੇ ਪ੍ਰੇਮ ਦਾ ਪਰਮਾਤਮਾ ਨਾਲ ਪੂਰਨ ਮਿਲਣ ਹੋਇਆ। ਇਹੋ ਉਹ ਧਾਰਾ ਹੈ ਜਿੱਥੇ ਭਗਵਾਨ ਸ੍ਰੀ ਕ੍ਰਿਸ਼ਨ ਨੇ ਆਪਣੇ ਬਚਪਨ ਦੀਆਂ ਲੀਲ੍ਹਾਵਾਂ ਕੀਤੀਆਂ, ਮੱਖਣ ਚੋਰੀ ਕੀਤਾ, ਕਾਲੀਆ ਨਾਗ ਦਾ ਮਰਦਨ ਕੀਤਾ ਅਤੇ ਗੋਵਰਧਨ ਪਰਬਤ ਚੁੱਕ ਕੇ ਸਮੂਹ ਬ੍ਰਜਵਾਸੀਆਂ ਦੀ ਰੱਖਿਆ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪਾਵਨ ਭੂਮੀ 'ਤੇ ਆਉਣਾ ਉਨ੍ਹਾਂ ਦਾ ਪਰਮ ਸੁਭਾਗ ਹੈ। ਇੱਥੇ ਆਉਣ ਵਾਲਾ ਹਰੇਕ ਸ਼ਰਧਾਲੂ ਆਪਣੇ ਅੰਦਰ ਈਸ਼ਵਰ ਦੀ ਅਨੁਭੂਤੀ ਕਰਦਾ ਹੈ। ਅੱਜ ਉਨ੍ਹਾਂ ਨੂੰ ਵੀ ਇਸ ਪਵਿੱਤਰ ਧਾਰਾ 'ਤੇ ਆਉਣ ਦਾ ਮੌਕਾ ਮਿਲਿਆ, ਜੋ ਉਨ੍ਹਾਂ ਲਈ ਬਹੁਤ ਹੀ ਸੁਭਾਗ ਦੀ ਗੱਲ ਹੈ। ਇਸ ਲਈ ਉਨ੍ਹਾਂ ਨੇ ਗੀਤਾ ਮਨੀਸ਼ੀ ਸਵਾਮੀ ਸ੍ਰੀ ਗਿਆਨਾਨੰਦ ਜੀ ਮਹਾਰਾਜ ਦਾ ਧੰਨਵਾਦ ਕੀਤਾ।

**ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਵਿੱਚ ਰੱਖਿਆ ਪਹਿਲੀ ਮੰਜ਼ਿਲ ਦਾ ਨੀਂਹ ਪੱਥਰ**

ਮੁੱਖ ਮੰਤਰੀ ਨੇ ਇੱਥੇ ਕੀਤੇ ਗਏ ਪ੍ਰਸਤਾਵਿਤ ਸਤਿਸੰਗ ਅਤੇ ਰਿਹਾਇਸ਼ੀ ਪਰਿਸਰ ਦੇ ਪਹਿਲੀ ਮੰਜ਼ਿਲ ਦੇ ਨੀਂਹ ਪੱਥਰ ਦੀ ਸਾਰੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਸ ਨਾਲ ਇੱਥੇ ਆਉਣ ਵਾਲੇ ਭਗਤਾਂ ਨੂੰ ਕਾਫ਼ੀ ਸਹੂਲਤ ਅਤੇ ਲਾਭ ਮਿਲੇਗਾ। ਉਨ੍ਹਾਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਅਤੇ ਰਾਧਾਰਾਣੀ ਤੋਂ ਸੂਬੇ ਦੀ ਸੁੱਖ-ਸਮਰੱਧੀ, ਖੁਸ਼ਹਾਲੀ ਅਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਈਸ਼ਵਰ ਤੋਂ ਇਹੀ ਪ੍ਰਾਰਥਨਾ ਹੈ ਕਿ ਹਰਿਆਣਾ ਨਿਰੰਤਰ ਵਿਕਾਸ ਦੇ ਮਾਰਗ 'ਤੇ ਅੱਗੇ ਵਧਦਾ ਰਹੇ, ਸੂਬੇ ਦੇ ਹਰੇਕ ਪਰਿਵਾਰ ਵਿੱਚ ਸੁੱਖ-ਸਮਰੱਧੀ ਬਣੀ ਰਹੇ ਅਤੇ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਹੋਰ ਵੱਧ ਮਜ਼ਬੂਤ ਹੋਵੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵ੍ਰਿੰਦਾਵਨ ਸਥਿਤ ਸ੍ਰੀ ਕ੍ਰਿਸ਼ਨ ਕ੍ਰਿਪਾ ਧਾਮ ਪਹੁੰਚ ਕੇ ਪ੍ਰਸਤਾਵਿਤ ਸਤਿਸੰਗ ਅਤੇ ਰਿਹਾਇਸ਼ੀ ਪਰਿਸਰ ਦੇ ਪਹਿਲੀ ਮੰਜ਼ਿਲ ਦੇ ਨਿਰਮਾਣ ਕਾਰਜ ਦਾ ਵਿਧੀਵਤ ਨੀਂਹ ਪੱਥਰ ਰੱਖਿਆ। ਇਹ ਨਿਰਮਾਣ ਕਾਰਜ ਗੀਤਾ ਮਨੀਸ਼ੀ ਸਵਾਮੀ ਸ੍ਰੀ ਗਿਆਨਾਨੰਦ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਕਰਵਾਇਆ ਜਾ ਰਿਹਾ ਹੈ। ਮੁੱਖ ਮੰਤਰੀ ਨੇ ਵੈਦਿਕ ਮੰਤਰ ਉਚਾਰਨ ਦੇ ਵਿਚਕਾਰ ਨੀਂਹ ਪੱਥਰ ਰੱਖ ਕੇ ਪਰਿਸਰ ਦੇ ਵਿਕਾਸ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮੁੱਖ ਮੰਤਰੀ ਨੇ ਸੰਤ-ਮਹਾਤਮਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਆਤ ?ਮਿਕ ਤੇ ਸਮਾਜਿਕ ਕਾਰਜਾਂ ਵਿੱਚ ਸੰਸਥਾਨ ਦੀ ਭੂਮੀ ਦੀ ਸ਼ਲਾਘਾ ਕੀਤੀ।

ਪ੍ਰੋਗਰਾਮ ਵਿੱਚ ਮੌਜੂਦ ਸ਼ਰਧਾਲੂਆਂ ਅਤੇ ਪਤਵੰਤੇ ਲੋਕਾਂ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ।

ਇਸ ਯਾਤਰਾ ਦੌਰਾਨ ਉਨ੍ਹਾਂ ਦੇ ਨਾਲ ਹਰਿਆਣਾ ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ ਰਾਜੇਸ਼ ਨਾਗਰ, ਹਰਿਆਣਾ ਭਾਜਪਾ ਸੰਗਠਨ ਮਹਾਮੰਤਰੀ ਫਣੀਂਦਰਨਾਥ ਸ਼ਰਮਾ ਅਤੇ ਹੋਰ ਪਤਵੰਤੇ ਵਿਅਕਤੀ ਵੀ ਮੌਜੂਦ ਰਹੇ।

## ਸੰਪਾਦਕੀ

### ਕਿਸਾਨੀ ਦਾ ਭਵਿੱਖ: ਰਵਾਇਤੀ ਖੇਤੀ, ਵਿਭਿੰਨਤਾ ਜਾਂ ਕੁਦਰਤ ਨਾਲ ਜੰਗ ?

ਕਦੇ ਪੰਜਾਬ ਨੂੰ ਭਾਰਤ ਦਾ ਅੰਨ ਭੰਡਾਰ ਕਿਹਾ ਜਾਂਦਾ ਸੀ। ਅੱਜ ਵੀ ਇਹ ਸਨਮਾਨ ਸਾਡੇ ਕਿਸਾਨ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਪਰ ਇੱਕ ਸਵਾਲ ਅੱਜ ਪੂਰੇ ਸਮਾਜ ਦੇ ਸਾਹਮਣੇ ਖੜ੍ਹਾ ਹੈ—ਕੀ ਅਸੀਂ ਵੱਧ ਉਤਪਾਦਨ ਦੀ ਅੰਨ੍ਹੀ ਦੌੜ ਵਿੱਚ ਆਪਣੀ ਧਰਤੀ, ਪਾਣੀ, ਹਵਾ ਅਤੇ ਮਨੁੱਖੀ ਸਿਹਤ ਨੂੰ ਦਾਅ 'ਤੇ ਲਾ ਦਿੱਤਾ ਹੈ ?

ਹਰੀ ਕ੍ਰਾਂਤੀ ਨੇ ਪੰਜਾਬ ਨੂੰ ਖੁਸ਼ਹਾਲੀ ਦਿੱਤੀ, ਪਰ ਸਮੇਂ ਦੇ ਨਾਲ ਇਸ ਦੇ ਕੁਝ ਮਾੜੇ ਪ੍ਰਭਾਵ ਵੀ ਸਾਹਮਣੇ ਆਏ। ਰਸਾਇਣਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਧਦੀ ਵਰਤੋਂ, ਮਿੱਟੀ ਦੀ ਘਟਦੀ ਉਪਜਾਊ ਸ਼ਕਤੀ, ਡਿੱਗਦਾ ਭੂ-ਜਲ ਪੱਧਰ, ਉਦਯੋਗਿਕ ਪ੍ਰਦੂਸ਼ਣ ਅਤੇ ਖੇਤੀ ਦੀ ਵਧਦੀ ਲਾਗਤ ਅੱਜ ਗੰਭੀਰ ਚਿੰਤਾ ਦੇ ਵਿਸ਼ੇ ਹਨ। ਕਈ ਵਿਗਿਆਨਕ ਅਧਿਐਨ ਇਹ ਦਰਸਾਉਂਦੇ ਹਨ ਕਿ ਵਾਤਾਵਰਣ, ਖੁਰਾਕ, ਜੀਵਨ-ਸ਼ੈਲੀ ਅਤੇ ਪ੍ਰਦੂਸ਼ਣ ਵਰਗੇ ਕਈ ਕਾਰਕ ਲੋਕਾਂ ਦੀ ਸਿਹਤ 'ਤੇ ਅਸਰ ਪਾਉਂਦੇ ਹਨ। ਇਸ ਲਈ ਸਿਹਤ ਅਤੇ ਖੇਤੀ ਨਾਲ ਜੁੜੇ ਹਰ ਮੁੱਦੇ 'ਤੇ ਤੱਥ-ਅਧਾਰਿਤ ਖੋਜ ਅਤੇ ਜ਼ਿੰਮੇਵਾਰ ਨੀਤੀ-ਨਿਰਮਾਣ ਦੀ ਲੋੜ ਹੈ।

ਅੱਜ ਬਾਜ਼ਾਰ ਵਿੱਚ ਚਮਕਦਾਰ ਦਿਖਣ ਵਾਲੇ ਫਲ ਅਤੇ ਸਬਜ਼ੀਆਂ ਖਪਤਕਾਰ ਨੂੰ ਖਿੱਚਦੇ ਹਨ, ਪਰ ਲੋਕਾਂ ਦੇ ਮਨ ਵਿੱਚ ਇਹ ਸਵਾਲ ਵੀ ਹੈ ਕਿ ਕੀ ਉਤਪਾਦਨ ਅਤੇ ਸਪਲਾਈ ਦੀ ਦੌੜ ਵਿੱਚ ਹਰ ਪੜਾਅ 'ਤੇ ਖੁਰਾਕ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਪੂਰੀ ਤਰ੍ਹਾਂ ਯਕੀਨੀ ਬਣਾਇਆ ਜਾ ਰਿਹਾ ਹੈ ? ਇਹ ਚਿੰਤਾ ਸਿਰਫ਼ ਕਿਸਾਨ ਦੀ ਨਹੀਂ, ਸਗੋਂ ਹਰ ਉਸ ਪਰਿਵਾਰ ਦੀ ਹੈ ਜੋ ਆਪਣੇ ਬੱਚਿਆਂ ਲਈ ਸਿਹਤਮੰਦ ਭੋਜਨ ਚਾਹੁੰਦਾ ਹੈ।

ਇਸ ਤੋਂ ਵੀ ਵੱਡੀ ਤ੍ਰਾਸਦੀ ਇਹ ਹੈ ਕਿ ਦੇਸ਼ ਦਾ ਢਿੱਡ ਭਰਨ ਵਾਲਾ ਕਿਸਾਨ ਖੁਦ ਆਰਥਿਕ ਅਸੁਰੱਖਿਆ ਵਿੱਚ ਜੀਵਨ ਬਿਤਾ ਰਿਹਾ ਹੈ। ਵਧਦੀ ਲਾਗਤ, ਘਟਦਾ ਮੁਨਾਫ਼ਾ, ਕਰਜ਼ੇ ਦਾ ਬੋਝ, ਮੌਸਮੀ ਅਨਿਸ਼ਚਿਤਤਾ ਅਤੇ ਮੰਡੀ ਪ੍ਰਣਾਲੀ ਦੀਆਂ ਚੁਣੌਤੀਆਂ ਉਸ ਨੂੰ ਨਿਰਾਸ਼ ਕਰ ਰਹੀਆਂ ਹਨ। ਆਪਣੀਆਂ ਜਾਇਜ਼ ਮੰਗਾਂ ਲਈ ਉਸ ਨੂੰ ਵਾਰ-ਵਾਰ ਸੜਕਾਂ 'ਤੇ ਉਤਰਨਾ ਪੈਂਦਾ ਹੈ। ਜਦੋਂ ਅੰਨਦਾਤਾ ਹੀ ਅਸੁਰੱਖਿਅਤ ਹੋਵੇ, ਤਾਂ ਦੇਸ਼ ਦੀ ਖੁਰਾਕ ਸੁਰੱਖਿਆ ਵੀ ਲੰਬੇ ਸਮੇਂ ਤੱਕ ਮਜ਼ਬੂਤ ਨਹੀਂ ਰਹਿ ਸਕਦੀ।

ਇਸ ਦਾ ਅਸਰ ਪੰਜਾਬ ਦੇ ਨੌਜਵਾਨਾਂ 'ਤੇ ਵੀ ਸਪੱਸ਼ਟ ਦਿਖਾਈ ਦਿੰਦਾ ਹੈ। ਖੇਤੀ ਹੁਣ ਉਨ੍ਹਾਂ ਨੂੰ ਭਵਿੱਖ ਦੀ ਬਜਾਏ ਸੰਘਰਸ਼ ਦਾ ਰਸਤਾ ਦਿਖਾਈ ਦਿੰਦੀ ਹੈ। ਨਤੀਜੇ ਵਜੋਂ ਪਰਵਾਸ ਵਧ ਰਿਹਾ ਹੈ, ਪਿੰਡ ਖਾਲੀ ਹੋ ਰਹੇ ਹਨ ਅਤੇ ਪੰਜਾਬ ਦੀ ਸੱਭਿਆਚਾਰਕ ਰੂਹ ਹੌਲੀ-ਹੌਲੀ ਕਮਜ਼ੋਰ ਹੋ ਰਹੀ ਹੈ। ਇਹ ਸਿਰਫ਼ ਆਰਥਿਕ ਨਹੀਂ, ਸਗੋਂ ਸਮਾਜਿਕ ਅਤੇ ਸੱਭਿਆਚਾਰਕ ਸੰਕਟ ਵੀ ਹੈ।

ਹੁਣ ਸਮਾਂ ਆ ਗਿਆ ਹੈ ਕਿ ਅਸੀਂ ਸਿਰਫ਼ ਉਤਪਾਦਨ ਨਹੀਂ, ਸਗੋਂ ਟਿਕਾਊ ਵਿਕਾਸ ਦੀ ਗੱਲ ਕਰੀਏ। ਵਿਭਿੰਨ ਫ਼ਸਲਾਂ, ਕੁਦਰਤੀ ਸਰੋਤਾਂ ਦੀ ਸੰਭਾਲ, ਮਿੱਟੀ ਅਤੇ ਪਾਣੀ ਦੀ ਸਿਹਤ, ਖੇਤੀ ਵਿੱਚ ਵਿਗਿਆਨਕ ਨਵੀਨਤਾ, ਭੋਜਨ ਸੁਰੱਖਿਆ ਦੇ ਉੱਚ ਮਾਪਦੰਡ ਅਤੇ ਕਿਸਾਨ ਨੂੰ ਉਸ ਦੀ ਮਿਹਨਤ ਦਾ ਨਿਆਂਪੂਰਨ ਮੁੱਲ—ਇਹੀ ਪੰਜਾਬ ਦੀ ਨਵੀਂ ਖੇਤੀ ਨੀਤੀ ਦਾ ਆਧਾਰ ਹੋਣਾ ਚਾਹੀਦਾ ਹੈ।

ਨਾਲ ਹੀ, ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਭਾਈਚਾਰਾ ਵੀ ਪੰਜਾਬ ਦੇ ਨਵੇਂ ਪੁਨਰ-ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਜੇਕਰ ਐਨਆਰਆਈ ਪੰਜਾਬੀ ਟਿਕਾਊ ਖੇਤੀ, ਖੇਤੀ-ਅਧਾਰਿਤ ਉਦਯੋਗ, ਖੋਜ, ਸਿੱਖਿਆ ਅਤੇ ਪਿੰਡਾਂ ਦੇ ਵਿਕਾਸ ਵਿੱਚ ਨਿਵੇਸ਼ ਕਰਨ, ਤਾਂ ਪੰਜਾਬ ਮੁੜ ਖੁਸ਼ਹਾਲੀ ਵੱਲ ਵਧ ਸਕਦਾ ਹੈ।

ਅੱਜ ਲੋੜ ਦੋਸ਼ ਲਗਾਉਣ ਦੀ ਨਹੀਂ, ਸਗੋਂ ਸਾਂਝੇ ਹੱਲ ਲੱਭਣ ਦੀ ਹੈ। ਸਰਕਾਰਾਂ, ਵਿਗਿਆਨੀ, ਖੇਤੀ ਯੂਨੀਵਰਸਿਟੀਆਂ, ਕਿਸਾਨ ਜਥੇਬੰਦੀਆਂ, ਉਦਯੋਗ ਜਗਤ ਅਤੇ ਸਮਾਜ—ਸਭ ਨੂੰ ਇੱਕੋ ਮੇਜ਼ 'ਤੇ ਬੈਠ ਕੇ ਪੰਜਾਬ ਦੀ ਖੇਤੀ ਦਾ ਨਵਾਂ ਰੋਡਮੈਪ ਤਿਆਰ ਕਰਨਾ ਹੋਵੇਗਾ।

ਕਿਉਂਕਿ ਇਹ ਸਿਰਫ਼ ਖੇਤੀ ਦਾ ਨਹੀਂ, ਸਗੋਂ ਪੰਜਾਬ ਦੀ ਹੋਂਦ, ਪੰਜਾਬੀਅਤ ਦੀ ਪਹਿਚਾਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦਾ ਸਵਾਲ ਹੈ। ਜੇ ਅੱਜ ਅਸੀਂ ਕੁਦਰਤ ਨਾਲ ਜੰਗ ਛੇੜਾਂਗੇ ਤਾਂ ਕੱਲ੍ਹ ਕੁਦਰਤ ਸਾਨੂੰ ਮਾਫ਼ ਨਹੀਂ ਕਰੇਗੀ। ਪਰ ਜੇ ਅਸੀਂ ਕੁਦਰਤ ਨਾਲ ਸੰਤੁਲਨ ਬਣਾਵਾਂਗੇ, ਤਾਂ ਪੰਜਾਬ ਇੱਕ ਵਾਰ ਫਿਰ ਰੰਗਲਾ, ਖੁਸ਼ਹਾਲ ਅਤੇ ਦੁਨੀਆ ਲਈ ਮਿਸਾਲ ਬਣ ਸਕਦਾ ਹੈ। **-ਛੱਤਰਪਾਲ ਸਿੰਘ**

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪੰਜਾਬ ਦੀ ਦਸ਼ਾ - ਦਿਸ਼ਾ - ਚੁਣੌਤੀਆਂ - ਹੱਲ



ਗੁਰਮੀਤ ਸਿੰਘ ਤੰਗ
ਬਿਊਰੋ ਚੀਫ਼.
9855221193

ਪੰਜਾਬ ਸਿਰਫ਼ ਇੱਕ ਭੂਗੋਲਿਕ ਇਕਾਈ ਨਹੀਂ, ਸਗੋਂ ਦੇਸ਼ ਦੀ ਖੁਰਾਕ ਸੁਰੱਖਿਆ, ਸਰਹੱਦੀ ਸੁਰੱਖਿਆ, ਉਦਯੋਗਿਕ ਸਮਰੱਥਾ ਅਤੇ ਅਮੀਰ ਸੱਭਿਆਚਾਰਕ ਵਿਰਾਸਤ ਦਾ ਪ੍ਰਤੀਕ ਹੈ। ਹਰਿਤ ਕ੍ਰਾਂਤੀ ਤੋਂ ਲੈ ਕੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਤੱਕ, ਪੰਜਾਬ ਨੇ ਹਰ ਮੋਰਚੇ 'ਤੇ ਅਹਿਮ ਯੋਗਦਾਨ ਦਿੱਤਾ ਹੈ। ਪਰ ਅੱਜ ਇਹੀ ਪੰਜਾਬ ਇੱਕ ਅਜਿਹੇ ਦੌਰ ਵਿੱਚੋਂ ਲੰਘ ਰਿਹਾ ਹੈ ਜਿੱਥੇ ਉਮੀਦਾਂ ਵੀ ਹਨ ਅਤੇ ਗੰਭੀਰ ਚੁਣੌਤੀਆਂ ਵੀ।

ਰਾਜ ਦੀ ਅਰਥਵਿਵਸਥਾ ਵਿੱਚ ਸੇਵਾ, ਉਦਯੋਗ ਅਤੇ ਖੇਤੀਬਾੜੀ ਤਿੰਨੇ ਮਹੱਤਵਪੂਰਨ ਹਿੱਸੇਦਾਰ ਹਨ। 2026-27 ਦੇ ਬਜਟ ਅਨੁਸਾਰ ਪੰਜਾਬ ਦੀ ਅਰਥਵਿਵਸਥਾ ਵਿੱਚ ਖੇਤੀਬਾੜੀ ਦਾ ਹਿੱਸਾ ਲਗਭਗ 23 ਫ਼ੀਸਦੀ, ਉਦਯੋਗ ਦਾ 29 ਫ਼ੀਸਦੀ ਅਤੇ ਸੇਵਾ ਖੇਤਰ ਦਾ 48 ਫ਼ੀਸਦੀ ਹੈ। ਇਹ ਦਰਸਾਉਂਦਾ ਹੈ ਕਿ ਪੰਜਾਬ ਨੂੰ ਭਵਿੱਖ ਵਿੱਚ ਸਿਰਫ਼ ਖੇਤੀ ਹੀ ਨਹੀਂ, ਸਗੋਂ ਉਦਯੋਗ, ਸੇਵਾਵਾਂ ਅਤੇ ਨਵੀਨਤਾ 'ਤੇ ਵੀ ਇੱਕਸਾਰ ਧਿਆਨ ਦੇਣਾ ਹੋਵੇਗਾ।

ਸਿੱਖਿਆ ਦੇ ਖੇਤਰ ਵਿੱਚ ਪੰਜਾਬ ਲਈ ਉਤਸ਼ਾਹਜਨਕ ਸੰਕੇਤ ਮਿਲੇ ਹਨ। ਹਾਲੀਆ ਰਿਪੋਰਟਾਂ ਅਨੁਸਾਰ ਸਕੂਲੀ ਸਿੱਖਿਆ ਦੇ ਕਈ ਮਾਪਦੰਡਾਂ 'ਤੇ ਪੰਜਾਬ ਨੇ ਮਹੱਤਵਪੂਰਨ ਸੁਧਾਰ ਦਰਜ ਕੀਤੇ ਹਨ ਅਤੇ ਦੇਸ਼ ਦੇ ਅਗੇਤਰੇ ਸੂਬਿਆਂ ਵਿੱਚ ਆਪਣੀ ਥਾਂ ਬਣਾਈ ਹੈ। ਇਹ ਸਾਬਤ ਕਰਦਾ ਹੈ ਕਿ ਜੇਕਰ ਨੀਤੀ, ਪ੍ਰਸ਼ਾਸਨ ਅਤੇ ਅਧਿਆਪਕਾਂ ਦੀ ਮਿਹਨਤ ਇੱਕ ਦਿਸ਼ਾ ਵਿੱਚ ਹੋਵੇ, ਤਾਂ ਸਰਕਾਰੀ ਪ੍ਰਣਾਲੀਆਂ ਵੀ ਉੱਤਮ ਨਤੀਜੇ ਦੇ ਸਕਦੀਆਂ ਹਨ।

ਪਰ ਸਿਰਫ਼ ਇੱਕ ਖੇਤਰ ਵਿੱਚ ਮਿਲੀ ਸਫ਼ਲਤਾ ਪੰਜਾਬ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਨਹੀਂ। ਖੇਤੀ ਅੱਜ ਵੀ ਸੰਕਟ ਦੇ ਦੌਰ ਵਿੱਚ ਹੈ। ਮਿੱਟੀ ਦੀ ਉਪਜਾਊ ਸ਼ਕਤੀ ਘਟ ਰਹੀ ਹੈ, ਭੂ-ਜਲ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ, ਫ਼ਸਲੀ ਵਿਭਿੰਨਤਾ ਦੀ ਰਫ਼ਤਾਰ ਧੀਮੀ ਹੈ ਅਤੇ ਕਿਸਾਨ ਨੂੰ ਆਪਣੀ ਉਪਜ ਦਾ ਵਾਜਬ ਮੁੱਲ ਮਿਲਣਾ ਅਜੇ ਵੀ ਇੱਕ ਵੱਡੀ ਚੁਣੌਤੀ ਹੈ। NITI Aayog ਤਹਿਤ ਜਲ ਸਰੋਤਾਂ ਦੀ ਸੰਭਾਲ ਅਤੇ ਟਿਕਾਊ ਖੇਤੀ ਨੂੰ ਅਪਣਾਉਣ ਦੀ ਲੋੜ ਪਹਿਲਾਂ ਨਾਲੋਂ ਕਈ ਗੁਣਾ ਵੱਧ ਗਈ ਹੈ।

ਆਰਥਿਕ ਮੋਰਚੇ 'ਤੇ ਵੀ ਪੰਜਾਬ ਨੂੰ ਸਖ਼ਤ ਫ਼ੈਸਲਿਆਂ ਦੀ ਲੋੜ ਹੈ। ਰਾਜ ਦੀ ਵਿੱਤੀ ਸਥਿਤੀ, ਕਰਜ਼ੇ ਦਾ ਬੋਝ, ਨਿਵੇਸ਼ ਨੂੰ ਆਕਰਸ਼ਿਤ ਕਰਨ ਦੀ ਸਮਰੱਥਾ ਅਤੇ ਨਵੇਂ ਉਦਯੋਗਾਂ ਦੀ ਸਥਾਪਨਾ ਅਜੇ ਵੀ ਨੀਤੀ-ਨਿਰਮਾਤਾਵਾਂ ਲਈ ਚਿੰਤਾ ਦੇ ਵਿਸ਼ੇ ਹਨ। ਹਾਲੀਆ ਵਿਸ਼ਲੇਸ਼ਣਾਂ ਵਿੱਚ ਪੰਜਾਬ ਨੂੰ ਵਿੱਤੀ ਅਨੁਸ਼ਾਸਨ ਅਤੇ ਨਿਵੇਸ਼-ਅਨੁਕੂਲ ਮਾਹੌਲ ਮਜ਼ਬੂਤ ਕਰਨ ਦੀ ਲੋੜ ਵੱਲ ਵੀ ਇਸ਼ਾਰਾ ਕੀਤਾ ਗਿਆ ਹੈ।

ਇਸ ਤੋਂ ਇਲਾਵਾ, ਨਸ਼ਿਆਂ ਦਾ ਮੁੱਦਾ, ਨੌਜਵਾਨਾਂ ਦਾ ਵਿਦੇਸ਼ਾਂ ਵੱਲ ਵਧਦਾ ਰੁਝਾਨ, ਬੇਰੁਜ਼ਗਾਰੀ, ਸਰਹੱਦੀ ਜ਼ਿਲ੍ਹਿਆਂ ਦੀਆਂ ਸੁਰੱਖਿਆ ਚੁਣੌਤੀਆਂ ਅਤੇ ਵਾਤਾਵਰਣੀ ਪ੍ਰਦੂਸ਼ਣ ਵਰਗੇ ਮੁੱਦੇ ਸਮਾਜ ਅਤੇ ਸਰਕਾਰ ਦੋਵਾਂ ਲਈ ਲੰਬੇ ਸਮੇਂ ਦੀਆਂ ਚੁਣੌਤੀਆਂ ਹਨ। ਇਨ੍ਹਾਂ ਦਾ ਹੱਲ ਸਿਰਫ਼ ਰਾਜਨੀਤਿਕ ਬਿਆਨਾਂ ਨਾਲ ਨਹੀਂ, ਸਗੋਂ ਪਾਰਦਰਸ਼ੀ ਪ੍ਰਸ਼ਾਸਨ, ਪ੍ਰਭਾਵਸ਼ਾਲੀ ਕਾਨੂੰਨ ਲਾਗੂ ਕਰਨ ਅਤੇ ਸਮਾਜਿਕ ਭਾਗੀਦਾਰੀ ਨਾਲ ਹੀ ਸੰਭਵ ਹੈ।

ਇਸ ਦੇ ਨਾਲ ਹੀ ਪੰਜਾਬ ਕੋਲ ਅਸਾਧਾਰਣ ਸੰਭਾਵਨਾਵਾਂ ਵੀ ਹਨ। ਖੇਤੀ-ਅਧਾਰਿਤ ਉਦਯੋਗ, ਫੂਡ ਪ੍ਰੋਸੈਸਿੰਗ, ਸੂਖਮ, ਛੋਟੇ ਅਤੇ ਦਰਮਿਆਨੇ ਉਦਯੋਗ (MSMEs), ਸੂਚਨਾ ਤਕਨਾਲੋਜੀ, ਨਵਿਆਉਣਯੋਗ ਊਰਜਾ, ਮੈਡੀਕਲ ਸਿੱਖਿਆ, ਖੇਡਾਂ ਅਤੇ ਧਾਰਮਿਕ-ਸੱਭਿਆਚਾਰਕ ਸੈਰ-ਸਪਾਟਾ ਪੰਜਾਬ ਦੀ ਆਰਥਿਕਤਾ ਨੂੰ ਨਵੀਂ ਰਫ਼ਤਾਰ ਦੇ ਸਕਦੇ ਹਨ। ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਭਾਈਚਾਰਾ ਵੀ ਨਿਵੇਸ਼, ਤਕਨਾਲੋਜੀ ਅਤੇ ਵਿਸ਼ਵ ਪੱਧਰੀ ਤਜਰਬੇ ਰਾਹੀਂ ਇਸ ਬਦਲਾਅ ਦਾ ਭਾਗੀਦਾਰ ਬਣ ਸਕਦਾ ਹੈ।

ਸਭ ਤੋਂ ਵੱਡੀ ਲੋੜ ਰਾਜਨੀਤਿਕ ਪਰਿਪੱਕਤਾ ਦੀ ਹੈ। ਪੰਜਾਬ ਦਾ ਭਵਿੱਖ ਕਿਸੇ ਇੱਕ ਪਾਰਟੀ ਜਾਂ ਇੱਕ ਸਰਕਾਰ ਦਾ ਨਹੀਂ, ਸਗੋਂ 3 ਕਰੋੜ ਤੋਂ ਵੱਧ ਪੰਜਾਬੀਆਂ ਦਾ ਸਾਂਝਾ ਮੁੱਦਾ ਹੈ। ਸਰਕਾਰਾਂ ਬਦਲਦੀਆਂ ਰਹਿਣਗੀਆਂ, ਪਰ ਵਿਕਾਸ ਦੀ ਦਿਸ਼ਾ ਨਹੀਂ ਬਦਲਣੀ ਚਾਹੀਦੀ। ਸਿੱਖਿਆ, ਸਿਹਤ, ਖੇਤੀ, ਉਦਯੋਗ, ਵਾਤਾਵਰਣ ਅਤੇ ਰੁਜ਼ਗਾਰ ਵਰਗੇ ਮੁੱਦਿਆਂ 'ਤੇ ਘੱਟੋ-ਘੱਟ ਸਾਂਝੀ ਸਹਿਮਤੀ ਬਣਾਉਣੀ ਸਮੇਂ ਦੀ ਮੰਗ ਹੈ।

ਅੱਜ ਪੰਜਾਬ ਨੂੰ ਨਾ ਨਿਰਾਸ਼ਾਵਾਦ ਦੀ ਲੋੜ ਹੈ ਅਤੇ ਨਾ ਹੀ ਅਤਿ-ਆਤਮਸੰਤੁਸ਼ਟੀ ਦੀ। ਲੋੜ ਹੈ ਹਕੀਕਤ ਨੂੰ ਸਵੀਕਾਰ ਕਰਨ ਦੀ। ਜਿੱਥੇ ਚੰਗਾ ਕੰਮ ਹੋਇਆ ਹੈ, ਉਸ ਦੀ ਸ਼ਲਾਘਾ ਹੋਣੀ ਚਾਹੀਦੀ ਹੈ; ਜਿੱਥੇ ਕਮੀ ਹੈ, ਉੱਥੇ ਬਿਨਾਂ ਪੱਖਪਾਤ ਦੇ ਸੁਧਾਰ ਦੀ ਮੰਗ ਹੋਣੀ ਚਾਹੀਦੀ ਹੈ। ਇਹੀ ਲੋਕਤੰਤਰ ਦੀ ਰੂਹ ਹੈ ਅਤੇ ਇਹੀ ਇੱਕ ਜ਼ਿੰਮੇਵਾਰ ਸਮਾਜ ਦੀ ਪਹਿਚਾਣ ਹੈ।

ਪੰਜਾਬ ਦਾ ਭਵਿੱਖ ਸਿਰਫ਼ ਸਰਕਾਰਾਂ ਨਹੀਂ, ਸਗੋਂ ਕਿਸਾਨ, ਮਜ਼ਦੂਰ, ਉਦਯੋਗਪਤੀ, ਅਧਿਆਪਕ, ਡਾਕਟਰ, ਨੌਜਵਾਨ, ਐਨਆਰਆਈ ਅਤੇ ਜਾਗਰੂਕ ਨਾਗਰਿਕ ਮਿਲ ਕੇ ਲਿਖਣਗੇ। ਜੇ ਅਸੀਂ ਸਾਂਝੀ ਸੋਚ, ਵਿਗਿਆਨਕ ਦ੍ਰਿਸ਼ਟੀਕੋਣ ਅਤੇ ਲੰਬੇ ਸਮੇਂ ਦੀ ਯੋਜਨਾਬੰਦੀ ਨੂੰ ਅਪਣਾਇਆ, ਤਾਂ ਪੰਜਾਬ ਇੱਕ ਵਾਰ ਫਿਰ ਦੇਸ਼ ਲਈ ਵਿਕਾਸ, ਸਮਾਜਿਕ ਸਦਭਾਵਨਾ ਅਤੇ ਖੁਸ਼ਹਾਲੀ ਦਾ ਮਾਡਲ ਬਣ ਸਕਦਾ ਹੈ।

## ਮੇਅਰ ਕੁੰਦਨ ਗੋਗੀਆ ਦੀ ਨਿਵੇਕਲੀ ਪਹਿਲ ਦੀ ਹਰ ਪਾਸੇ ਸ਼ਲਾਘਾ, ਰਿਟਾਇਰਮੈਂਟ ਵਾਲੇ ਦਿਨ ਹੀ ਗ੍ਰੈਜੂਟੀ ਦੀ ਅਦਾਇਗੀ:



**ਪਟਿਆਲਾ, 5 ਅਗਸਤ**
**-ਛਤਰਪਾਲ ਸਿੰਘ-**

ਨਗਰ ਨਿਗਮ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ ਸੇਵਾਮੁਕਤ ਹੋਣ ਵਾਲੇ ਕਰਮਚਾਰੀਆਂ ਦੇ ਸਨਮਾਨ, ਹਿੱਤਾਂ ਅਤੇ ਭਲਾਈ ਨੂੰ ਸਮਰਪਿਤ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਨਿਵੇਕਲੀ ਪਹਿਲਕਦਮੀ ਕੀਤੀ ਗਈ ਹੈ। ਆਮ ਤੌਰ 'ਤੇ ਦੇਖਣ ਵਿੱਚ ਆਉਂਦਾ ਹੈ ਕਿ ਸਰਕਾਰੀ ਜਾਂ ਪ੍ਰਸ਼ਾਸਨਿਕ ਸੇਵਾਵਾਂ ਤੋਂ ਰਿਟਾਇਰ ਹੋਣ ਤੋਂ ਬਾਅਦ ਕਰਮਚਾਰੀਆਂ ਨੂੰ ਆਪਣੀ ਗ੍ਰੈਜੂਟੀ, ਫੰਡ ਅਤੇ ਹੋਰ ਬਕਾਇਆ ਰਕਮ ਪ੍ਰਾਪਤ ਕਰਨ ਲਈ ਮਹੀਨਿਆਂ ਤੱਕ ਦਫ਼ਤਰਾਂ ਦੇ ਚੱਕਰ ਕੱਟਣੇ ਪੈਂਦੇ ਹਨ। ਪਰ ਮੇਅਰ ਕੁੰਦਨ ਗੋਗੀਆ ਦੇ ਯਤਨਾਂ ਸਦਕਾ ਨਗਰ ਨਿਗਮ ਪਟਿਆਲਾ ਵਿੱਚ ਇਸ ਪੁਰਾਣੀ ਪ੍ਰਥਾ ਨੂੰ ਬਦਲ ਕੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਗਈ ਹੈ।

ਇਸੇ ਲੜੀ ਤਹਿਤ ਨਗਰ ਨਿਗਮ ਦੀ ਸੇਵਾਮੁਕਤ ਹੋਈ ਸਫ਼ਾਈ ਸੇਵਿਕਾ ਸ਼੍ਰੀਮਤੀ ਬਿਮਲਾ ਨੂੰ ਉਨ੍ਹਾਂ ਦੀ ਰਿਟਾਇਰਮੈਂਟ ਦੇ ਮੌਕੇ 'ਤੇ ਹੀ 19 ਲੱਖ 76 ਹਜਾਰ ਦੀ ਗ੍ਰੈਜੂਟੀ ਰਾਸ਼ੀ ਦਾ ਚੈੱਕ ਮੇਅਰ ਵੱਲੋਂ ਸੌਂਪਿਆ ਗਿਆ। ਸੇਵਾ ਦੇ ਆਖਰੀ ਦਿਨ ਹੀ ਆਪਣਾ ਬਣਦਾ ਹੱਕ ਪ੍ਰਾਪਤ ਹੋਣ 'ਤੇ ਕਰਮਚਾਰੀ ਅਤੇ ਉਨ੍ਹਾਂ ਦੇ ਪਰਿਵਾਰ ਨੇ ਅਥਾਹ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਨਗਰ ਨਿਗਮ ਪ੍ਰਸ਼ਾਸਨ ਦਾ ਵਿਸ਼ੇਸ਼ ਧੰਨਵਾਦ ਕੀਤਾ।

ਇਸ ਮੌਕੇ ਗੱਲਬਾਤ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਜਿਨ੍ਹਾਂ ਕਰਮਚਾਰੀਆਂ ਨੇ ਆਪਣੇ ਜੀਵਨ ਦੇ ਕੀਮਤੀ ਸਾਲ ਨਗਰ ਨਿਗਮ ਅਤੇ ਸ਼ਹਿਰ ਦੀ ਸੇਵਾ ਵਿੱਚ ਲਗਾਏ ਹਨ, ਉਨ੍ਹਾਂ ਨੂੰ ਰਿਟਾਇਰਮੈਂਟ ਮਗਰੋਂ ਆਪਣੇ ਹੀ ਹੱਕਾਂ ਲਈ ਦਫ਼ਤਰਾਂ ਵਿੱਚ ਭਟਕਣਾ ਨਾ ਪਵੇ। ਉਨ੍ਹਾਂ ਦੱਸਿਆ ਕਿ ਨਿਗਮ ਦਾ ਇਹ ਯਤਨ ਹੈ ਕਿ ਸਾਰੇ ਲੋੜੀਂਦੇ ਦਸਤਾਵੇਜ਼ ਰਿਟਾਇਰਮੈਂਟ ਤੋਂ ਪਹਿਲਾਂ ਹੀ ਪੂਰੇ ਕਰਵਾ ਲਏ ਜਾਣ, ਤਾਂ ਜੋ ਸੇਵਾਮੁਕਤੀ ਵਾਲੇ ਦਿਨ ਹੀ ਗ੍ਰੈਜੂਟੀ ਅਤੇ ਹੋਰ ਬਣਦੇ ਵਿੱਤੀ ਲਾਭ ਜਾਰੀ ਕੀਤੇ ਜਾ ਸਕਣ। ਇਸ ਨਾਲ ਸੇਵਾਮੁਕਤ ਕਰਮਚਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਆਰਥਿਕ ਜਾਂ ਪ੍ਰਸ਼ਾਸਕੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

## ਐਸ.ਡੀ.ਐਮ ਕਰੁਣ ਗੁਪਤਾ ਨੇ ਮਾਧੋਪੁਰ ਖੇਡ ਸਟੇਡੀਅਮ ਦੇ ਸਾਫ਼ ਸਫਾਈ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਫਤਹਿਗੜ੍ਹ ਸਾਹਿਬ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਨੇ ਆਜ਼ਾਦੀ ਦਿਹਾੜੇ ਮੌਕੇ 15 ਅਗਸਤ ਨੂੰ ਮਾਧੋਪੁਰ ਖੇਡ ਸਟੇਡੀਅਮ, ਸਰਹਿੰਦ ਵਿਖੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਲਈ ਤਿਆਰੀਆਂ ਵਿੱਚ ਦਿੱਤੀਆਂ ਹਨ। ਸਟੇਡੀਅਮ ਦੀ ਸਾਫ਼ ਸਫ਼ਾਈ, ਬਾਥਰੂਮਾਂ, ਪਾਰਕਿੰਗ, ਪੀਣ ਵਾਲੇ ਪਾਣੀ ਦੀ ਉਪਲਬਧਤਾ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਜ਼ਾਇਜ਼ਾ ਲੈਣ ਲਈ ਐਸ.ਡੀ.ਐਮ. ਫਤਹਿਗੜ੍ਹ ਸਾਹਿਬ ਸ੍ਰੀ ਕਰੁਣ ਗੁਪਤਾ ਨੇ ਸਮਾਗਮ ਵਾਲੇ ਸਥਾਨ ਦਾ ਦੌਰਾ ਕੀਤਾ।

ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸਮਾਗਮ ਵਾਲੇ ਸਥਾਨ ਦੇ ਨਾਲ-ਨਾਲ ਚੌਂਕਾਂ ਦੀ ਸਾਫ-ਸਫਾਈ, ਸਜਾਵਟ, ਬੈਠਣ ਦੇ ਪ੍ਰਬੰਧ, ਪੀਣ ਵਾਲੇ ਪਾਣੀ, ਸੁਖਾਲੀ ਐਂਟਰੀ, ਨਿਰਵਿਘਨ ਬਿਜਲੀ ਸਪਲਾਈ, ਫਾਇਰ ਬ੍ਰਿਗੇਡ ਆਦਿ ਸਮੇਤ ਸਮੁੱਚੇ ਲੋੜੀਂਦੇ ਇੰਤਜ਼ਾਮ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸਟੇਡੀਅਮ ਵਿੱਚ ਆਉਣ ਵਾਲੇ ਆਮ ਲੋਕਾਂ, ਮਹਿਮਾਨਾਂ ਅਤੇ ਸਕੂਲੀ ਵਿਦਿਆਰਥੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਆਵੇ, ਇਸ ਲਈ ਸਾਰੀਆਂ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਈਆਂ ਜਾਣ।

ਸ੍ਰੀ ਕਰੁਣ ਗੁਪਤਾ ਨੇ ਕਿਹਾ ਕਿ ਆਜ਼ਾਦੀ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਸ਼ਾਨਦਾਰ ਅਤੇ ਸੁਚਾਰੂ ਢੰਗ ਨਾਲ ਕਰਵਾਉਣ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ।

## ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਤਹਿਤ 6 ਅਗਸਤ ਨੂੰ ਲੁਧਿਆਣਾ ਵਿੱਚ ਵਿਸ਼ਾਲ ਵਰਕਰ ਸੰਮੇਲਨ



**ਲੁਧਿਆਣਾ, 5 ਅਗਸਤ**
**-ਜਗਮੇਲ ਸਿੰਘ ਢਿਲੋਂ-**

ਕਾਂਗਰਸ ਪਾਰਟੀ ਦੀ ਹਰ ਬੂਥ ਕਾਂਗਰਸ ਮਜ਼ਬੂਤ ਮੁਹਿੰਮ ਤਹਿਤ 6 ਅਗਸਤ (ਵੀਰਵਾਰ) ਨੂੰ ਸਵੇਰੇ 10 ਵਜੇ ਗੁਰੂ ਨਾਨਕ ਦੇਵ ਭਵਨ, ਭਾਰਤ ਨਗਰ ਚੌਂਕ, ਲੁਧਿਆਣਾ ਵਿਖੇ ਵਿਸ਼ਾਲ ਵਰਕਰ ਸੰਮੇਲਨ ਆਯੋਜਿਤ ਕੀਤਾ ਜਾਵੇਗਾ। ਇਸ ਸੰਬੰਧੀ ਤਿਆਰੀਆਂ ਨੂੰ ਲੈ ਕੇ ਸਰਾਭਾ ਨਗਰ ਵਿਖੇ ਜ਼ਿਲ੍ਹਾ ਕਾਂਗਰਸ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਪੱਛਮੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਮੀਟਿੰਗ ਕੀਤੀ ਗਈ।

ਇਸ ਮੌਕੇ ਜਾਣਕਾਰੀ ਦਿੰਦਿਆਂ ਪਵਨ ਦੀਵਾਨ ਨੇ ਦੱਸਿਆ ਕਿ ਪ੍ਰੋਗਰਾਮ ਵਿੱਚ ਏਆਈਸੀਸੀ ਦੇ ਜਨਰਲ ਸਕੱਤਰ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਨਗੇ। ਉਨ੍ਹਾਂ ਨੇ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ ਵਿੱਚ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਪਵਨ ਦੀਵਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਸੂਬੇ ਵਿੱਚ ਮੁੜ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਸੁਕ ਹਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਸੂਬਾ ਅਰਾਜਕਤਾ, ਆਰਥਿਕ ਮੰਦਹਾਲੀ ਅਤੇ ਕਾਨੂੰਨ-ਵਿਵਸਥਾ ਦੀ ਗੰਭੀਰ ਸਥਿਤੀ ਦਾ ਸਾਹਮਣਾ ਕਰ ਰਿਹਾ ਹੈ, ਜਿਸ ਕਾਰਨ ਉਦਯੋਗ ਅਤੇ ਆਮ ਲੋਕ ਦੋਵੇਂ ਪ੍ਰਭਾਵਿਤ ਹੋਏ ਹਨ।

ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਅਤੇ ਖੋਖਲੇ ਦਾਅਵਿਆਂ ਤੱਕ ਹੀ ਸੀਮਿਤ ਰਹੀ ਹੈ, ਜਦਕਿ ਲੋਕ ਹੁਣ ਹਕੀਕਤ ਨੂੰ ਸਮਝ ਚੁੱਕੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਦੇਸ਼ ਦੀ ਸੰਪੱਤੀ ਕੁਝ ਗਿਣਤੀ ਦੇ ਉਦਯੋਗਪਤੀਆਂ ਦੇ ਹੱਥਾਂ ਵਿੱਚ ਸੌਂਪੀ ਜਾ ਰਹੀ ਹੈ ਅਤੇ ਭ੍ਰਿਸ਼ਟਾਚਾਰ ਚਰਮ 'ਤੇ ਪਹੁੰਚ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਲੋਕ ਦੋਵੇਂ ਸਰਕਾਰਾਂ ਦੀਆਂ ਨੀਤੀਆਂ ਤੋਂ ਨਿਰਾਸ਼ ਹਨ ਅਤੇ ਕਾਂਗਰਸ ਵੱਲ ਉਮੀਦ ਭਰੀ ਨਜ਼ਰ ਨਾਲ ਦੇਖ ਰਹੇ ਹਨ।

ਮੀਟਿੰਗ ਦੌਰਾਨ ਪੀਸੀਸੀ ਮੈਂਬਰ ਸੁਸ਼ੀਲ ਮਲਹੋਤਰਾ, ਇੰਦਰਜੀਤ ਕਪੂਰ, ਮੋਹਿਤ ਚੁਘ, ਅਜੇ ਗੁਪਤਾ, ਵਰੁਣ ਸ਼ਰਮਾ, ਭੁਪਿੰਦਰ ਸਿੰਘ, ਬੀ.ਐਮ. ਕਾਲੀਆ, ਜਸਵਿੰਦਰ ਸਿੰਘ ਓਸਾਹਨ, ਹਰਭਗਤ ਗਰੇਵਾਲ, ਪ੍ਰਭਜੋਤ ਸਿੰਘ, ਦੀਪਕ ਸ਼ਰਮਾ, ਬਾਲ ਕ੍ਰਿਸ਼ਨ ਸ਼ਰਮਾ, ਹੈਪੀ ਕਪੂਰ, ਗੁਰਦੀਪ ਸਿੰਘ, ਨੀਰਜ ਬਿਰਲਾ, ਦੇਵ ਕੁਮਾਰ, ਗੁਰਨਾਮ ਸਿੰਘ ਕਲੇਰ, ਦੀਪਕ ਬੈਂਸ ਅਤੇ ਜਸਬੀਰ ਗਿੱਲ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਰਹੇ।







## ਮੇਅਰ ਕੁੰਦਨ ਗੋਗੀਆ ਨੇ ਵਾਰਡ ਨੰਬਰ 31 ਤੋਂ 'ਤੀਰਥ ਯਾਤਰਾ ਯੋਜਨਾ' ਦੀ ਬੱਸ ਨੂੰ ਦਿਖਾਈ ਹਰੀ ਝੰਡੀ



**ਪਟਿਆਲਾ, 5 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਦੀ ਧਾਰਮਿਕ ਆਸਥਾ ਅਤੇ ਸ਼ਰਧਾ ਦਾ ਸਨਮਾਨ ਕਰਦਿਆਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਅੱਜ ਪਟਿਆਲਾ ਦੇ ਵਾਰਡ ਨੰਬਰ 31 ਤੋਂ ਸ਼ਰਧਾਲੂਆਂ ਦੇ ਜਥੇ ਨੂੰ ਲੈ ਕੇ ਜਾਣ ਵਾਲੀ ਵਿਸ਼ੇਸ਼ ਬੱਸ ਨੂੰ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਬੱਸ ਰਵਾਨਾ ਹੋਣ ਸਮੇਂ ਪੂਰਾ ਇਲਾਕਾ ਧਾਰਮਿਕ ਜੈਕਾਰਿਆਂ ਅਤੇ ਖ਼ੁਸ਼ੀ ਦੇ ਮਾਹੌਲ ਨਾਲ ਗੂੰਜ ਉੱਠਿਆ।

ਇਸ ਮੌਕੇ ਵਾਰਡ ਨੰਬਰ 31 ਦੀ ਐੱਮ.ਸੀ. ਪਦਮਜੀਤ ਕੌਰ, ਹਰਪਾਲ ਸਿੰਘ (ਬਿੱਟੂ), ਹਰਪ੍ਰੀਤ ਸਿੰਘ, ਸਿੰਘ ਕੌਮ, ਜਗਜੀਤ ਸਿੰਘ, ਗੁਰਪ੍ਰੀਤ ਕੌਰ, ਪ੍ਰੀਤਮ ਸਿੰਘ, ਉਰਵਿੰਦਰ ਸਿੰਘ, ਰਾਮੇਸ਼ ਕੁਮਾਰ, ਕਵਲਜੀਤ ਕੌਰ ਅਤੇ ਤੇਜਿੰਦਰ ਕੌਰ ਸਮੇਤ ਹੋਰ ਸ਼ਹਿਰ ਦੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਲਈ ਲਗਾਤਾਰ ਅਜਿਹੀਆਂ ਯੋਜਨਾਵਾਂ ਲਾਗੂ ਕਰ ਰਹੀ ਹੈ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਘਰ-ਘਰ ਤੱਕ ਮਿਲ ਰਿਹਾ ਹੈ। ਗੋਗੀਆ ਨੇ ਕਿਹਾ ਕਿ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਅੱਜ ਹਜ਼ਾਰਾਂ ਸ਼ਰਧਾਲੂ ਲਾਭ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਯਾਤਰਾ ਦੌਰਾਨ ਅਨੁਸ਼ਾਸਨ ਅਤੇ ਸੁਰੱਖਿਆ ਦਾ ਪੂਰਾ ਧਿਆਨ ਰੱਖਣ। ਉਨ੍ਹਾਂ ਅੱਗੇ ਕਿਹਾ ਕਿ ਅਜਿਹੀਆਂ ਧਾਰਮਿਕ ਯਾਤਰਾਵਾਂ ਨਾਲ ਸਮਾਜ ਵਿੱਚ ਆਪਸੀ ਭਾਈਚਾਰੇ, ਸ਼ਾਂਤੀ ਅਤੇ ਸਦਭਾਵਨਾ ਦੀਆਂ ਤੰਦਾਂ ਹੋਰ ਮਜ਼ਬੂਤ ਹੁੰਦੀਆਂ ਹਨ।

ਇਸ ਦੌਰਾਨ ਵਾਰਡ ਨੰਬਰ 31 ਦੀ ਕੌਂਸਲਰ ਪਦਮਜੀਤ ਕੌਰ ਨੇ ਵੀ ਸ਼ਰਧਾਲੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਯੋਜਨਾ ਆਮ ਲੋਕਾਂ ਲਈ ਬਹੁਤ ਵੱਡਾ ਉਪਰਾਲਾ ਹੈ। ਇਸ ਨਾਲ ਬਜ਼ੁਰਗ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਲੋਕ ਵੀ ਬਿਨਾਂ ਕਿਸੇ ਖ਼ਰਚੇ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਦੇ ਹਨ। ਇਸ ਦੌਰਾਨ ਸਮੂਹ ਸ਼ਰਧਾਲੂਆਂ ਅਤੇ ਇਲਾਕਾ ਨਿਵਾਸੀਆਂ ਨੇ ਸਰਕਾਰ ਦੀ ਇਸ ਲੋਕ-ਹਿਤੈਸ਼ੀ ਯੋਜਨਾ ਦੀ ਸ਼ਲਾਘਾ ਕਰਦਿਆਂ ਮੇਅਰ ਕੁੰਦਨ ਗੋਗੀਆ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।

## 70ਵੇਂ ਜ਼ਿਲ੍ਹਾ ਪੱਧਰੀ ਰਾਈਫਲ ਸ਼ੂਟਿੰਗ ਦੇ ਮੁਕਾਬਲਿਆਂ ਦਾ ਹੋਇਆ ਆਗਾਜ਼



**ਪਟਿਆਲਾ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਿਲ੍ਹਾਂ ਸਿੱਖਿਆ ਅਫਸਰ ਸ਼ਾਲੂ ਮਹਿਰਾ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ ਤੇ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਅਤੇ ਜਿਲਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14 ,ਅੰਡਰ 17 ਤੇ ਅੰਡਰ 19 (ਲੜਕੇ ਤੇ ਲੜਕੀਆਂ) ਦੇ ਰਾਈਫਲ ਸ਼ੂਟਿੰਗ ਦੇ ਮੁਕਾਬਲਿਆਂ ਦਾ ਆਗਾਜ਼ ਸੰਧੂ ਰਾਈਫਲ ਸ਼ੂਟਿੰਗ ਅਕੈਡਮੀ ਵਿਖੇ ਹੋਇਆ। ਪ੍ਰਿੰਸੀਪਲ ਜਸਪਾਲ ਸਿੰਘ ਮੰਡੋਰ ਸਟੇਟ ਅਵਾਰਡੀ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਤੇ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਲੜਕੇ ਤੇ ਲੜਕੀਆਂ ਦੇ ਜਿਲ੍ਹਾ ਪੱਧਰੀ ਰਾਈਫਲ ਸ਼ੂਟਿੰਗ ਮੁਕਾਬਲੇ ਸ਼ੁਰੂ ਕਰਵਾਏ। ਇਸ ਮੌਕੇ ਤੇ ਪਟਿ-2 ਦੇ ਜੋਨਲ ਸਕੱਤਰ ਬਲਵਿੰਦਰ ਸਿੰਘ ਜੱਸਲ,ਐਡਵੋਕੇਟ ਭੁਪਿੰਦਰ ਸਿੰਘ ਸੰਧੂ, ਲੈਕਚਰਾਰ ਗੁਰਨਾਮ ਸਿੰਘ,ਡੀਪੀਈ ਸੁੱਚਾ ਗੁਰਪ੍ਰੀਤ ਸਿੰਘ ਡਾਟਾ ਐਂਟਰੀ ਆਪਰੇਟਰ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

## ਮੇਅਰ ਪਦਮਜੀਤ ਮਹਿਤਾ ਨੇ ਕੀਤਾ 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦਾ ਆਗਾਜ਼

**ਬਠਿੰਡਾ, 5 ਅਗਸਤ**
**-ਗੁਰਤੇਜ ਅਤਲਾ-**

70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦਾ ਆਗਾਜ਼ ਅੱਜ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿਖੇ ਹੋਇਆ। ਖੇਡਾਂ ਦਾ ਆਗਾਜ਼ ਫੁੱਟਬਾਲ ਦੇ ਫਸਵੇਂ ਅਤੇ ਰੋਮਾਂਚਕ ਮੁਕਾਬਲਿਆਂ ਨਾਲ ਕੀਤਾ ਗਿਆ। ਉਦਘਾਟਨੀ ਮੈਚ ਵਿਚ ਅੰਡਰ-14 (ਲੜਕੀਆਂ) ਜ਼ੋਨ ਮੰਡੀ ਫੂਲ ਅਤੇ ਗੋਨਿਆਣਾ ਵਿਚਕਾਰ ਹੋਇਆ, ਜਿਸ ਵਿੱਚ ਜ਼ੋਨ ਗੋਨਿਆਣਾ ਜੇਤੂ ਰਿਹਾ।

ਇਸ ਸਮਾਗਮ ਦੀ ਰਸਮੀ ਸ਼ੁਰੂਆਤ ਸ਼੍ਰੀ ਪਦਮਜੀਤ ਮਹਿਤਾ ਮੇਅਰ ਨਗਰ ਨਿਗਮ ਵੱਲੋਂ ਕੀਤੀ ਗਈ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਖਿਡਾਰੀਆਂ ਦਾ ਹੌਂਸਲਾ ਵਧਾਉਂਦਿਆਂ ਖੇਡਾਂ ਨੂੰ ਖੇਡ ਭਾਵਨਾ ਨਾਲ ਖੇਡਣ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਖੇਡਾਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿ.) ਬਠਿੰਡਾ ਸ਼੍ਰੀਮਤੀ ਮਮਤਾ ਖੁਰਾਨਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿ.) ਸ.ਚਮਕੌਰ ਸਿੰਘ ਸਿੱਧੂ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸ. ਜਸਵੀਰ ਸਿੰਘ ਗਿੱਲ, ਜ਼ਿਲ੍ਹਾ ਖੇਡ ਅਫ਼ਸਰ ਬਠਿੰਡਾ ਸ.ਰੁਪਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

## ਜ਼ਿਲ੍ਹੇ ਦੇ 1 ਲੱਖ 47 ਹਜਾਰ ਤੋਂ ਵੱਧ ਲਾਭਪਾਤਰੀਆਂ ਨੂੰ 51 ਕਰੋੜ 69 ਲੱਖ ਦੀ ਰਾਸ਼ੀ ਜਾਰੀ: ਜ਼ਿਲ੍ਹਾ ਪ੍ਰੋਗਰਾਮ ਅਫਸਰ

**ਫਤਹਿਗੜ੍ਹ ਸਾਹਿਬ, 5 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਜੁਲਾਈ, ਅਗਸਤ ਅਤੇ ਸਤੰਬਰ ਮਹੀਨਿਆਂ ਦੀਆਂ ਕਿਸ਼ਤਾਂ ਦਾ ਭੁਗਤਾਨ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧਾ ਟਰਾਂਸਫਰ (ਡੀ.ਬੀ.ਟੀ.) ਰਾਹੀਂ ਕਰਨ ਦਾ ਕੰਮ ਲਗਾਤਾਰ ਜਾਰੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਅਨੁਰਤਨ ਕੌਰ ਨੇ ਦੱਸਿਆ ਕਿ ਯੋਜਨਾ ਤਹਿਤ ਜ਼ਿਲ੍ਹਾ ਫ਼ਤਹਿਗੜ ਸਾਹਿਬ ਦੇ 97 ਹਜਾਰ 170 ਜਨਰਲ ਵਰਗ ਦੇ ਲਾਭਪਾਤਰੀਆਂ ਨੂੰ 29 ਕਰੋੜ 15 ਲੱਖ 10 ਹਜਾਰ ਅਤੇ 50 ਹਜਾਰ 87 ਅਨੁਸੂਚਿਤ ਜਾਤੀ (ਐਸ.ਸੀ.) ਵਰਗ ਦੇ ਲਾਭਪਾਤਰੀਆਂ ਨੂੰ 22 ਕਰੋੜ 53 ਲੱਖ 91ਹਜਾਰ 500 ਦੀ ਰਾਸ਼ੀ ਸਿੱਧੇ ਤੌਰ (ਡੀ.ਬੀ.ਟੀ.) ਰਾਹੀਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਪਾਈ ਗਈ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਲੋਕ-ਭਲਾਈ ਯੋਜਨਾ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਲਾਭ ਕੇਵਲ ਉਹਨਾਂ ਮਹਿਲਾਵਾਂ ਨੂੰ ਦਿੱਤਾ ਜਾਂਦਾ ਹੈ ਜੋ ਪੰਜਾਬ ਸਰਕਾਰ ਵੱਲੋਂ ਨਿਰਧਾਰਿਤ ਯੋਗਤਾ ਸ਼ਰਤਾਂ ਨੂੰ ਪੂਰਾ ਕਰਦੀਆਂ ਹਨ। ਉਨ੍ਹਾਂ ਦੱਸਿਆ ਕਿ ਲਾਭਪਾਤਰੀ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੋਣੀ ਲਾਜ਼ਮੀ ਹੈ। ਇਸ ਤੋਂ ਇਲਾਵਾ, ਲਾਭਪਾਤਰੀ ਕਿਸੇ ਵੀ ਸਰਕਾਰੀ ਵਿਭਾਗ, ਬੋਰਡ, ਨਿਗਮ ਜਾਂ ਹੋਰ ਸਰਕਾਰੀ ਅਦਾਰੇ ਵਿੱਚ ਸੇਵਾ-ਮੁਕਤ ਸਰਕਾਰੀ ਪੈਨਸ਼ਨਰ ਨਹੀਂ ਹੋਣੀ ਚਾਹੀਦੀ। ਲਾਭਪਾਤਰੀ ਨੇ ਪਿਛਲੇ ਵਿੱਤੀ ਸਾਲ ਦੌਰਾਨ ਆਮਦਨ ਕਰ ਦਾ ਭੁਗਤਾਨ ਨਾ ਕੀਤਾ ਹੋਵੇ। ਇਸ ਤੋਂ ਇਲਾਵਾ, ਲਾਭਪਾਤਰੀ ਖੁਦ ਜਾਂ ਉਸ ਦਾ ਪਤੀ ਸੰਸਦ ਮੈਂਬਰ (ਐਮ.ਪੀ.), ਵਿਧਾਇਕ (ਐਮ.ਐਲ.ਏ.) ਜਾਂ ਕਿਸੇ ਹੋਰ ਸੰਵਿਧਾਨਕ ਜਾਂ ਚੁਣੇ ਹੋਏ ਜਨ ਪ੍ਰਤੀਨਿਧੀ ਦੇ ਅਹੁਦੇ 'ਤੇ ਨਾ ਹੋਵੇ।

ਜ਼ਿਲ੍ਹਾ ਪ੍ਰੋਗਰਾਮ ਅਫਸਰ ਨੇ ਸਾਰੇ ਯੋਗ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਇਸ ਯੋਜਨਾ ਸਬੰਧੀ ਕੋਈ ਜਾਣਕਾਰੀ ਜਾਂ ਸਹਾਇਤਾ ਦੀ ਲੋੜ ਹੋਵੇ ਤਾਂ ਉਹ ਆਪਣੇ ਨਜ਼ਦੀਕੀ ਆਂਗਣਵਾੜੀ ਸੈਂਟਰ, ਸੀ.ਡੀ.ਪੀ.ਓ. ਦਫ਼ਤਰ ਜਾਂ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ, ਫਤਿਹਗੜ੍ਹ ਸਾਹਿਬ ਨਾਲ ਸੰਪਰਕ ਕਰ ਸਕਦੇ ਹਨ।




## ਵਧੀਕ ਡਿਪਟੀ ਕਮਿਸ਼ਨਰ ਨੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ ਸੁਣੀਆਂ, ਜਲਦ ਹੱਲ ਦਾ ਦਿੱਤਾ ਭਰੋਸਾ



**ਮਲੇਰਕੋਟਲਾ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਕ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਸੁਝਾਵਾਂ ਨੂੰ ਧਿਆਨਪੂਰਵਕ ਸੁਣਿਆ। ਇਸ ਮੌਕੇ ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਠਾਏ ਗਏ ਮੁੱਦਿਆਂ 'ਤੇ ਤੁਰੰਤ ਅਤੇ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੰਦਿਆਂ ਭਰੋਸਾ ਦਿੱਤਾ ਕਿ ਜਾਇਜ਼ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੁਤੰਤਰਤਾ ਸੈਨਾਨੀਆਂ ਨੇ ਦੇਸ਼ ਦੀ ਆਜ਼ਾਦੀ ਲਈ ਅਮੁੱਲ ਯੋਗਦਾਨ ਪਾਇਆ ਹੈ। ਉਨ੍ਹਾਂ ਦੀਆਂ ਕੁਰਬਾਨੀਆਂ ਸਾਡੇ ਲਈ ਸਦਾ ਪ੍ਰੇਰਣਾ ਦਾ ਸਰੋਤ ਹਨ ਅਤੇ ਉਨ੍ਹਾਂ ਦਾ ਸਨਮਾਨ ਕਰਨਾ ਹਰੇਕ ਨਾਗਰਿਕ ਅਤੇ ਪ੍ਰਸ਼ਾਸਨ ਦੀ ਨੈਤਿਕ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸੁਤੰਤਰਤਾ ਸੈਨਾਨੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਅਤੇ ਹੋਰ ਸਹੂਲਤਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਸਮੇਂ ਸਿਰ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ, ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਕ ਮੈਂਬਰਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਦਿੱਤੇ ਭਰੋਸੇ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਪ੍ਰਧਾਨ ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ ਪਰਮਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ, ਸਕੱਤਰ ਜਗਮੇਲ ਸਿੰਘ, ਖ਼ਜ਼ਾਨਚੀ ਪਰਗਟ ਸਿੰਘ, ਸਟੇਟ ਯੂਥ ਕੋਆਰਡੀਨੇਟਰ ਮੁਹੰਮਦ ਅਸਲਮ, ਲਾਭ ਸਿੰਘ ਸਮੇਤ ਸੰਸਥਾ ਦੇ ਹੋਰ ਅਹੁਦੇਦਾਰ ਅਤੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

## ਸਾਂਝੇ ਵਿਦਿਆਰਥੀ ਮੋਰਚੇ ਨੇ ਪੰਜਾਬੀ ਯੂਨੀਵਰਸਿਟੀ ਵੱਲੋਂ ਕੀਤੇ ਗਏ ਭਾਰੀ ਫੀਸ ਵਾਧੇ ਖਿਲਾਫ਼ ਕੀਤਾ ਗਿਆ ਡੀਨ ਅਕਾਦਮਿਕ ਦਫਤਰ ਦਾ ਘਿਰਾਓ

**ਪਟਿਆਲਾ, 5 ਅਗਸਤ**
**-ਜੀ. ਐਸ. ਤੁੰਗ-**



ਅੱਜ ਸਾਂਝੇ ਵਿਦਿਆਰਥੀ ਮੋਰਚੇ ਵਿੱਚ ਸ਼ਾਮਲ ਵਿਦਿਆਰਥੀ ਜਥੇਬੰਦੀਆਂ(ਪੰਜਾਬ ਸਟੂਡੈਂਟਸ ਯੂਨੀਅਨ, ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ, ਪੰਜਾਬ ਸਟੂਡੈਂਟਸ ਫੈਡਰੇਸ਼ਨ) ਵੱਲੋਂ ਵਿਦਿਆਰਥੀ ਮੰਗਾਂ ਨੂੰ ਲੈ ਕੇ ਡੀਨ ਅਕਾਦਮਿਕ ਦਫਤਰ ਦੇ ਬਾਹਰ ਧਰਨਾ ਦਿੱਤਾ ਗਿਆ।

ਪੀ.ਐਸ.ਯੂ ਤੋਂ ਗੁਰਦਾਸ ਸਿੰਘ ਨੇ ਕਿਹਾ ਕਿ ਵਿੱਦਿਅਕ ਸੈਸ਼ਨ 2026-27 ਦੀ ਸ਼ੁਰੂਆਤ ਵਿੱਚ ਹੀ ਪੰਜਾਬੀ ਯੂਨੀਵਰਸਿਟੀ ਦੁਆਰਾ ਵਿਦਿਆਰਥੀਆਂ ਦੀਆਂ ਹੋਸਟਲ ਅਤੇ ਵਿਭਾਗੀ ਫੀਸਾਂ ਵਿੱਚ ਭਾਰੀ ਵਾਧੇ ਕੀਤੇ ਗਏ ਹਨ। ਹੋਸਟਲ ਫੀਸਾਂ ਵਿੱਚ ਲਗਭਗ 30 ਤੋਂ ਲੈ ਕੇ 42% ਤੱਕ ਵਾਧਾ ਕੀਤਾ ਗਿਆ ਹੈ ਅਤੇ ਵਿਭਾਗੀ ਫੀਸਾਂ ਵਿੱਚ 10 ਫੀਸਦੀ ਤੋਂ ਲੈ ਕੇ 657 ਫੀਸਦੀ ਤੱਕ ਵਾਧੇ ਕੀਤੇ ਗਏ ਹਨ। ਜਿਵੇਂ ਕਿ ਫਿਲਮ ਮੇਕਿੰਗ ਵਿਭਾਗ ਵਿੱਚ ਫੀਸ 16 ਹਜਾਰ ਤੋਂ ਵਧਾ ਕੇ 122000 ਕਰ ਦਿੱਤੀ ਗਈ ਹੈ। MBA (international business) 2 ਲੱਖ 63ਹਜਾਰ ਤੋਂ ਵਧਾ ਕੇ 2 ਲੱਖ 90 ਹਜ਼ਾਰ ਕਰ ਦਿੱਤੀ ਹੈ, MPT ਦੀ ਫੀਸ 148000, ਬੀ.ਟੈਕ ਦੀ ਫੀਸ 129000 ਕਰ ਦਿੱਤੀ ਗਈ ਹੈ। ਵਿਦਿਆਰਥੀ ਜਥੇਬੰਦੀਆਂ ਇਸ ਦੇ ਖਿਲਾਫ ਸੰਘਰਸ਼ ਕਰ ਰਹੀਆਂ ਹਨ। ਉਹਨਾਂ ਦਾ ਕਹਿਣਾ ਇਹ ਹੈ ਕਿ ਸਿੱਖਿਆ ਕੋਈ ਜਿਨਸ ਨਹੀਂ ਹੈ ਜਿਸ ਨੂੰ ਖਰੀਦਿਆ ਤੇ ਵੇਚਿਆ ਜਾਂਦਾ ਹੈ ਇਹ ਸਰਕਾਰ ਦੀ ਜਿੰਮੇਵਾਰੀ ਹੈ ਤੇ ਸਿੱਖਿਆ ਹਰ ਵਿਅਕਤੀ ਦੇ ਪਹੁੰਚ ਵਿੱਚ ਹੋਣੀ ਚਾਹੀਦੀ ਹੈ।

ਐੱਸ.ਐਫ.ਆਈ ਤੋਂ ਰਮਨਦੀਪ ਸਿੰਘ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਦਾ ਇਸ ਸਾਲ ਦਾ ਕੁੱਲ ਬਜਟ 732 ਕਰੋੜ ਦਾ ਹੈ ਜਿਸ ਵਿੱਚ 397 ਕਰੋੜ ਸਰਕਾਰ ਦੀ ਗਰਾਂਟ ਹੈ ਅਤੇ ਲਗਭਗ 240 ਕਰੋੜ ਵਿਦਿਆਰਥੀਆਂ ਦੀਆਂ ਫੀਸਾਂ ਤੋਂ ਇਕੱਠਾ ਹੁੰਦਾ ਹੈ। ਇਸ ਦੇ ਨਾਲ ਹੀ ਪੰਜਾਬੀ ਯੂਨੀਵਰਸਿਟੀ ਸਿਰ 150 ਕਰੋੜ ਦਾ ਕਰਜ਼ਾ ਵੀ ਹੈ। ਜਿਸ ਦਾ ਯੂਨੀਵਰਸਿਟੀ ਹਰ ਸਾਲ 14 ਕਰੋੜ ਵਿਆਜ ਦਿੰਦੀ ਹੈ। ਮੁੱਖ ਮੰਤਰੀ ਦੇ ਐਲਾਨ ਤੋਂ ਬਾਅਦ ਵੀ ਇਹ ਕਰਜ਼ਾ ਹਜੇ ਤੱਕ ਮਾਫ਼ ਨਹੀਂ ਹੋਇਆ।

ਪੀ.ਐਸ.ਐਫ ਤੋਂ ਗਗਨਦੀਪ ਸਿੰਘ ਦਾ ਕਹਿਣਾ ਹੈ ਕਿ ਯੂਨੀਵਰਸਿਟੀ ਵਿੱਚ ਹੋਸਟਲਾਂ ਦੀ ਵੀ ਵੱਡੀ ਘਾਟ ਹੈ, ਸਿਰਫ਼ 30% ਕੁੜੀਆਂ ਨੂੰ ਹੋਸਟਲ ਅਲੋਟ ਹੁੰਦਾ ਹੈ ਅਤੇ ਕੁਝ ਵਿਦਿਆਰਥਨਾਂ ਨੂੰ ਹੋਸਟਲ ਅਜੈਸਟਮੈਂਟ ਤੌਰ ਤੇ ਮਿਲਦਾ ਹੈ ਲਗਭਗ ਅੱਧੀਆਂ ਵਿਦਿਆਰਥਣਾਂ ਹੋਸਟਲ ਤੋਂ ਵਾਂਝੀਆਂ ਰਹਿ ਜਾਂਦੀਆਂ ਹਨ। ਵਿਦਿਆਰਥੀਆਂ ਨੇ ਸੰਘਰਸ਼ ਸਦਕਾ 2014 ਵਿੱਚ ਸਰਕਾਰ ਤੋਂ ਇੱਕ ਲੜਕੀਆਂ ਦਾ 500 ਕਮਰੇ ਦਾ ਹੋਸਟਲ ਪਾਸ ਕਰਵਾਇਆ ਸੀ। ਬਾਅਦ ਦੇ ਵਿੱਚ ਉਸ ਦਾ ਨਾਂ ਮਾਤਾ ਤ੍ਰਿਪਤਾ ਹੋਸਟਲ ਰੱਖਿਆ ਗਿਆ ਇਸਦੀ ਗਰਾਂਟ ਪੰਜਾਬੀ ਯੂਨੀਵਰਸਿਟੀ ਦੇ ਬਜਟ ਵਿੱਚ ਕਈ ਵਾਰ ਆਈ ਹੈ।ਪਰ 12 ਸਾਲ ਹੋ ਚੁੱਕੇ ਹਨ ਇਸ ਦੀ ਇੱਕ ਇੱਟ ਵੀ ਨਹੀਂ ਲੱਗੀ। ਪਿਛਲੇ ਵਿੱਦਿਅਕ ਵਰ੍ਹੇ 2025-26 ਦੌਰਾਨ ਹੋਸਟਲ ਲਈ 10 ਕਰੋੜ ਦੀ ਗਰਾਂਟ ਆਈ ਸੀ । ਜੋ ਦੋ ਹੋਸਟਲ ਕੇਂਦਰ ਸਰਕਾਰ ਵੱਲੋਂ ਦਿੱਤੇ ਗਏ ਉਸ ਦੀ ਉਸਾਰੀ ਦਾ ਕੰਮ ਵੀ ਨਹੀਂ ਸ਼ੁਰੂ ਹੋਇਆ। ਹੋਸਟਲ ਨਾ ਹੋਣ ਕਰਕੇ ਕੁਝ ਵਿਦਿਆਰਥੀ ਆਪਣਾ ਦਾਖਲਾ ਛੱਡ ਦਿੰਦੇ ਹਨ ਅਤੇ ਕੁਝ ਨੂੰ ਬਾਹਰ ਪੀਜੀ ਲੈਣੇ ਪੈਂਦੇ ਹਨ ਜੋ ਕਿ ਬਹੁਤ ਮਹਿੰਗੇ ਹਨ। ਏ.ਆਈ.ਐਸ.ਐਫ ਦੇ ਆਗੂ ਰਾਹੁਲ ਨੇ ਕਿਹਾ ਕਿ ਮੌਜੂਦਾ ਹੋਸਟਲਾਂ ਦੀ ਹਾਲਤ ਵੀ ਖ਼ਸਤਾ ਹੋ ਚੁੱਕੀ ਹੈ ।ਹੋਸਟਲਾਂ ਦੀ ਸਮੇਂ ਤੇ ਮੁਰੰਮਤ ਨਾ ਹੋਣ ਕਰਕੇ ਛੱਤਾਂ ਗਲ਼ ਚੁੱਕੀਆਂ ਹਨ ਜਿਸ ਕਰਕੇ ਬਾਰਿਸ਼ ਦੌਰਾਨ ਸਾਰੀਆਂ ਛੱਤਾਂ ਵਿੱਚੋਂ ਪਾਣੀ ਸਿੰਮਦਾ ਹੈ। ਪਿਛਲੇ ਸਮੇਂ ਦੌਰਾਨ ਹੋਸਟਲ ਦੀ ਛੱਤਾ ਵਿੱਚੋਂ ਕੁਝ ਹਿੱਸੇ ਡਿੱਗਣ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਹਨ। ਕਈ ਹੋਸਟਲ ਅਜਿਹੇ ਹਨ ਜਿਨਾਂ ਦੀ ਇਮਾਰਤ ਸੱਤ ਮੰਜ਼ਲੀ ਹੈ ਪਰ ਲਿਫਟਾਂ ਕਈ ਸਾਲਾਂ ਤੋਂ ਬੰਦ ਪਈਆਂ ਹਨ ਜਿਵੇਂ ਕਿ ਬੰਦਾ ਸਿੰਘ ਬਹਾਦਰ ਹੋਸਟਲ ,ਮਾਈ ਭਾਗੋ ਹੋਸਟਲ ਅਤੇ ਬੇਬੇ ਨਾਨਕੀ ਹੋਸਟਲ।

ਇਸ ਪ੍ਰਦਰਸ਼ਨ ਦੇ ਦੌਰਾਨ ਡੀਨ ਵਿਦਿਆਰਥੀ ਭਲਾਈ ਦਫਤਰ ਚੋਂ ਅਧਿਕਾਰੀ ਪਹੁੰਚੇ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਹੋਈ। ਯੂਨੀਵਰਸਿਟੀ ਪ੍ਰਸ਼ਾਸਨ ਕੋਲ ਵਿਦਿਆਰਥੀਆਂ ਦੀਆਂ ਮੁਸ਼ਕਿਲਾਂ ਦਾ ਕੋਈ ਹੱਲ ਨਾ ਹੋਣ ਕਰਕੇ ਸਾਂਝੇ ਵਿਦਿਆਰਥੀ ਮੋਰਚੇ ਵੱਲੋਂ ਭਵਿੱਖ ਵਿੱਚ ਤਿੱਖਾ ਸੰਘਰਸ਼ ਕਰਨ ਦਾ ਐਲਾਨ ਕੀਤਾ ਗਿਆ। ਮੋਰਚੇ ਵੱਲੋਂ ਇਹ ਐਲਾਨ ਕੀਤਾ ਗਿਆ ਕਿ ਹੋਸਟਲ ਫੀਸਾਂ ਅਤੇ ਵਿਭਾਗੀ ਫੀਸਾਂ ਵਿੱਚ ਕੀਤੇ ਗਏ ਭਾਰੀ ਵਾਧੇ ਖਿਲਾਫ਼ ਸਾਂਝਾ ਸੰਘਰਸ਼ ਲੜਿਆ ਜਾਵੇਗਾ। ਮੋਰਚੇ ਵੱਲੋਂ ਯੂਨੀਵਰਸਿਟੀ ਵਿੱਚ ਸੰਘਰਸ਼ੀਲ ਵਿਦਿਆਰਥੀ ਜਥੇਬੰਦੀਆਂ ਨੂੰ ਇਸ ਫਰੰਟ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਾਵੇਗਾ।

## ਘਨੌਰ 'ਚ ਕਾਂਗਰਸ ਦਾ ਅੰਦਰੂਨੀ ਬਗਾਵਤੀ ਸੁਰ ਤੇਜ਼: ਰਾਜਾ ਵੜਿੰਗ ਤੇ ਭੁਪੇਸ਼ ਬਘੇਲ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ, ਰਾਜਾ ਵੜਿੰਗ ਦਾ ਪੁਤਲਾ ਸਾੜ ਕੇ ਲਾਏ ਮੁਰਦਾਬਾਦ ਦੇ ਨਾਅਰੇ

**ਸਨੌਰ,5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਲਕਾ ਘਨੌਰ ਵਿੱਚ ਕਾਂਗਰਸ ਪਾਰਟੀ ਦੇ ਅੰਦਰੂਨੀ ਵਿਵਾਦ ਇੱਕ ਵਾਰ ਫਿਰ ਖੁੱਲ੍ਹ ਕੇ ਸਾਹਮਣੇ ਆਏ ਜਦੋਂ ਕਾਂਗਰਸੀ ਵਰਕਰਾਂ ਨੇ ਪਾਰਟੀ ਹਾਈ ਕਮਾਂਡ ਦੇ ਫ਼ੈਸਲਿਆਂ ਪ੍ਰਤੀ ਆਪਣਾ ਰੋਸ ਪ੍ਰਗਟ ਕਰਦਿਆਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਰਾਜਾ ਵੜਿੰਗ ਦਾ ਪੁਤਲਾ ਸਾੜਿਆ ਅਤੇ ਰਾਜਾ ਵੜਿੰਗ ਮੁਰਦਾਬਾਦ ਤੇ ਭੁਪੇਸ਼ ਬਘੇਲ ਮੁਰਦਾਬਾਦ ਦੇ ਨਾਅਰੇ ਲਗਾਏ। ਇਹ ਰੋਸ ਪ੍ਰਦਰਸ਼ਨ ਹਰਪ੍ਰੀਤ ਸਿੰਘ ਸਾਬਕਾ ਸਰਪੰਚ ਚਮਾਰੂ, ਹਰਸੰਗਤ ਸਿੰਘ ਤਖਤੂਮਾਜਰਾ, ਅਮਰਜੀਤ ਸਿੰਘ ਬੂਹਾ, ਸਤਪਾਲ ਜਬੋਮਾਜਰਾ, ਨਸੀਰੂਦੀਨ ਘਨੌਰ, ਜੱਸੀ ਕਾਮੀ ਕਲਾਂ, ਗੁਰਵਿੰਦਰ ਸਿੰਘ ਰੁੜਕੀ ਅਤੇ ਲਖਵੀਰ ਸਿੰਘ ਸੋਸ਼ਲ ਮੀਡੀਆ ਇੰਚਾਰਜ ਦੀ ਸਾਂਝੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਹਲਕਾ ਘਨੌਰ ਦੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

ਪ੍ਰਦਰਸ਼ਨ ਦੌਰਾਨ ਆਗੂਆਂ ਨੇ ਦੋਸ਼ ਲਗਾਇਆ ਕਿ ਪੰਜਾਬ ਕਾਂਗਰਸ ਦੀ ਮੌਜੂਦਾ ਲੀਡਰਸ਼ਿਪ ਅਤੇ ਹਾਈ ਕਮਾਂਡ ਦੇ ਕੁਝ ਫ਼ੈਸਲੇ ਪਾਰਟੀ ਨੂੰ ਮਜ਼ਬੂਤ ਕਰਨ ਦੀ ਬਜਾਏ ਕਮਜ਼ੋਰ ਕਰਨ ਵਾਲੇ ਸਾਬਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਸਾਲਾਂ ਤੋਂ ਪਾਰਟੀ ਲਈ ਕੰਮ ਕਰਨ ਵਾਲੇ ਟਕਸਾਲੀ ਅਤੇ ਵਫ਼ਾਦਾਰ ਵਰਕਰਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ, ਜਿਸ ਕਾਰਨ ਵਰਕਰਾਂ ਵਿੱਚ ਭਾਰੀ ਨਾਰਾਜ਼ਗੀ ਹੈ।

ਆਗੂਆਂ ਨੇ ਕਿਹਾ ਕਿ ਕਾਂਗਰਸ ਦੀ ਮਜ਼ਬੂਤੀ ਵਰਕਰਾਂ ਦੀ ਮਿਹਨਤ ਅਤੇ ਸਮਰਪਣ ਨਾਲ ਬਣੀ ਹੈ, ਪਰ ਜੇਕਰ ਉਨ੍ਹਾਂ ਦੀ ਭਾਵਨਾ ਦਾ ਸਤਿਕਾਰ ਨਹੀਂ ਕੀਤਾ ਗਿਆ ਤਾਂ ਪਾਰਟੀ ਨੂੰ ਭਵਿੱਖ ਵਿੱਚ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਹਾਈ ਕਮਾਂਡ ਦੇ ਕੁਝ ਫ਼ੈਸਲੇ ਪਾਰਟੀ ਨੂੰ ਖੇਰੂ-ਖੇਰੂ ਕਰਨ ਵਾਲੇ ਹਨ ਅਤੇ ਇਸ ਨਾਲ ਜ਼ਮੀਨੀ ਵਰਕਰ ਆਪਣੇ ਆਪ ਨੂੰ ਅਣਗੌਲਿਆ ਮਹਿਸੂਸ ਕਰ ਰਹੇ ਹਨ। ਰੋਸ ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਮੰਗ ਕੀਤੀ ਕਿ ਪਾਰਟੀ ਹਾਈ ਕਮਾਂਡ ਪੰਜਾਬ ਦੀ ਮੌਜੂਦਾ ਸਥਿਤੀ ਦਾ ਗੰਭੀਰਤਾ ਨਾਲ ਜਾਇਜ਼ਾ ਲਵੇ ਅਤੇ ਅਜਿਹੇ ਫ਼ੈਸਲਿਆਂ 'ਤੇ ਮੁੜ ਵਿਚਾਰ ਕਰੇ, ਜਿਨ੍ਹਾਂ ਕਾਰਨ ਸੰਗਠਨ ਵਿੱਚ ਅਸੰਤੋਸ਼ ਪੈਦਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਬਣਾਉਣ ਲਈ ਸਮਰਪਿਤ ਅਤੇ ਮਿਹਨਤੀ ਵਰਕਰਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਣਾ ਚਾਹੀਦਾ ਹੈ। ਪ੍ਰਦਰਸ਼ਨਕਾਰੀਆਂ ਨੇ ਇਹ ਵੀ ਕਿਹਾ ਕਿ ਉਨ੍ਹਾਂ ਦਾ ਮਕਸਦ ਪਾਰਟੀ ਨੂੰ ਨੁਕਸਾਨ ਪਹੁੰਚਾਉਣਾ ਨਹੀਂ, ਸਗੋਂ ਹਾਈ ਕਮਾਂਡ ਦਾ ਧਿਆਨ ਜ਼ਮੀਨੀ ਹਕੀਕਤ ਵੱਲ ਖਿੱਚਣਾ ਹੈ ਤਾਂ ਜੋ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਵਰਕਰਾਂ ਦੀ ਆਵਾਜ਼ ਨੂੰ ਅਣਸੁਣਿਆ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਰੋਸ ਪ੍ਰਦਰਸ਼ਨ ਦੌਰਾਨ ਰਾਜਾ ਵੜਿੰਗ ਅਤੇ ਭੁਪੇਸ਼ ਬਘੇਲ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ ਅਤੇ ਰਾਜਾ ਵੜਿੰਗ ਦਾ ਪੁਤਲਾ ਫੂਕ ਕੇ ਆਪਣਾ ਵਿਰੋਧ ਦਰਜ ਕਰਵਾਇਆ ਗਿਆ।

## ਘੱਗਾ ਦੀਆਂ ਝੁੱਗੀਆਂ ਵਿੱਚ ਰਹਿ ਰਹੇ ਮਜ਼ਦੂਰ ਪਰਿਵਾਰਾਂ ਦੀਆਂ ਮੰਗਾਂ ਨੂੰ ਲੈ ਕੇ ਪਾਤੜਾਂ-ਪਟਿਆਲਾ ਮੁੱਖ ਸੜਕ ਢਾਈ ਘੰਟੇ ਜਾਮ

**ਸਮਾਣਾ 5 ਅਗਸਤ**
**-ਜਗਦੇਵ ਸਿੰਘ ਜੱਗੀ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਨੌਜਵਾਨ ਭਾਰਤ ਸਭਾ ਵੱਲੋਂ ਘੱਗਾ ਦੀਆਂ ਝੁੱਗੀਆਂ ਵਿੱਚ ਪਿਛਲੇ ਲੰਮੇ ਸਮੇਂ ਤੋਂ ਰਹਿ ਰਹੇ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਅਤੇ ਘਰ ਬਣਾਉਣ ਦੇ ਲਈ ਯੋਗ ਮੁਆਵਜ਼ਾ ਦੇਣ ਦੀ ਮੰਗ ਨੂੰ ਲੈ ਕੇ ਅੱਜ ਪਾਤੜਾਂ-ਪਟਿਆਲਾ ਮੁੱਖ ਸੜਕ ਉੱਪਰ ਰੋਸ ਧਰਨਾ ਦੇ ਕੇ ਜਾਮ ਲਗਾਇਆ ਗਿਆ।

ਇਸ ਮੌਕੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਆਗੂ ਖੁਸ਼ਵੰਤ ਹਨੀ ਅਤੇ ਰਾਹੁਲ ਘੱਗਾ ਨੇ ਕਿਹਾ ਕਿ ਇਸ ਰੋਸ ਪ੍ਰਦਰਸ਼ਨ ਅਤੇ ਰੋਡ ਜਾਮ ਵਿੱਚ ਮਜ਼ਦੂਰ ਪਰਿਵਾਰਾਂ ਅਤੇ ਇਲਾਕੇ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਲਗਭਗ ਢਾਈ ਘੰਟੇ ਤੱਕ ਚੱਲੇ ਰੋਡ ਜਾਮ ਤੋਂ ਬਾਅਦ ਨਾਇਬ ਤਹਿਸੀਲਦਾਰ ਹਰਸਿਮਰਨ ਸਿੰਘ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਵੱਲੋਂ ਲਿਖਤੀ ਭਰੋਸਾ ਦਿੱਤਾ ਗਿਆ ਕਿ ਪੰਜ ਦਿਨਾਂ ਦੇ ਅੰਦਰ-ਅੰਦਰ ਮਜ਼ਦੂਰ ਪਰਿਵਾਰਾਂ ਨੂੰ 5-5 ਮਰਲੇ ਦੇ ਪਲਾਟ ਦੇਣ ਸਬੰਧੀ ਮਤਾ ਪਾਸ ਕਰਵਾ ਕੇ ਅਗਲੀ ਕਾਰਵਾਈ ਕੀਤੀ ਜਾਵੇਗੀ।

## ਵਿਸ਼ਾਲ ਕਾਵੜ ਸ਼ਿਵਰ ਸ੍ਰੀ ਕੇਦਾਰ ਨਾਥ ਮੰਦਿਰ ਵਿਖੇ ਭੋਲੇ ਬਾਬਾ ਦੇ ਆਸ਼ਿਰਵਾਦ ਨਾਲ ਸ਼ੁਰੂ



**ਪਟਿਆਲਾ, 5 ਅਗਸਤ**
**-ਬਲਜੀਤ ਸਰਨਾ-**

ਮੰਦਿਰ ਸ੍ਰੀ ਕੇਦਾਰ ਨਾਥ ਮੱਥੁਰਾ ਕਾਲੋਨੀ ਪਟਿਆਲਾ ਵਿਖੇ ਵਿਸ਼ਾਲ ਕਾਵੜ ਸ਼ਿਵਰ ਦੀਆਂ ਤਿਆਰੀਆਂ ਮੁਕੰਮਲ ਹੋ ਗਈ ਹਨ। ਸੁਧਾਰ ਸਭਾ ਵੱਲੋਂ 03-08-2026 ਦਿਨ ਸੋਮਵਾਰ ਤੋਂ ਸ਼ੁਰੂਆਤ ਕਰਨੀ ਸੀ ਪਰੰਤੂ 02-08-2026 ਦਿਨ ਐਤਵਾਰ ਨੂੰ ਹੀ ਕਾਵੜੀਏ (ਸ਼ਿਵ ਭਗਤ) ਆਉਣੇ ਸ਼ੁਰੂ ਹੋ ਗਏ। ਸੁਧਾਰ ਸਭਾ ਦੇ ਸਾਰੇ ਮੈਂਬਰਾਂ ਵੱਲੋਂ ਪੂਰਨ ਸਹਿਯੋਗ ਪਾ ਕੇ ਪੂਰੀ ਤਿਆਰੀ ਕੀਤੀ ਗਈ। ਇੱਥੇ ਐਮ.ਸੀ. ਰਣਜੀਤ ਸਿੰਘ ਚੰਡੋਕ ਐਮ.ਸੀ. ਵਾਰਡ ਨੰਬਰ 32 ਦਾ ਬਹੁਤ ਵੱਡਾ ਸਹਿਯੋਗ ਹੈ, ਲਾਇਟ , ਪਾਣੀ, ਸਫਾਈ ਦਾ ਪ੍ਰਬੰਧ ਕਰਵਾਇਆ ਹੈ। ਪਰਸ਼ੂ ਰਾਮ ਬ੍ਰਾਹਮਣ ਸਭਾ ਵਲੋਂ ਮੰਦਿਰ ਵਿੱਚ ਆ ਕੇ ਭੋਲੇ ਨਾਥ ਜੀ ਦੇ ਜੈਕਾਰੇ ਲਗਾ ਕੇ ਹਨੂੰਮਾਨ ਚਲੀਸਾ ਅਤੇ ਰਾਮ ਜੀ ਦਾ ਗੁੰਨਗਾਨ ਕੀਤਾ ਗਿਆ। ਸ਼ਿਵ ਕੁਮਾਰ ਸ਼ਰਮਾ ਜੀ ਦੀ ਪ੍ਰਧਾਨਗੀ ਵਿੱਚ ਇਕੱਤਰ ਹੋਏ। ਸੁਧਾਰ ਸਭਾ ਦੇ ਸਾਰੇ ਮੈਂਬਰ ਮੌਜੂਦ ਸਨ। ਇਸ ਮੌਕੇ ਖੀਰ ਦਾ ਪ੍ਰਸ਼ਾਦ ਲਗਵਾ ਕੇ ਤੁਲਸੀ ਦੇ ਪੌਦੇ ਵੰਡੇ ਗਏ ਅਤੇ ਸਤਨਾਮ ਹਸੀਜਾ ਪਰਿਵਾਰ ਵੱਲੋਂ 51 ਬੂਟੇ ਜਿਵੇਂ ਕਿ ਸ਼ਿਵ ਜੀ ਦੇ ਮੰਨ ਭਾਵਨੇ ਬਿੱਲ ਪੱਤਰ, ਸਮੀ, ਆਵਲਾ, ਹਾਰ ਸ਼ਿਗਾਰ ਅਤੇ ਹੋਰ ਪ੍ਰਕਾਰ ਦੇ ਛਾਂ ਵਾਲੇ ਬੂਟੇ ਲਗਾਏ ਗਏ। ਇਸ ਮੌਕੇ ਗਰੀਨਮੈਨ ਭਗਵਾਨ ਦਾਸ ਜੁਨੇਜਾ, ਪ੍ਰਮੋਦ ਅਤੇ ਸੁਧਾਰ ਸਭਾ ਦੇ ਸਾਰੇ ਮੈਂਬਰ ਹਾਜਰ ਸਨ। ਖੀਰ ਦਾ ਪ੍ਰਸ਼ਾਦ ਸਾਰਿਆਂ ਨੂੰ ਵਰਤਾਇਆ ਗਿਆ। ਇਸ ਮੌਕੇ ਬ੍ਰਾਹਮਣ ਸਭਾ ਅਤੇ ਛੱਜੂ ਰਾਮ ਸੋਫਤ ਦੇ ਬੇਟੇ ਸ਼ਵਿੰਦਰ ਸੋਫਤ ਖਾਸ ਕਰਕੇ ਹਸੀਜਾ ਪਰਿਵਾਰ ਦੀ ਸ਼ਲਾਘਾ ਕੀਤੀ ਜਦੋਂ ਦੀ ਵਿਸ਼ਾਲ ਸ਼ਿਵ ਮੂਰਤੀ ਬਣੀ ਹੈ ਅਤੇ ਸੁਧਾਰ ਸਭਾ ਦਾ ਗਠਨ ਹੋਇਆ ਹੈ ਮੰਦਿਰ ਦੀ ਨੁਹਾਰ ਬਦਲ ਗਈ ਹੈ। ਇੱਥੇ ਹਰ ਸਮੇਂ ਲੰਗਰ ਚਲਦਾ ਹੀ ਰਹਿੰਦਾ ਹੈ ਅਤੇ ਸ਼ਰਧਾਲੂਆਂ ਦੀ ਆਸਥਾ ਬਹੁਤ ਵੱਧ ਗਈ ਹੈ। ਸਤਨਾਮ ਹਸੀਜਾ ਨੇ ਕਿਹਾ ਕਿ ਭੋਲੇ ਬਾਬਾ ਜੀ ਦੀ ਕ੍ਰਿਪਾ ਹੈ ਅਤੇ ਸੁਧਾਰ ਸਭਾ ਦੇ ਸਾਰੇ ਮੈਂਬਰਾਂ ਦੀ ਤਨ ਮਨ ਧਨ ਨਾਲ ਸੇਵਾ ਕੀਤੀ ਹੈ। ਕਾਵੜੀਆਂ ਲਈ ਹਰ ਤਰ੍ਹਾਂ ਦਾ ਪ੍ਰਬੰਧ ਹੈ। ਵਾਟਰ ਪਰੂਫ ਟੈਂਟ, ਡਾਕਟਰੀ ਸਹੂਲਤ, ਨਹਾਉਣ ਦੀ ਸੇਵਾ, ਲੰਗਰ ਦੀ ਸੇਵਾ, ਆਦਿ ਮੌਜੂਦ ਹੈ। ਇਸ ਮੌਕੇ ਭਗਵਾਨ ਦਾਸ ਜੁਨੇਜਾ ਅਤੇ ਉਨ੍ਹਾਂ ਨਾਲ ਆਏ ਪਤਵੰਤੇ ਸੱਜਣਾਂ ਵੱਲੋਂ ਸ਼ਲਾਘਾ ਕੀਤੀ ਗਈ। ਸਤਨਾਮ ਹਸੀਜਾ ਪਰਿਵਾਰ ਵੱਲੋਂ ਸ਼ਾਮ ਨੂੰ ਆਤਰੀ ਉਪਰੰਤ ਪ੍ਰਸ਼ਾਦ ਦੇ ਤੌਰ ਤੇ ਖੀਰ, ਜਲੇਬੀ, ਖਿਚੜੀ, ਫਰੂਟ ਆਦਿ ਦਾ ਪ੍ਰਸ਼ਾਦ ਵੰਡਿਆ ਜਾਂਦਾ ਹੈ।

## ਬਰਸਾਤ ਦੌਰਾਨ ਕਮਰੇ ਦੀ ਛੱਤ ਡਿੱਗਣ ਕਾਰਨ ਇੱਕ ਬੱਚੀ ਦੀ ਮੌਤ



**ਸਨੌਰ,5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਨੌਰ ਸ਼ਹਿਰ ਦੇ ਭਾਂਖਰ ਚੌਕ ਵਿੱਚ ਲਗਾਤਾਰ ਪੈ ਰਹੀ ਬਰਸਾਤ ਦੌਰਾਨ ਇੱਕ ਦਰਦਨਾਕ ਹਾਦਸਾ ਵਾਪਰ ਗਿਆ। ਬਰਸਾਤ ਕਾਰਨ ਇੱਕ ਕੱਚੇ ਮਕਾਨ ਦੀ ਛੱਤ ਅਚਾਨਕ ਢਹਿ ਜਾਣ ਨਾਲ ਪ੍ਰਵਾਸੀ ਮਜ਼ਦੂਰ ਦੇ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ। ਹਾਦਸੇ ਵਿੱਚ ਇੱਕ ਛੋਟੀ ਬੱਚੀ ਦੀ ਮੌਤ ਹੋ ਗਈ, ਜਦਕਿ ਉਸ ਦੀ ਮਾਂ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸਵੇਰੇ ਕਰੀਬ 4 ਵਜੇ ਭਾਰੀ ਬਰਸਾਤ ਕਾਰਨ ਘਰ ਦੀ ਛੱਤ ਅਚਾਨਕ ਡਿੱਗ ਪਈ। ਉਸ ਸਮੇਂ ਛੱਤ ਹੇਠਾਂ ਬੱਚੀ ਆਪਣੀ ਮਾਂ ਅਤੇ ਪਿਤਾ ਨਾਲ ਸੁੱਤੀ ਹੋਈ ਸੀ। ਛੱਤ ਡਿੱਗਣ ਨਾਲ ਪਰਿਵਾਰਕ ਮੈਂਬਰ ਮਲਬੇ ਹੇਠਾਂ ਦੱਬ ਗਏ। ਨੇੜਲੇ ਹੋਰ ਪਰਿਵਾਰਕ ਮੈਂਬਰਾਂ ਨੇ ਮਲਬਾ ਹਟਾ ਕੇ ਦੋਵਾਂ ਨੂੰ ਬਾਹਰ ਕੱਢਿਆ, ਪਰ ਉਦੋਂ ਤੱਕ ਬੱਚੀ ਦੀ ਮੌਤ ਹੋ ਚੁੱਕੀ ਸੀ। ਜਦਕਿ ਉਸ ਦੀ ਮਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਹ ਪ੍ਰਵਾਸੀ ਮਜ਼ਦੂਰ ਹਨ ਅਤੇ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਹਨ।

## 'ਚੇਤਨਾ ਪ੍ਰੋਜੈਕਟ' ਤਹਿਤ ਡੀ ਸੀ ਨੇ ਸੈਲਫ ਡਿਫੈਂਸ ਦੀ ਸਿਖਲਾਈ ਪੂਰੀ ਕਰਨ ਵਾਲੀਆਂ ਲੜਕੀਆਂ ਨੂੰ ਵੰਡੇ ਸਰਟੀਫਿਕੇਟ



**ਪਟਿਆਲਾ, 5 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਦੀ ਅਗਵਾਈ ਵਿਚ 'ਚੇਤਨਾ ਪ੍ਰੋਜੈਕਟ' ਅਧੀਨ ਲੜਕੀਆਂ ਲਈ ਚਲਾਈ ਗਈ ਵਿਸ਼ੇਸ਼ ਸੈਲਫ ਡਿਫੈਂਸ (ਆਤਮ-ਰੱਖਿਆ) ਸਿਖਲਾਈ ਵਰਕਸ਼ਾਪ ਦੇ ਸਮਾਪਨ 'ਤੇ ਵਿਸ਼ੇਸ਼ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਿਖਲਾਈ ਪੂਰੀ ਕਰਨ ਵਾਲੀਆਂ ਲੜਕੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ।

'ਚੇਤਨਾ ਪ੍ਰੋਜੈਕਟ ' ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਦੀ ਇੱਕ ਮਹੱਤਵਪੂਰਨ ਪਹਿਲਕਦਮੀ ਹੈ, ਜਿਸਦਾ ਮੁੱਖ ਉਦੇਸ਼ ਲੜਕੀਆਂ ਵਿੱਚ ਸਰੀਰਕ ਮਜ਼ਬੂਤੀ, ਆਤਮ-ਵਿਸ਼ਵਾਸ ਅਤੇ ਆਤਮ-ਰੱਖਿਆ ਦੀ ਭਾਵਨਾ ਪੈਦਾ ਕਰਨਾ ਹੈ।

ਇਹ ਪ੍ਰੋਜੈਕਟ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਅਤੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਦੇ ਸਾਂਝੇ ਸਹਿਯੋਗ ਨਾਲ ਉਪਰਾਲਾ ਕੀਤਾ ਗਿਆ ਹੈ।

ਸਮਾਗਮ ਦੌਰਾਨ ਡਾ. ਹਿਮਾਂਸ਼ੂ ਅਗਰਵਾਲ ਨੇ ਸਿਖਲਾਈ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੈਲਫ ਡਿਫੈਂਸ ਸਿਰਫ਼ ਸਰੀਰਕ ਦਾਅ-ਪੇਚ ਸਿੱਖਣਾ ਹੀ ਨਹੀਂ ਹੈ, ਸਗੋਂ ਇਹ ਮਨੋਬਲ, ਆਤਮ-ਵਿਸ਼ਵਾਸ ਅਤੇ ਨਿਡਰਤਾ ਪੈਦਾ ਕਰਨ ਦਾ ਜ਼ਰੀਆ ਹੈ। ਚੇਤਨਾ ਪ੍ਰੋਜੈਕਟ ਦਾ ਮੁੱਖ ਮਨੋਰਥ ਇਹ ਸੁਨਿਸ਼ਚਿਤ ਕਰਨਾ ਹੈ ਕਿ ਪਟਿਆਲਾ ਦੀ ਹਰ ਧੀ ਖੁਦ ਨੂੰ ਸੁਰੱਖਿਅਤ, ਸ਼ਕਤੀਸ਼ਾਲੀ ਅਤੇ ਹਰ ਚੁਣੌਤੀ ਦਾ ਸਾਹਮਣਾ ਕਰਨ ਦੇ ਯੋਗ ਮਹਿਸੂਸ ਕਰੇ।

ਸਿਖਲਾਈ ਪ੍ਰਾਪਤ ਲੜਕੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਕੈਂਪ ਰਾਹੀਂ ਉਨ੍ਹਾਂ ਨੂੰ ਮੁਫ਼ਤ ਵਿੱਚ ਮਾਰਸ਼ਲ ਆਰਟਸ ਅਤੇ ਆਤਮ-ਰੱਖਿਆ ਦੇ ਆਧੁਨਿਕ ਗੁਰ ਸਿੱਖਣ ਦਾ ਸੁਨਹਿਰੀ ਮੌਕਾ ਮਿਲਿਆ ਹੈ।

ਜ਼ਿਲ੍ਹਾ ਖੇਡ ਅਫਸਰ ਨੇ ਦਸਿਆ ਕਿ ਇਸ ਪਹਿਲਕਦਮੀ ਨੂੰ ਸਥਾਨਕ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ। ਓਰੀਐਂਟੇਸ਼ਨ ਕੈਂਪ ਦੌਰਾਨ 80 ਤੋਂ ਵੱਧ ਲੜਕੀਆਂ ਨੇ ਰਜਿਸਟ੍ਰੇਸ਼ਨ ਕਰਵਾਈ ਸੀ, ਜਿਨ੍ਹਾਂ ਵਿੱਚੋਂ ਚੁਣੇ ਗਏ ਬੈਚ ਨੇ ਇਹ ਸਿਖਲਾਈ ਸਫਲਤਾਪੂਰਵਕ ਪੂਰੀ ਕੀਤੀ। ਇਸ ਸ਼ਾਨਦਾਰ ਸਫਲਤਾ ਨੂੰ ਦੇਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਆਉਣ ਵਾਲੇ ਦਿਨਾਂ ਵਿੱਚ 'ਪ੍ਰੋਜੈਕਟ ਚੇਤਨਾ' ਅਧੀਨ ਹੋਰ ਵੀ ਬੈਚ ਸ਼ੁਰੂ ਕਰਨ ਦੀ ਯੋਜਨਾ ਬਣਾ ਰਿਹਾ ਹੈ।

SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਪੰਜਾਬ ਦੇ ਰਾਜਪਾਲ ਨੇ ਪੰਜਾਬ ਲੋਕ ਭਵਨ ਵਿਖੇ ਖ਼ੂਨਦਾਨ ਅਤੇ ਸਿਹਤ ਜਾਂਚ ਕੈਂਪ ਦਾ ਉਦਘਾਟਨ ਕੀਤਾ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ, ਚੰਡੀਗੜ੍ਹ ਸਥਿਤ ਸ੍ਰੀ ਗੁਰੂ ਨਾਨਕ ਦੇਵ ਆਡੀਟੋਰੀਅਮ ਵਿਖੇ ਲੋਕ ਭਵਨ ਕਰਮਚਾਰੀ ਸੱਭਿਆਚਾਰਕ ਅਤੇ ਸਪੋਰਟਸ ਐਸੋਸੀਏਸ਼ਨ ਦੁਆਰਾ ਆਯੋਜਿਤ ਖ਼ੂਨਦਾਨ ਕੈਂਪ ਅਤੇ ਸਿਹਤ ਜਾਂਚ ਕੈਂਪ ਦਾ ਉਦਘਾਟਨ ਕੀਤਾ। ਇਹ ਕੈਂਪ ਲੋਕ ਭਵਨ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਲਈ ਸਵੈ-ਇੱਛਤ ਖ਼ੂਨਦਾਨ ਅਤੇ ਨਿਵਾਰਕ ਸਿਹਤ ਦੇਖਭਾਲ਼ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ।

ਰਾਜਪਾਲ ਨੇ ਐਸੋਸੀਏਸ਼ਨ ਦੀ ਇਸ ਪਹਿਲ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਕਾਰਜ ਹੈ ਜੋ ਕਿਸੇ ਦਾ ਜੀਵਨ ਬਚਾ ਸਕਦਾ ਹੈ। ਉਨ੍ਹਾਂ ਨੇ ਸਾਰਿਆਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ, ਨਿਯਮਿਤ ਸਿਹਤ ਜਾਂਚ ਕਰਵਾਉਣ ਅਤੇ ਸਮੇਂ-ਸਮੇਂ 'ਤੇ ਸਵੈਇੱਛਾ ਨਾਲ ਖ਼ੂਨਦਾਨ ਕਰਨ ਦਾ ਸੱਦਾ ਦਿੱਤਾ।



ਇਹ ਕੈਂਪ ਪੰਜਾਬ ਰੈੱਡ ਕਰਾਸ ਸੋਸਾਇਟੀ, ਚੰਡੀਗੜ੍ਹ, ਗ੍ਰੇਸ਼ੀਅਨ ਹਸਪਤਾਲ, ਮਿਰਚੀਆਜ਼ ਲੇਜ਼ਰ ਆਈ ਸੈਂਟਰ, ਡਾ. ਅਗਰਵਾਲਸ ਆਈ ਹਸਪਤਾਲ, ਡੈਂਟਲ ਆਰਟਿਸਟ੍ਰੀ ਅਤੇ ਵੂਮੈਨ ਐਂਡ ਚਾਇਲਡ ਕੇਅਰ ਵੈਲਫੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਕੈਂਪ ਵਿੱਚ ਮੈਡੀਸਿਨ, ਆਰਥੋਪੀਡਿਕਸ, ਗਾਇਨੇਕੋਲੋਜੀ, ਯੂਰੋਲੋਜੀ, ਕਾਰਡੀਓਲੋਜੀ, ਪਲਮੋਨੋਲੋਜੀ, ਨੇਤ੍ਰ ਰੋਗ (ਔਫਥੈਲਮੋਲੋਜੀ) ਅਤੇ ਡੈਂਟਲ ਕੇਅਰ ਵਿਭਾਗਾਂ ਦੇ ਮਾਹਰ ਡਾਕਟਰਾਂ ਦੁਆਰਾ ਮੁਫ਼ਤ ਸਲਾਹ-ਮਸ਼ਵਰਾ ਪ੍ਰਦਾਨ ਕੀਤਾ ਗਿਆ। ਇਸ ਦੇ ਨਾਲ ਹੀ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ, ਈਸੀਜੀ, ਪਲਮਨਰੀ ਫੰਕਸ਼ਨ ਟੈਸਟ (ਪੀਐੱਫਟੀ), ਬੋਨ ਮਿਨਰਲ ਡੈਂਸਿਟੀ (ਬੀਐੱਮਡੀ) ਅਤੇ ਯੂਰੋਫਲੋਮੈਟਰੀ ਜਿਹੇ ਸਿਹਤ ਟੈਸਟ ਵੀ ਮੁਫ਼ਤ ਕੀਤੇ ਗਏ।

ਕੈਂਪ ਵਿੱਚ ਕੁੱਲ 155 ਲੋਕਾਂ ਨੇ ਮੁਫ਼ਤ ਸਿਹਤ ਸਲਾਹ ਅਤੇ ਜਾਂਚ ਦਾ ਲਾਭ ਉਠਾਇਆ, ਜਦਕਿ 55 ਵਲੰਟੀਅਰਾਂ ਨੇ ਖ਼ੂਨਦਾਨ ਕਰਕੇ ਇਸ ਜਨਸੇਵਾ ਅਭਿਯਾਨ ਵਿੱਚ ਯੋਗਦਾਨ ਦਿੱਤਾ। ਲੋਕ ਭਵਨ ਕਰਮਚਾਰੀ ਸੱਭਿਆਚਾਰਕ ਅਤੇ ਸਪੋਰਟਸ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਰਾਜਪਾਲ, ਸਹਿਯੋਗੀ ਸੰਸਥਾਵਾਂ, ਡਾਕਟਰਾਂ, ਹੈਲਥਕੇਅਰ ਸਟਾਫ਼, ਵਲੰਟੀਅਰਾਂ ਅਤੇ ਖ਼ੂਨਦਾਨੀਆਂ ਦਾ ਆਭਾਰ ਵਿਅਕਤ ਕਰਦੇ ਹੋਏ ਕਿਹਾ ਕਿ ਐਸੋਸੀਏਸ਼ਨ ਭਵਿੱਖ ਵਿੱਚ ਵੀ ਕਰਮਚਾਰੀਆਂ ਅਤੇ ਸਮਾਜ ਦੇ ਹਿਤ ਵਿੱਚ ਅਜਿਹੇ ਸਿਹਤ ਅਤੇ ਜਨਕਲਿਆਣ ਪ੍ਰੋਗਰਾਮ ਆਯੋਜਿਤ ਕਰਦੀ ਰਹੇਗੀ।

# ਰਾਸ਼ਟਰਮੰਡਲ ਖੇਡਾਂ ਦੀ ਚਾਂਦੀ ਤਗਮਾ ਜੇਤੂ ਹਰਜਿੰਦਰ ਕੌਰ ਦਾ ਪਟਿਆਲਾ ਵਿੱਚ ਸ਼ਾਨਦਾਰ ਸਵਾਗਤ

**➢ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕੀਤਾ ਸਨਮਾਨਤ, ਕਿਹਾ- ਹਰਜਿੰਦਰ ਨੇ ਦੇਸ਼, ਪੰਜਾਬ ਅਤੇ ਪਟਿਆਲਾ ਦਾ ਨਾਮ ਰੌਸ਼ਨ ਕੀਤਾ ➢ ਹਰਜਿੰਦਰ ਕੌਰ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਅਤੇ ਰੋਲ ਮਾਡਲ**

**ਪਟਿਆਲਾ, 5 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਸ਼ਟਰਮੰਡਲ ਖੇਡਾਂ 2026 ਵਿੱਚ ਮਹਿਲਾਵਾਂ ਦੇ 69 ਕਿਲੋਗ੍ਰਾਮ ਵੇਟਲਿਫਟਿੰਗ ਮੁਕਾਬਲੇ ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਦੇਸ਼ ਦਾ ਨਾਮ ਰੌਸ਼ਨ ਕਰਨ ਵਾਲੀ ਪਟਿਆਲਾ ਦੀ ਧੀ ਹਰਜਿੰਦਰ ਕੌਰ ਦਾ ਅੱਜ ਪਟਿਆਲਾ ਪਹੁੰਚਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਹਰਜਿੰਦਰ ਕੌਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਇਸ ਇਤਿਹਾਸਕ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਹਰਜਿੰਦਰ ਕੌਰ ਨੇ ਆਪਣੀ ਸਖ਼ਤ ਮਿਹਨਤ, ਦ੍ਰਿੜ ਇਰਾਦੇ ਅਤੇ ਸਮਰਪਣ ਸਦਕਾ ਅੰਤਰਰਾਸ਼ਟਰੀ ਮੰਚ 'ਤੇ ਭਾਰਤ, ਪੰਜਾਬ ਅਤੇ ਪਟਿਆਲਾ ਦਾ ਮਾਣ ਵਧਾਇਆ ਹੈ।



ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਹਰਜਿੰਦਰ ਕੌਰ ਦੀ ਸਫਲਤਾ ਜ਼ਿਲ੍ਹੇ ਦੇ ਨੌਜਵਾਨਾਂ ਲਈ ਪ੍ਰੇਰਨਾ ਹੈ। ਉਨ੍ਹਾਂ ਕਿਹਾ ਕਿ ਹਰਜਿੰਦਰ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਲਗਨ ਅਤੇ ਨਿਰੰਤਰ ਮਿਹਨਤ ਨਾਲ ਕੋਈ ਵੀ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਰਜਿੰਦਰ ਕੌਰ ਦੀ ਇਸ ਉਪਲਬਧੀ 'ਤੇ ਮਾਣ ਹੈ ਅਤੇ ਉਸਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਡੀ ਸੀ ਹਰਜਿੰਦਰ ਕੌਰ ਦੇ ਮਾਤਾ ਪਿਤਾ ਦਾ ਵੀ ਸਨਮਾਨ ਕੀਤਾ। ਹਰਜਿੰਦਰ ਕੌਰ ਨੇ ਪਿਆਰ ਅਤੇ ਸਨਮਾਨ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮੂਹ ਪਟਿਆਲਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪਿਆਰ ਉਸ ਨੂੰ ਭਵਿੱਖ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰੇਗਾ। ਉਨ੍ਹਾਂ ਕਿਹਾ ਕਿ ਉਹ ਆਉਣ ਵਾਲੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਵੀ ਦੇਸ਼ ਲਈ ਹੋਰ ਤਗਮੇ ਜਿੱਤਣ ਦਾ ਪੂਰਾ ਯਤਨ ਕਰੇਗੀ।

ਇਸ ਮੌਕੇ ਹਰਜਿੰਦਰ ਕੌਰ ਦੇ ਪਰਿਵਾਰਕ ਮੈਂਬਰ ਪਿਤਾ ਸਾਹਿਬ ਸਿੰਘ, ਭਰਾ ਪ੍ਰਿਤਪਾਲ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ, ਸਕੱਤਰ ਰੈਡ ਕਰਾਸ ਸੁਸਾਇਟੀ ਡਾ. ਪ੍ਰਿਤਪਾਲ ਸਿੰਘ, ਵੱਡੀ ਗਿਣਤੀ ਖੇਡ ਪ੍ਰੇਮੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਜ਼ਿਕਰਯੋਗ ਹੈ ਕਿ ਹਰਜਿੰਦਰ ਕੌਰ ਨੇ ਰਾਸ਼ਟਰਮੰਡਲ ਖੇਡਾਂ 2026 ਵਿੱਚ ਮਹਿਲਾਵਾਂ ਦੇ 69 ਕਿਲੋਗ੍ਰਾਮ ਵੇਟਲਿਫਟਿੰਗ ਮੁਕਾਬਲੇ ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਭਾਰਤ ਦਾ ਮਾਣ ਵਧਾਇਆ ਹੈ। ਇਸ ਤੋਂ ਪਹਿਲਾਂ ਉਹ ਰਾਸ਼ਟਰਮੰਡਲ ਖੇਡਾਂ 2022 ਵਿੱਚ 71 ਕਿਲੋਗ੍ਰਾਮ ਵਰਗ ਵਿੱਚ ਕਾਂਸੀ ਦਾ ਤਗਮਾ ਆਪਣੇ ਨਾਮ ਕਰ ਚੁੱਕੀ ਹੈ। ਇਸ ਤੋਂ ਇਲਾਵਾ ਹਰਜਿੰਦਰ ਕੌਰ ਨੇ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ।

ਜ਼ਿਲ੍ਹਾ ਪ੍ਰਸ਼ਾਸਨ ਵਲੋਂ ਉਸਦੀ ਤਸਵੀਰ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਵਾਲ ਆਫ ਫੇਮ ਉਤੇ ਵੀ ਲਗਾਈ ਹੋਈ ਹੈ।

# ਗ੍ਰੀਨਪਲਾਈ ਨੇ ਟਰਮੀਵੈਕਸ ਲਾਂਚ ਕੀਤਾ - ਪਲਾਈਵੁੱਡ ਲਈ ਭਾਰਤ ਦੀ ਪਹਿਲੀ ਐਂਟੀ-ਟਰਮਾਈਟ ਟੀਕਾਕਰਨ ਤਕਨਾਲੋਜੀ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗ੍ਰੀਨਪਲਾਈ ਇੰਡਸਟਰੀਜ਼ ਲਿਮਟਿਡ, ਭਾਰਤ ਦੀ ਪ੍ਰਮੁੱਖ ਅੰਦਰੂਨੀ ਬੁਨਿਆਦੀ ਢਾਂਚਾ ਕੰਪਨੀਆਂ ਵਿੱਚੋਂ ਇੱਕ, ਨੇ ਟਰਮੀਵੈਕਸ ਪੇਸ਼ ਕੀਤਾ ਹੈ, ਜੋ ਕਿ ਉੱਨਤ ਨੈਨੋ ਤਕਨਾਲੋਜੀ 'ਤੇ ਅਧਾਰਤ ਭਾਰਤ ਦੀ ਪਹਿਲੀ ਟੀਕਾਕਰਨ ਐਂਟੀ-ਟਰਮਾਈਟ ਪਲਾਈਵੁੱਡ ਹੈ। ਇਸ ਤਕਨਾਲੋਜੀ ਲਈ ਇੱਕ ਪੇਟੈਂਟ ਅਰਜ਼ੀ ਵੀ ਦਾਇਰ ਕੀਤੀ ਗਈ ਹੈ। ਇਸ ਨਵੀਨਤਾ ਦੇ ਨਾਲ, ਗ੍ਰੀਨਪਲਾਈ ਦਾ ਪਲਾਈਵੁੱਡ ਹੁਣ ਦੀਮਕ ਤੋਂ ਜੀਵਨ ਭਰ ਸੁਰੱਖਿਆ ਪ੍ਰਦਾਨ ਕਰੇਗਾ। ਗਿੱਲੇ ਅਤੇ ਗਿੱਲੇ ਹਾਲਾਤਾਂ ਵਿੱਚ ਦੀਮਕ ਵਧੇਰੇ ਪ੍ਰਚਲਿਤ ਹੁੰਦੇ ਹਨ, ਅਤੇ ਮਾਨਸੂਨ ਦੇ ਮੌਸਮ ਦੌਰਾਨ ਖ਼ਤਰਾ ਹੋਰ ਵੀ ਵੱਧ ਜਾਂਦਾ ਹੈ। ਲਾਂਚ 'ਤੇ ਟਿੱਪਣੀ ਕਰਦੇ ਹੋਏ, ਗ੍ਰੀਨਪਲਾਈ ਇੰਡਸਟਰੀਜ਼ ਲਿਮਟਿਡ ਦੇ ਸੰਯੁਕਤ ਪ੍ਰਬੰਧ ਨਿਰਦੇਸ਼ਕ, ਸਾਨਿਧਿਆ ਮਿੱਤਲ ਨੇ ਕਿਹਾ: ਗ੍ਰੀਨਪਲਾਈ ਵਿਖੇ, ਸਾਡੀ ਨਵੀਨਤਾ ਹਮੇਸ਼ਾ ਇੱਕ ਸਧਾਰਨ ਉਦੇਸ਼ ਦੁਆਰਾ ਚਲਾਈ ਗਈ ਹੈ - ਅਰਥਪੂਰਨ ਤਕਨਾਲੋਜੀ ਦੁਆਰਾ ਅਸਲ ਖਪਤਕਾਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ। ਭਾਰਤ ਵਰਗੇ ਦੇਸ਼ ਵਿੱਚ, ਜਿੱਥੇ ਮੌਸਮੀ ਸਥਿਤੀਆਂ ਅਕਸਰ ਦੀਮਕ ਦੇ ਹਮਲੇ ਨੂੰ ਵਧਾਉਂਦੀਆਂ ਹਨ, ਦੀਮਕ ਦਾ ਨੁਕਸਾਨ ਘਰਾਂ ਦੇ ਮਾਲਕਾਂ ਲਈ ਸਭ ਤੋਂ ਵੱਡੀ ਚਿੰਤਾਵਾਂ ਵਿੱਚੋਂ ਇੱਕ ਬਣਿਆ ਹੋਇਆ ਹੈ। ਇਹ ਨਵੀਨਤਾ ਖਪਤਕਾਰਾਂ ਨੂੰ ਉੱਨਤ, ਵਧੇਰੇ ਭਰੋਸੇਮੰਦ, ਅਤੇ ਭਵਿੱਖ-ਪ੍ਰਮਾਣਿਤ ਹੱਲ ਪ੍ਰਦਾਨ ਕਰਕੇ ਉਦਯੋਗ ਦੇ ਮਿਆਰਾਂ ਨੂੰ ਲਗਾਤਾਰ ਵਧਾਉਣ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਜੋ ਤੁਹਾਡੇ ਘਰ ਦੇ ਅੰਦਰੂਨੀ ਹਿੱਸੇ ਦੀ ਲੰਬੀ ਉਮਰ ਨੂੰ ਯਕੀਨੀ ਬਣਾਉਂਦੇ ਹਨ। ਇਹ ਨਵੀਨਤਾ ਇੱਕ ਆਮ ਸਤਹ ਇਲਾਜ ਨਾਲੋਂ ਕਿਤੇ ਜ਼ਿਆਦਾ ਉੱਨਤ ਹੈ। ਇਹ ਇੱਕ ਅਜਿਹੀ ਤਕਨਾਲੋਜੀ 'ਤੇ ਅਧਾਰਤ ਹੈ ਜੋ ਦੀਮਕ ਦੇ ਪ੍ਰਜਨਨ ਅਤੇ ਫਰਨੀਚਰ ਅਤੇ ਘਰ ਦੇ ਅੰਦਰੂਨੀ ਹਿੱਸੇ ਨੂੰ ਹੋਣ ਵਾਲੇ ਨੁਕਸਾਨ ਨੂੰ ਰੋਕਦੀ ਹੈ। ਵਰਤਿਆ ਜਾਣ ਵਾਲਾ ਨੈਨੋ-ਤਕਨਾਲੋਜੀ ਮਿਸ਼ਰਣ ਸਤ੍ਹਾ ਤੱਕ ਸੀਮਿਤ ਨਹੀਂ ਹੈ, ਸਗੋਂ ਪਲਾਈਵੁੱਡ ਦੇ ਹਰ ਹਿੱਸੇ ਅਤੇ ਕੋਨੇ ਵਿੱਚ ਡੂੰਘਾਈ ਨਾਲ ਪ੍ਰਵੇਸ਼ ਕਰਦਾ ਹੈ, ਇੱਕ ਵਿਆਪਕ ਸੁਰੱਖਿਆ ਪਰਤ ਪ੍ਰਦਾਨ ਕਰਦਾ ਹੈ। ਦਹਾਕਿਆਂ ਤੋਂ, ਦੀਮਕ ਸੁਰੱਖਿਆ ਮੁੱਖ ਤੌਰ 'ਤੇ ਪਲਾਈਵੁੱਡ ਇੰਸਟਾਲੇਸ਼ਨ ਤੋਂ ਬਾਅਦ ਲਾਗੂ ਕੀਤੇ ਗਏ ਸਤਹ ਕੋਟਿੰਗਾਂ ਅਤੇ ਰਸਾਇਣਕ ਇਲਾਜਾਂ 'ਤੇ ਨਿਰਭਰ ਕਰਦੀ ਹੈ। ਜਦੋਂ ਕਿ ਇਹ ਤਰੀਕੇ ਅਸਥਾਈ ਸੁਰੱਖਿਆ ਪ੍ਰਦਾਨ ਕਰਦੇ ਹਨ, ਉਹ ਅਕਸਰ ਸਤ੍ਹਾ ਤੱਕ ਸੀਮਿਤ ਹੁੰਦੇ ਹਨ। ਕੱਟਣ, ਡ੍ਰਿਲਿੰਗ, ਨਮੀ ਅਤੇ ਰੋਜ਼ਾਨਾ ਵਰਤੋਂ ਕਾਰਨ ਸਮੇਂ ਦੇ ਨਾਲ ਉਨ੍ਹਾਂ ਦੀ ਪ੍ਰਭਾਵਸ਼ੀਲਤਾ ਹੌਲੀ-ਹੌਲੀ ਘੱਟ ਜਾਂਦੀ ਹੈ। ਨਿਰਮਾਣ ਦੌਰਾਨ ਪਲਾਈਵੁੱਡ ਦੇ ਅੰਦਰ ਸੁਰੱਖਿਆ ਨੂੰ ਸ਼ਾਮਲ ਕਰਕੇ, ਗ੍ਰੀਨਪਲਾਈ ਦਾ ਉਦੇਸ਼ ਘਰਾਂ, ਵਪਾਰਕ ਸਥਾਨਾਂ ਅਤੇ ਸੰਸਥਾਗਤ ਪ੍ਰੋਜੈਕਟਾਂ ਲਈ ਇੱਕ ਵਧੇਰੇ ਭਰੋਸੇਮੰਦ ਅਤੇ ਲੰਬੇ ਸਮੇਂ ਤੱਕ ਚੱਲਣ ਵਾਲਾ ਹੱਲ ਪ੍ਰਦਾਨ ਕਰਨਾ ਹੈ। ਇਸ ਨਵੇਂ ਉਤਪਾਦ ਦੀ (ਇੰਡੀਅਨ ਪਲਾਈਵੁੱਡ ਇੰਡਸਟਰੀਜ਼ ਰਿਸਰਚ ਐਂਡ ਟ੍ਰੇਨਿੰਗ ਇੰਸਟੀਚਿਊਟ) ਦੁਆਰਾ ਪੂਰੀ ਤਰ੍ਹਾਂ ਜਾਂਚ ਅਤੇ ਪ੍ਰਵਾਨਗੀ ਦਿੱਤੀ ਗਈ ਹੈ। ਇਹ ਨਵੀਂ ਤਕਨਾਲੋਜੀ ਗ੍ਰੀਨਪਲਾਈ ਦੀ ਪੂਰੀ ਗ੍ਰੀਨਪਲਾਈ ਰੇਂਜ ਵਿੱਚ ਉਪਲਬਧ ਹੋਵੇਗੀ, ਜਿਸ ਵਿੱਚ ਗ੍ਰੀਨਪਲਾਈ ਮਰੀਨ 710, ਗ੍ਰੀਨਪਲਾਈ ਗੋਲਡ, ਗ੍ਰੀਨਪਲਾਈ ਪਲੈਟੀਨਮ, ਗ੍ਰੀਨਪਲਾਈ ਕਲੱਬ 500, ਅਤੇ ਗ੍ਰੀਨਪਲਾਈ ਕਲੱਬ 700 ਸ਼ਾਮਲ ਹਨ।

# ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਸੈਕਟਰ-34 ਸਥਿਤ ਆਯੁਸ਼ ਇੰਟੀਗ੍ਰੇਟਡ ਹਸਪਤਾਲ ਅਤੇ ਸੈਕਟਰ-11 ਸਥਿਤ ਆਯੁਸ਼ ਡਿਸਪੈਂਸਰੀ ਦਾ ਉਦਘਾਟਨ ਕੀਤਾ

**ਚੰਡੀਗੜ੍ਹ, 5 ਅਗਸਤ**
**-ਹਰਮਨਪ੍ਰੀਤ ਕੌਰ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੈਕਟਰ-34 ਸਥਿਤ ਆਯੁਸ਼ ਇੰਟੀਗ੍ਰੇਟਡ ਹਸਪਤਾਲ ਅਤੇ ਸੈਕਟਰ-11 ਚੰਡੀਗੜ੍ਹ ਸਥਿਤ ਸਰਕਾਰੀ ਆਯੁਸ਼ ਡਿਸਪੈਂਸਰੀ ਦਾ ਉਦਘਾਟਨ ਕੀਤਾ।

ਇਸ ਅਵਸਰ 'ਤੇ ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਗ੍ਰਹਿ-ਅਤੇ-ਸਿਹਤ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਆਯੁਸ਼ ਡਾਇਰੈਕਟਰ ਡਾ. ਅਤੁਲ ਐੱਨ. ਧਾਕਨੇ; ਡਾਇਰੈਕਟਰ-ਪ੍ਰਿੰਸੀਪਲ, ਜੀਐੱਮਸੀਐੱਚ-32 ਡਾ. ਰਵਨੀਤ ਕੌਰ; ਡਾਇਰੈਕਟਰ, ਲੋਕ ਸੰਪਰਕ ਸ਼੍ਰੀ ਰਾਜੀਵ ਤਿਵਾਰੀ; ਐੱਮਸੀ ਕੌਂਸਲਰ ਸੈਕਟਰ-34 ਸੁਸ਼੍ਰੀ ਪ੍ਰੇਮ ਲਤਾ, ਚੰਡੀਗੜ੍ਹ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ, ਮੈਡੀਕਲ ਅਤੇ ਆਯੁਸ਼ ਮਾਹਰ ਅਤੇ ਉੱਘੇ ਨਾਗਰਿਕ ਉਪਸਥਿਤ ਸਨ।



ਪ੍ਰੋਗਰਾਮ ਦੀ ਸ਼ੁਰੂਆਤ ਇੱਕ ਲਘੂ ਡਾਕੂਮੈਂਟਰੀ ਦੀ ਸਕ੍ਰੀਨਿੰਗ ਨਾਲ ਹੋਈ, ਜਿਸ ਵਿੱਚ ਆਯੁਸ਼ ਇੰਟੀਗ੍ਰੇਟਡ ਹਸਪਤਾਲ ਦੀ ਪਰਿਕਲਪਨਾ, ਵਿਕਾਸ ਅਤੇ ਪ੍ਰਮੁੱਖ ਸੁਵਿਧਾਵਾਂ ਅਤੇ ਨਾਗਰਿਕਾਂ ਨੂੰ ਉਪਲਬਧ ਕਰਵਾਈਆਂ ਜਾ ਰਹੀਆਂ ਏਕੀਕ੍ਰਿਤ ਸਿਹਤ ਸੇਵਾਵਾਂ ਦੀ ਜਾਣਕਾਰੀ ਦਿੱਤੀ ਗਈ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਅਤੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਭਾਰਤ ਦੀਆਂ ਪਰੰਪਰਾਗਤ ਚਿਕਿਤਸਾ ਪੱਧਤੀਆਂ ਸਦਾ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਸਿਹਤ 'ਤੇ ਅਧਾਰਿਤ ਸੰਪੂਰਨ ਇਲਾਜ ਦੀ ਧਾਰਨਾ ਨੂੰ ਹੁਲਾਰਾ ਦਿੰਦੀਆਂ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਆਯੁਸ਼ ਅਤੇ ਆਧੁਨਿਕ ਚਿਕਿਤਸਾ ਦਾ ਏਕੀਕਰਣ ਵਿਆਪਕ, ਕਿਫ਼ਾਇਤੀ ਅਤੇ ਰੋਗੀ-ਕੇਂਦ੍ਰਿਤ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਤੰਦਰੁਸਤ ਜੀਵਨਸ਼ੈਲੀ, ਨਿਵਾਰਕ ਸਿਹਤ ਸੇਵਾਵਾਂ ਅਤੇ ਜਨ-ਜਨ ਤੱਕ ਵੈੱਲਨੈੱਸ ਦੀ ਭਾਵਨਾ ਪਹੁੰਚਾਉਣ 'ਤੇ ਬਲ ਦਿੰਦੇ ਹੋਏ ਵਿਸ਼ਵਾਸ ਵਿਅਕਤ ਕੀਤਾ ਕਿ ਇਹ ਸੰਸਥਾ ਏਕੀਕ੍ਰਿਤ ਸਿਹਤ ਸੇਵਾਵਾਂ ਦਾ ਉਤਕ੍ਰਿਸ਼ਟ ਕੇਂਦਰ ਬਣੇਗਾ ਅਤੇ ਚੰਡੀਗੜ੍ਹ ਦੇ ਨਾਲ-ਨਾਲ ਆਸਪਾਸ ਦੇ ਖੇਤਰਾਂ ਦੇ ਲੋਕਾਂ ਨੂੰ ਵੀ ਇਸ ਦਾ ਲਾਭ ਹੋਵੇਗਾ।

ਪ੍ਰਸ਼ਾਸਕ ਯੂਟੀ ਚੰਡੀਗੜ੍ਹ ਨੇ ਆਯੁਸ਼ ਵਿਭਾਗ, ਸਿਹਤ ਵਿਭਾਗ, ਇੰਜੀਨੀਅਰਿੰਗ ਵਿਭਾਗ, ਡਾਕਟਰਾਂ, ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਮਾਂਬੱਧ ਤਰੀਕੇ ਨਾਲ ਇਸ ਪ੍ਰੋਜੈਕਟ ਨੂੰ ਪੂਰਾ ਕਰਨ ਲਈ ਸ਼ਲਾਘਾ ਕੀਤੀ।

ਇਸ ਅਵਸਰ ਤੇ ਸਿਹਤ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ ਨੇ ਕਿਹਾ ਕਿ ਮਾਣਯੋਗ ਰਾਜਪਾਲ ਅਤੇ ਪ੍ਰਸ਼ਾਸਕ ਦੇ ਮਾਰਗਦਰਸ਼ਨ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਸੁਲਭ, ਵਿਆਪਕ ਅਤੇ ਨਾਗਰਿਕ-ਕੇਂਦ੍ਰਿਤ ਸਿਹਤ ਸੇਵਾਵਾਂ ਨੂੰ ਨਿਰੰਤਰ ਮਜ਼ਬੂਤ ? ?ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਆਯੁਸ਼ ਇੰਟੀਗ੍ਰੇਟਡ ਹਸਪਤਾਲ ਵਿੱਚ ਆਯੁਰਵੇਦ, ਹੋਮਿਓਪੈਥੀ, ਯੋਗ ਅਤੇ ਆਧੁਨਿਕ ਚਿਕਿਤਸਾ ਦੀਆਂ ਸੇਵਾਵਾਂ ਇੱਕ ਹੀ ਛੱਤ ਦੇ ਨੀਚੇ ਉਪਲਬਧ ਕਰਵਾਈਆਂ ਗਈਆਂ ਹਨ। ਹਸਪਤਾਲ ਵਿੱਚ ਮਾਹਰ ਓਪੀਡੀ, 12 ਘੰਟੇ ਦੀ ਓਪੀਡੀ (ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਅਤੇ ਦੁਪਹਿਰ 2:00 ਵਜੇ ਤੋਂ ਸ਼ਾਮ 8:00 ਵਜੇ ਤੱਕ), 24ਗ7 ਸਿਹਤ ਸੇਵਾਵਾਂ, 25 ਬਿਸਤਰਿਆਂ ਦੀ ਆਈਪੀਡੀ ਸੁਵਿਧਾ, ਫਾਰਮੇਸੀ, ਯੋਗ ਅਤੇ ਵੈੱਲਨੈੱਸ ਸੈਂਟਰ, ਵਿਗਿਆਨਿਕ ਤੌਰ 'ਤੇ ਵਿਕਸਿਤ ਪੰਚਕਰਮ ਯੂਨਿਟ, ਜੇਰੀਐਟ੍ਰਿਕ ਦੇਖਭਾਲ਼, ਮਾਂ ਅਤੇ ਸ਼ਿਸ਼ੂ ਸਿਹਤ ਸੇਵਾਵਾਂ, ਟੀਕਾਕਰਣ, ਪਰਿਵਾਰ ਭਲਾਈ ਸੇਵਾਵਾਂ ਅਤੇ ਗ਼ੈਰ-ਸੰਚਾਰੀ ਰੋਗਾਂ ਦੀ ਜਾਂਚ ਦੀਆਂ ਸੁਵਿਧਾਵਾਂ ਉਪਲਬਧ ਹਨ।

ਉਦਘਾਟਨ ਤੋਂ ਬਾਅਦ ਸਿਹਤ ਸਕੱਤਰ ਨੇ ਹਸਪਤਾਲ ਦੇ ਵਿਭਿੰਨ ਸੈਕਸ਼ਨਾਂ ਦਾ ਨਿਰੀਖਣ ਕੀਤਾ ਅਤੇ ਡਾਕਟਰਾਂ ਅਤੇ ਸਿਹਤ ਕਰਮੀਆਂ ਨਾਲ ਸੰਵਾਦ ਕੀਤਾ। ਉਨ੍ਹਾਂ ਨੇ ਉਨ੍ਹਾਂ ਨੂੰ ਉੱਚ ਪੱਧਰ ਦਾ ਪੇਸ਼ੇਵਰ ਕਾਰਜ ਸੱਭਿਆਚਾਰ, ਸੰਵੇਦਨਸ਼ੀਲਤਾ ਅਤੇ ਉਤਕ੍ਰਿਸ਼ਟ ਰੋਗੀ ਸੇਵਾ ਸੁਨਿਸ਼ਚਿਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਹਸਪਤਾਲ ਨੂੰ ਖੇਤਰ ਵਿੱਚ ਏਕੀਕ੍ਰਿਤ ਸਿਹਤ ਸੇਵਾਵਾਂ ਦੀ ਆਦਰਸ਼ ਸੰਸਥਾ ਬਣਾਉਣ ਲਈ ਟੀਮ ਭਾਵਨਾ ਨਾਲ ਕਾਰਜ ਕਰਨ ਦਾ ਸੱਦਾ ਦਿੱਤਾ। ਇਸ ਅਵਸਰ 'ਤੇ ਇੱਕ ਮੁਫ਼ਤ ਆਯੁਸ਼ ਸਿਹਤ ਕੈਂਪ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਨਾਗਰਿਕਾਂ ਨੇ ਮਾਹਰ ਡਾਕਟਰਾਂ ਦੇ ਸਲਾਹ-ਮਸ਼ਵਰੇ, ਸਿਹਤ ਜਾਂਚ, ਯੋਗ ਸਲਾਹ-ਮਸ਼ਵਰੇ ਅਤੇ ਮੁਫ਼ਤ ਦਵਾਈਆਂ ਦੀ ਵੰਡ ਦਾ ਲਾਭ ਉਠਾਇਆ।

# ਸਮਾਣਾ ਬਲਾਕ ਦੇ ਪਿੰਡ ਬਰਸ ਅਤੇ ਬ੍ਰਾਹਮਣ ਮਾਜਰਾ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ



**ਸਮਾਣਾ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸਮਾਣਾ ਬਲਾਕ ਦੇ ਪਿੰਡ ਬਰਸ ਅਤੇ ਬ੍ਰਾਹਮਣ ਮਾਜਰਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਨੌਜਵਾਨਾਂ ਨੂੰ ਆਪਣੇ ਵਿਰਸੇ ਤੇ ਗੁਰਧਾਮਾਂ ਨਾਲ ਜੋੜਨਾ ਸਮੇਂ ਦੀ ਲੋੜ: ਦਵਿੰਦਰ ਸਿੰਘ ਸੇਖੋਂ (ਮਿਸਲ ਸਤਲੁਜ)

**ਜ਼ੀਰਾ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਨੌਰੰਗ ਸਿੰਘ ਵਾਲਾ ਤੋਂ ਰਾਜਾ ਸਿੰਘ ਦੀ ਅਗਵਾਈ ਹੇਠ ਨੌਜਵਾਨਾਂ ਦਾ ਜੱਥਾ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਗੁਰਧਾਮਾਂ ਦੀ ਸਲਾਨਾ ਯਾਤਰਾ ਲਈ ਰਵਾਨਾ ਹੋਇਆ। ਇਸ ਮੌਕੇ ਮਿਸਲ ਸਤਲੁਜ ਦੇ ਹਲਕਾ ਇੰਚਾਰਜ ਜ਼ੀਰਾ ਦਵਿੰਦਰ ਸਿੰਘ ਸੇਖੋਂ ਵੱਲੋਂ ਜੱਥੇ ਨੂੰ ਯਾਤਰਾ ਲਈ ਕੁਝ ਲੋੜੀਂਦਾ ਸਮਾਨ ਮੁਹੱਈਆ ਕਰਵਾ ਕੇ ਸਹਿਯੋਗ ਦਿੱਤਾ ਗਿਆ ਅਤੇ ਨੌਜਵਾਨਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਦਵਿੰਦਰ ਸਿੰਘ ਸੇਖੋਂ ਨੇ ਸ਼ਹੀਦ ਬਾਬਾ ਹਨੂੰਮਾਨ ਸਿੰਘ ਜਿੰਨਾ ਦਾ ਜਨਮ ਅਸਥਾਨ ਨੌਰੰਗ ਸਿੰਘ ਵਾਲਾ ਹੈ ਤੋਂ ਸੇਧ ਲੈਂਦੇ ਹੋਏ ਕਿਹਾ ਕਿ ਸਿੱਖ ਨੌਜਵਾਨਾਂ ਨੂੰ ਆਪਣੇ ਗੌਰਵਮਈ ਇਤਿਹਾਸ, ਗੁਰਬਾਣੀ, ਗੁਰਧਾਮਾਂ ਅਤੇ ਸਿੱਖ ਵਿਰਸੇ ਨਾਲ ਜੋੜਨਾ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਦੇ ਨਾਲ-ਨਾਲ ਸੇਵਾ, ਸਿਮਰਨ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੀਆਂ ਹਨ।



ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਹਮੇਸ਼ਾ ਨੌਜਵਾਨਾਂ ਦੇ ਚੰਗੇ ਉਪਰਾਲਿਆਂ ਅਤੇ ਧਾਰਮਿਕ-ਸਮਾਜਿਕ ਗਤੀਵਿਧੀਆਂ ਵਿੱਚ ਆਪਣੀ ਸਮਰੱਥਾ ਅਨੁਸਾਰ ਸਹਿਯੋਗ ਕਰਦੀ ਰਹੇਗੀ। ਉਨ੍ਹਾਂ ਸਮੂਹ ਜੱਥੇ ਦੀ ਚੜ੍ਹਦੀ ਕਲਾ, ਸੁਖਦ ਯਾਤਰਾ ਅਤੇ ਸੁਰੱਖਿਅਤ ਵਾਪਸੀ ਲਈ ਅਰਦਾਸ ਕੀਤੀ।

ਇਸ ਮੌਕੇ ਮਿਸਲ ਸਤਲੁਜ ਵੱਲੋਂ ਹਰਜਿੰਦਰ ਸਿੰਘ ਸਹੋਤਾ, ਮਨਦੀਪ ਸਿੰਘ ਜ਼ੀਰਾ, ਅੰਮ੍ਰਿਤਪਾਲ ਸਿੰਘ ਜ਼ੀਰਾ ਅਤੇ ਜਸਨੂਰ ਸਿੰਘ ਬਰਾੜ ਵੀ ਹਾਜ਼ਰ ਸਨ।

ਮਿਸਲ ਸਤਲੁਜ ਵੱਲੋਂ ਸਮੂਹ ਜੱਥੇ ਨੂੰ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਗੁਰਧਾਮਾਂ ਦੀ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਸਟੇਕਹੋਲਡਰ ਕੰਸਲਟੇਸ਼ਨ-ਕਮ-ਗ੍ਰੀਵੈਂਸ ਰੈਡਰੈੱਸਲ ਮੀਟਿੰਗਾਂ ਤਹਿਤ ਸੀਐੱਮਡੀ ਸਮੇਤ ਚਾਰੋਂ ਡਾਇਰੈਕਟਰ 7 ਨੂੰ 5 ਜ਼ਿਲ੍ਹਿਆਂ ਦੇ ਦੌਰੇ ਤੇ

**ਪਟਿਆਲਾ, 5 ਅਗਸਤ**
**-ਬਲਜੀਤ ਸਰਨਾ-**

ਸੂਬੇ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਅਤੇ ਬਿਜਲੀ ਮੰਤਰੀ ਸ. ਤਰੁਣਪ੍ਰੀਤ ਸਿੰਘ ਸੌਂਧ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ (ਪੀਐਸਪੀਸੀਐੱਲ) ਵੱਲੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 7 ਅਗਸਤ, ਦਿਨ ਸ਼ੁੱਕਰਵਾਰ ਨੂੰ ਸਟੇਕਹੋਲਡਰ ਕੰਸਲਟੇਸ਼ਨ-ਕਮ-ਗ੍ਰੀਵੈਂਸ ਰੈਡਰੈੱਸਲ ਮੀਟਿੰਗਾਂ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਹੈ।

ਇਨ੍ਹਾਂ ਮੀਟਿੰਗਾਂ ਦੀ ਅਗਵਾਈ ਖੁਦ ਪੀਐਸਪੀਸੀਐੱਲ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਡਾ.ਬਸੰਤ ਗਰਗ ਅਤੇ ਕਾਰਪੋਰੇਸ਼ਨ ਦੇ ਚਾਰੋਂ ਡਾਇਰੈਕਟਰ ਕਰਨਗੇ। ਇਸ ਦੌਰਾਨ ਪੀਐਸਪੀਸੀਐੱਲ ਦੇ ਸੀਐੱਮਡੀ ਡਾ.ਬਸੰਤ ਗਰਗ ਵਲੋਂ ਪੱਤਰ ਜਾਰੀ ਕਰਦਿਆਂ ਪੀਐਸਪੀਸੀਐੱਲ ਦੇ ਚਾਰੋਂ ਡਾਇਰੈਕਟਰ ਨੂੰ ਆਪਣੇ-ਆਪਣੇ ਨਿਰਧਾਰਿਤ ਜ਼ਿਲ੍ਹਿਆਂ ਦਾ ਦੌਰਾ ਕਰਕੇ ਸੰਬੰਧਿਤ ਧਿਰਾਂ ਨਾਲ ਸਲਾਹ-ਮਸ਼ਵਰਾ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਸੁਣ ਕੇ ਮੌਕੇ 'ਤੇ ਹੱਲ ਕਰਨ ਲਈ ਲੋੜੀਂਦੀ ਕਾਰਵਾਈ ਕਰਨ ਬਾਰੇ ਕਿਹਾ ਹੈ। ਡਾ.ਗਰਗ ਅਨੁਸਾਰ ਇਨ੍ਹਾਂ ਮੀਟਿੰਗਾਂ ਦਾ ਮੁੱਖ ਉਦੇਸ਼ ਆਮ ਜਨਤਾ, ਉਦਯੋਗਿਕ ਖਪਤਕਾਰਾਂ, ਵਪਾਰਕ ਸੰਸਥਾਵਾਂ ਅਤੇ ਉਦਯੋਗਿਕ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਸਮੇਤ ਹੋਰ ਬਿਜਲੀ ਖਪਤਕਾਰਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨਾ, ਬਿਜਲੀ ਸੇਵਾਵਾਂ ਵਿੱਚ ਸੁਧਾਰ ਲਿਆਉਣਾ ਤੋਂ ਇਲਾਵਾ ਮੌਕੇ ਤੇ ਹਾਲਾਤ ਜਾਨਣਾ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਮਜ਼ਬੂਤ ਕਰਨਾ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਾਂਹਵਧੂ ਸੋਚ ਸਦਕਾ ਇਸ ਮੀਟਿੰਗਾਂ ਦੌਰਾਨ ਜਿਥੇ ਉਕਤ ਅਧਿਕਾਰੀਆਂ ਨੂੰ ਧਰਾਤਲੀ ਪੱਧਰ ਤੇ ਆ ਰਹੀਆਂ ਸਮੱਸਿਆ ਬਾਰੇ ਜਾਣੂ ਕਰਵਾਇਆ ਜਾਵੇਗਾ ਉਥੇ ਹੀ ਦੌਰੇ ਉਪਰੰਤ ਹਰ ਡਾਇਰੈਕਟਰ ਵੱਲੋਂ ਮੀਟਿੰਗ ਵਿੱਚ ਵਿਚਾਰੇ ਗਏ ਮੁੱਦਿਆਂ, ਕੀਤੀ ਗਈ ਕਾਰਵਾਈ ਅਤੇ ਬਕਾਇਆ ਮਾਮਲਿਆਂ ਸਬੰਧੀ ਵਿਸਥਾਰਪੂਰਵਕ ਰਿਪੋਰਟ ਸੀਐੱਮਡੀ ਡਾ. ਬਸੰਤ ਗਰਗ ਨੂੰ ਸੌਂਪਣਗੇ।



ਉਹਨਾਂ ਡਾਇਰੈਕਟਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਦੌਰੇ ਸਬੰਧੀ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ, ਜ਼ਿਲ੍ਹਿਆਂ ਵਿੱਚ ਪ੍ਰਾਪਤ ਜਨਤਕ ਅਤੇ ਉਦਯੋਗਿਕ ਸ਼ਿਕਾਇਤਾਂ ਦੀ ਸਮੀਖਿਆ ਕਰਨ, ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਨੂੰ ਯਕੀਨੀ ਬਣਾਉਣ ਅਤੇ ਲੰਬਿਤ ਮਾਮਲਿਆਂ ਦੇ ਸਮੇਂਬੱਧ ਹੱਲ ਲਈ ਫੀਲਡ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕਰਨ। ਡਾ.ਗਰਗ ਨੇ ਆਮ ਜਨਤਾ, ਉਦਯੋਗਿਕ ਖਪਤਕਾਰਾਂ ਅਤੇ ਵਪਾਰਕ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਮੀਟਿੰਗਾਂ ਵਿੱਚ ਸ਼ਾਮਲ ਹੋ ਕੇ ਆਪਣੀਆਂ ਸ਼ਿਕਾਇਤਾਂ ਅਤੇ ਸੁਝਾਅ ਸਾਂਝੇ ਕਰਨ, ਤਾਂ ਜੋ ਬਿਜਲੀ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਲੋਕ-ਪੱਖੀ ਬਣਾਇਆ ਜਾ ਸਕੇ।

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਸੈਨਿਕ ਬੋਰਡ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ; ਸਾਬਕਾ ਸੈਨਿਕਾਂ ਦੇ ਕਲਿਆਣ ਹਿਤ ਨਵੀਆਂ ਸੁਵਿਧਾਵਾਂ ਦੀ ਸਿ.ਫਾਰਸ਼ ਕੀਤੀ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ-ਅਤੇ-ਪ੍ਰਧਾਨ, ਜ਼ਿਲ੍ਹਾ ਸੈਨਿਕ ਬੋਰਡ (ਜ਼ੈਡਐੱਸਬੀ), ਚੰਡੀਗੜ੍ਹ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਨੇ ਅੱਜ ਜ਼ਿਲ੍ਹਾ ਸੈਨਿਕ ਬੋਰਡ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਸਾਬਕਾ ਸੈਨਿਕਾਂ, ਸੇਵਾ ਕਰ ਰਹੇ ਰੱਖਿਆ ਕਰਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਕਲਿਆਣ ਨਾਲ ਜੁੜੇ ਵਿਭਿੰਨ ਵਿਸ਼ਿਆਂ ਦੀ ਸਮੀਖਿਆ ਕੀਤੀ ਅਤੇ ਕਈ ਨਵੀਆਂ ਕਲਿਆਣਕਾਰੀ ਸਿਫ਼ਾਰਸ਼ਾਂ 'ਤੇ ਵਿਚਾਰ-ਵਟਾਂਦਰਾ ਕੀਤਾ।

ਮੀਟਿੰਗ ਵਿੱਚ ਪਿਛਲੀ ਬੋਰਡ ਮੀਟਿੰਗ ਦੌਰਾਨ ਲਏ ਗਏ ਨਿਰਣਿਆਂ 'ਤੇ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਇਸ ਦੌਰਾਨ ਦੱਸਿਆ ਗਿਆ ਕਿ ਚੰਡੀਗੜ੍ਹ ਪ੍ਰਸ਼ਾਸਨ ਨੇ ਸਾਬਕਾ ਅਗਨੀਵੀਰਾਂ ਲਈ 20% ਹੌਰਿਜ਼ੋਂਟਲ ਰਿਜ਼ਰਵੇਸ਼ਨ ਨੂੰ ਕਾਂਸਟੇਬਲ (ਕਾਰਜਕਾਰੀ ਅਤੇ ਵਾਇਰਲੈੱਸ), ਜੇਲ੍ਹ ਵਾਰਡਨ ਅਤੇ ਫੌਰੈਸਟ ਗਾਰਡ ਦੇ ਪਦਾਂ 'ਤੇ ਸਿੱਧੀ ਭਰਤੀ ਵਿੱਚ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨਾਲ ਸਾਬਕਾ ਅਗਨੀਵੀਰਾਂ ਲਈ ਰੋਜ਼ਗਾਰ ਦੇ ਨਵੇਂ ਅਵਸਰ ਉਪਲਬਧ ਹੋਣਗੇ।




ਮੀਟਿੰਗ ਵਿੱਚ ਸੈਨਿਕ ਰੈਸਟ ਹਾਊਸ, ਚੰਡੀਗੜ੍ਹ ਦੇ ਨਵੀਨੀਕਰਣ ਕਾਰਜ ਦੀ ਵੀ ਸਮੀਖਿਆ ਕੀਤੀ ਗਈ। ਇਸ ਵਾਸਤੇ ਚੰਡੀਗੜ੍ਹ ਪ੍ਰਸ਼ਾਸਨ ਨੇ ?2.07 ਕਰੋੜ ਮਨਜ਼ੂਰ ਕੀਤੇ ਹਨ।ਨਵੀਨੀਕਰਣ ਕਾਰਜ 5 ਜੂਨ 2026 ਤੋਂ ਸ਼ੁਰੂ ਹੋ ਚੁੱਕਿਆ ਹੈ, ਜਿਸ ਨਾਲ ਚੰਡੀਗੜ੍ਹ ਆਉਣ ਵਾਲੇ ਸੇਵਾਰਤ ਅਤੇ ਸੇਵਾਮੁਕਤ ਰੱਖਿਆ ਕਰਮੀਆਂ ਲਈ ਆਵਾਸ ਅਤੇ ਹੋਰ ਸੁਵਿਧਾਵਾਂ ਵਿੱਚ ਜ਼ਿਕਰਯੋਗ ਸੁਧਾਰ ਹੋਵੇਗਾ।

ਸਾਬਕਾ ਸੈਨਿਕਾਂ ਅਤੇ ਰੱਖਿਆ ਕਰਮੀਆਂ ਦੇ ਕਲਿਆਣ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਬੋਰਡ ਨੇ ਚੰਡੀਗੜ੍ਹ ਪ੍ਰਸ਼ਾਸਨ ਨੂੰ ਕਈ ਪ੍ਰਸਤਾਵ ਪ੍ਰਵਾਨਗੀ ਹਿਤ ਭੇਜਣ ਦੀ ਸਿਫ਼ਾਰਸ਼ ਕੀਤੀ। ਇਨ੍ਹਾਂ ਵਿੱਚ ਸੇਵਾ ਦੇ ਦੌਰਾਨ ਮਰ ਜਾਣ ਵਾਲੇ ਅਤੇ ਫ਼ਿਜ਼ੀਕਲ ਕੈਜ਼ੂਅਲਿਟੀ (ਫੈਟਲ) ਐਲਾਨੇ ਗਏ ਰੱਖਿਆ ਕਰਮੀਆਂ (ਯੁੱਧ ਵਿੱਚ ਮਾਰੇ ਜਾਣ ਨੂੰ ਛੱਡ ਕੇ) ਦੇ ਨਿਕਟਤਮ ਪਰਿਵਾਰਿਕ ਮੈਂਬਰ ਹਥਿਆਰਬੰਦ ਸੈਨਾ ਝੰਡਾ ਦਿਵਸ (ਏਐੱਫਐੱਫਡੀ) ਫੰਡ ਤੋਂ ਇੱਕਮੁਸ਼ਤ 1 ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨਾ, ਭਵਿੱਖ ਵਿੱਚ ਬੀਰਤਾ ਅਤੇ ਵਿਸ਼ਿਸ਼ਟ ਸੇਵਾ ਮੈਡਲ ਪ੍ਰਾਪਤਕਰਤਾਵਾਂ ਲਈ ਇੱਕਮੁਸ਼ਤ ਨਕਦ ਪੁਰਸਕਾਰ ਰਾਸ਼ੀ ਵਿੱਚ ਵਾਧਾ ਕਰਨਾ, ਜੂਨ 2009 ਤੋਂ ਪਹਿਲਾਂ ਪ੍ਰਵਾਨਿਤ ਲਾਭ ਪ੍ਰਾਪਤ ਕਰ ਰਹੇ ਬੀਰਤਾ ਪੁਰਸਕਾਰ ਜੇਤੂਆਂ ਦੇ ਮਾਸਿਕ ਭੱਤੇ ਵਿੱਚ 30% ਵਾਧਾ ਅਤੇ ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰਆਈਐੱਮਸੀ) ਦੇ ਸਕਾਲਰਸ਼ਿਪ ਨੂੰ 33,000 ਤੋਂ ਵਧਾ ਕੇ 50,000 ਪ੍ਰਤੀ ਕੈਡਿਟ ਪ੍ਰਤੀ ਵਰ੍ਹਾ ਕਰਨਾ ਸ਼ਾਮਲ ਹੈ।

ਇਸ ਅਵਸਰ 'ਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪਹਿਲਾਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਕਲਿਆਣਕਾਰੀ ਵਿਵਸਥਾ ਨੂੰ ਹੋਰ ਅਧਿਕ ਮਜ਼ਬੂਤ ? ?ਕਰਨਗੀਆਂ ਅਤੇ ਦੇਸ਼ ਦੀ ਸੇਵਾ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਅਤੇ ਬਲੀਦਾਨ ਦਾ ਸਨਮਾਨ ਕਰਨਗੀਆਂ। ਉਨ੍ਹਾਂ ਨੇ ਵਿਸ਼ਵਾਸ ਵਿਅਕਤ ਕੀਤਾ ਕਿ ਚੰਡੀਗੜ੍ਹ ਪ੍ਰਸ਼ਾਸਨ ਇਨ੍ਹਾਂ ਸਿਫ਼ਾਰਸ਼ਾਂ 'ਤੇ ਸਾਕਾਰਾਤਮਕ ਵਿਚਾਰ ਕਰਦੇ ਹੋਏ ਜਲਦੀ ਨਿਰਣਾ ਲਵੇਗਾ।

ਮੀਟਿੰਗ ਵਿੱਚ ਬ੍ਰਿਗੇਡੀਅਰ ਡੀ.ਐੱਸ. ਢਿੱਲੋਂ (ਸੇਵਾਮੁਕਤ), ਉਪ ਪ੍ਰਧਾਨ, ਜ਼ਿਲ੍ਹਾ ਸੈਨਿਕ ਬੋਰਡ; ਕਰਨਲ ਸ਼ਹਿਜ਼ਾਦਾ ਕੋਹਲੀ, ਕਰਨਲ ਵੈਟਰਨਸ, ਹੈੱਡਕੁਆਰਟਰਸ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ (ਸੁਤੰਤਰ) ਸਬ ਏਰੀਆ; ਲੈਫਟੀਨੈਂਟ ਕਰਨਲ ਆਰ.ਕੇ. ਸਿੰਘ (ਸੇਵਾਮੁਕਤ); ਸ਼੍ਰੀ ਕੇ.ਕੇ. ਸ਼ਾਰਦਾ, ਗ਼ੈਰ-ਸਰਕਾਰੀ ਮੈਂਬਰ ਅਤੇ ਕਰਨਲ ਐੱਚ.ਐੱਸ. ਘੁੰਮਣ (ਸੇਵਾਮੁਕਤ), ਜ਼ਿਲ੍ਹਾ ਸੈਨਿਕ ਭਲਾਈ ਅਧਿਕਾਰੀ-ਅਤੇ-ਸਕੱਤਰ ਜ਼ਿਲ੍ਹਾ ਸੈਨਿਕ ਬੋਰਡ ਉਪਸਥਿਤ ਰਹੇ।

# ਨਗਰ ਨਿਗਮ ਨੇ ਇਲਾਕੇ ਦੇ ਲੋਕਾਂ ਨਾਲ ਕੀਤਾ ਹੋਇਆ ਹੈ 'ਠੱਗਾ' : ਰਾਜੇਸ਼ ਮਿਸ਼ਰਾ



**ਲੁਧਿਆਣਾ, 5 ਅਗਸਤ**
**-ਜਗਮੇਲ ਸਿੰਘ ਢਿਲੋਂ-**

ਨਗਰ ਨਿਗਮ ਦੀ ਸਦਨ ਬੈਠਕ ਦੌਰਾਨ ਭਾਜਪਾ ਆਗੂ ਰਾਜੇਸ਼ ਮਿਸ਼ਰਾ ਨੇ ਮੇਅਰ ਅਤੇ ਨਗਰ ਨਿਗਮ ਪ੍ਰਸ਼ਾਸਨ 'ਤੇ ਤਿੱਖੇ ਸ਼ਬਦੀ ਹਮਲੇ ਕਰਦਿਆਂ ਦੋਸ਼ ਲਗਾਇਆ ਕਿ ਨਿਗਮ ਨੇ ਸ਼ਹਿਰ ਅਤੇ ਇਲਾਕੇ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਤੋੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਥਾਂ ਲੋਕਾਂ ਨੂੰ ਸਿਰਫ਼ ਭਰੋਸੇ ਦਿੱਤੇ ਜਾ ਰਹੇ ਹਨ, ਜਦਕਿ ਜ਼ਮੀਨੀ ਹਕੀਕਤ ਬਿਲਕੁਲ ਵੱਖਰੀ ਹੈ।

ਰਾਜੇਸ਼ ਮਿਸ਼ਰਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਈ ਵਾਰ ਨਗਰ ਨਿਗਮ ਕਮਿਸ਼ਨਰ ਨੂੰ ਲਿਖਤੀ ਰੂਪ ਵਿੱਚ ਇਲਾਕੇ ਦੀਆਂ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ ਗਿਆ, ਪਰ ਕਿਸੇ ਵੀ ਪੱਤਰ 'ਤੇ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਪੱਕੀਆਂ ਸੜਕਾਂ ਨੂੰ ਤੋੜ ਕੇ ਲੋਕਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਅਤੇ ਵਿਕਾਸ ਦੇ ਨਾਮ 'ਤੇ ਸਿਰਫ਼ ਕਾਗਜ਼ੀ ਕਾਰਵਾਈ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਲੁਧਿਆਣਾ ਦੇ ਲੋਕ ਟੁੱਟੀਆਂ ਸੜਕਾਂ, ਟ੍ਰੈਫਿਕ ਜਾਮ, ਸੀਵਰੇਜ ਅਤੇ ਪਾਣੀ ਭਰਨ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਹੇ ਹਨ, ਪਰ ਮੇਅਰ ਅਤੇ ਨਗਰ ਨਿਗਮ ਪ੍ਰਸ਼ਾਸਨ ਲੋਕਾਂ ਦੀਆਂ ਮੁਸ਼ਕਲਾਂ ਤੋਂ ਬੇਖ਼ਬਰ ਹਨ। ਮਿਸ਼ਰਾ ਨੇ ਦੋਸ਼ ਲਗਾਇਆ ਕਿ ਨਗਰ ਨਿਗਮ ਵਿੱਚ ਲੋਕ ਭਲਾਈ ਦੀ ਥਾਂ ਕਮਿਸ਼ਨ ਏਜੰਟਾਂ ਦਾ ਦਬਦਬਾ ਹੈ ਅਤੇ ਵਿਕਾਸ ਕਾਰਜ ਪ੍ਰਭਾਵਿਤ ਹੋ ਰਹੇ ਹਨ।

ਉਨ੍ਹਾਂ ਕਿਹਾ ਕਿ ਬਰਸਾਤ ਦੌਰਾਨ ਲੁਧਿਆਣਾ ਦੇ ਹਾਲਾਤ ਬਹੁਤ ਮਾੜੇ ਰਹੇ, ਪਰ ਮੇਅਰ ਅਤੇ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਲੋਕਾਂ ਦੀ ਸਾਰ ਨਹੀਂ ਲਈ। ਉਨ੍ਹਾਂ ਦੋਸ਼ ਲਗਾਇਆ ਕਿ ਅਧਿਕਾਰੀ ਦਫ਼ਤਰਾਂ ਤੱਕ ਹੀ ਸੀਮਿਤ ਹਨ ਅਤੇ ਗਰਾਊਂਡ ਪੱਧਰ 'ਤੇ ਹਾਲਾਤ ਦਾ ਜਾਇਜ਼ਾ ਨਹੀਂ ਲੈਂਦੇ।

ਰਾਜੇਸ਼ ਮਿਸ਼ਰਾ ਨੇ ਕਿਹਾ ਕਿ ਸਦਨ ਵਿੱਚ ਵਿਰੋਧੀ ਧਿਰ ਨੂੰ ਆਪਣੀ ਗੱਲ ਰੱਖਣ ਦਾ ਮੌਕਾ ਮਿਲਿਆ, ਜਿਸ ਲਈ ਉਨ੍ਹਾਂ ਸਦਨ ਦੇ ਆਗੂਆਂ ਦਾ ਧੰਨਵਾਦ ਕੀਤਾ। ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਨਗਰ ਨਿਗਮ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਪਹਿਲ ਦੇ ਕੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਏ ਅਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰੇ। ਧਰਨੇ ਦੇ ਸਪਸ਼ਟੀਕਰਨ ਲਈ ਜਦੋਂ ਮੇਅਰ ਮੈਡਮ ਪ੍ਰਿੰਸੀਪਲ ਇੰਦਰਜੀਤ ਕੌਰ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਨੇ ਫੋਨ ਨਹੀਂ ਚੁੱਕਿਆ।

# ਗਲੋਬਲ ਸਿੱਖ ਕੌਂਸਲ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੀਰੀ-ਪੀਰੀ ਦੇ ਸਿਧਾਂਤ ਹੇਠ ਪੰਥਕ ਏਕਤਾ ਲਈ ਜਥੇਦਾਰ ਨੂੰ ਅਪੀਲ

**ਚੰਡੀਗੜ੍ਹ, 5 ਅਗਸਤ**
**-ਜੀ. ਐਸ. ਤੁੰਗ-**

ਸਿੱਖਾਂ ਦੀ ਵੱਡੀ ਵਸੋਂ ਵਾਲੇ ਦੁਨੀਆ ਦੇ ਕਰੀਬ 30 ਦੇਸ਼ਾਂ ਦੀਆਂ ਕੌਮੀ ਸਿੱਖ ਸੰਸਥਾਵਾਂ ਦੀ ਨੁਮਾਇੰਦਗੀ ਕਰਨ ਵਾਲੀ ਗਲੋਬਲ ਸਿੱਖ ਕੌਂਸਲ (ਜੀ.ਐਸ.ਸੀ.) ਨੇ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਰਸਮੀ ਅਪੀਲ ਕਰਦਿਆਂ ਕਿਹਾ ਹੈ ਕਿ ਪੰਜਾਬ ਦੇ ਸਿਆਸੀ ਅਤੇ ਸਮਾਜਿਕ ਜੀਵਨ ਦੇ ਇਸ ਗੰਭੀਰ ਅਤੇ ਨਾਜ਼ੁਕ ਮੋੜ 'ਤੇ ਉਹ ਸਿੱਖ ਪੰਥ ਦੀ ਸਿੱਧੀ ਅਗਵਾਈ ਆਪਣੇ ਹੱਥਾਂ ਵਿੱਚ ਲੈਣ।

ਹਾਲ ਹੀ ਵਿੱਚ ਹੋਈ ਗਲੋਬਲ ਸਿੱਖ ਕੌਂਸਲ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਦੌਰਾਨ ਵਿਸਥਾਰਤ ਵਿਚਾਰ-ਵਟਾਂਦਰੇ ਉਪਰੰਤ ਪ੍ਰਵਾਨ ਕੀਤੀ ਗਈ ਇਸ ਅਪੀਲ ਵਿੱਚ ਸਿੱਖ ਰਾਜਨੀਤਕ ਵਿਵਸਥਾ ਦੇ ਸਿਧਾਂਤਕ ਆਧਾਰ 'ਮੀਰੀ-ਪੀਰੀ', ਭਾਵ ਸੰਸਾਰਕ ਜ਼ਿੰਮੇਵਾਰੀ ਅਤੇ ਅਧਿਆਤਮਿਕ ਅਧਿਕਾਰ ਦੇ ਅਟੁੱਟ ਸੁਮੇਲ, ਅਤੇ 'ਗੁਰੂ ਗ੍ਰੰਥ-ਗੁਰੂ ਪੰਥ' ਦੇ ਸਿਧਾਂਤ ਦਾ ਹਵਾਲਾ ਦਿੱਤਾ ਗਿਆ ਹੈ। ਇਸ ਸਿਧਾਂਤ ਅਨੁਸਾਰ ਸਿਧਾਂਤਕ ਮਾਮਲਿਆਂ ਵਿੱਚ ਅੰਤਿਮ ਅਧਿਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕੋਲ ਹੈ, ਜਦਕਿ ਸਮੂਹਿਕ ਫ਼ੈਸਲੇ ਲੈਣ ਦਾ ਅਧਿਕਾਰ ਗੁਰੂ ਪੰਥ ਨੂੰ ਸੌਂਪਿਆ ਗਿਆ ਹੈ। ਕੌਂਸਲ ਨੇ ਕਿਹਾ ਕਿ ਜਦੋਂ ਵੀ ਸਿੱਖ ਪੰਥ ਦੀ ਹੋਂਦ ਨੂੰ ਗੰਭੀਰ ਖ਼ਤਰਾ ਦਰਪੇਸ਼ ਹੋਇਆ ਹੈ ਤਾਂ ਉਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਤਿਹਾਸਕ ਤੌਰ 'ਤੇ ਪੰਥ ਦੀ ਅਗਵਾਈ ਦੀ ਇਹ ਭੂਮਿਕਾ ਨਿਭਾਈ ਹੈ। ਇਹ ਅਧਿਕਾਰ ਸਰਵਉੱਚ ਸੰਸਾਰਕ ਤਖ਼ਤ ਦੇ ਜਥੇਦਾਰ ਵੱਲੋਂ ਗੁਰੂ ਪੰਥ ਦੇ ਬੁਲਾਰੇ ਵਜੋਂ ਵਰਤਿਆ ਜਾਂਦਾ ਰਿਹਾ ਹੈ।

ਪੰਜਾਬ ਅਤੇ ਵਿਦੇਸ਼ਾਂ ਵਿੱਚ ਪੰਥਕ ਧਿਰਾਂ ਵੱਲੋਂ ਪ੍ਰਗਟਾਈ ਜਾ ਰਹੀ ਵਧਦੀ ਚਿੰਤਾ ਦਾ ਹਵਾਲਾ ਦਿੰਦਿਆਂ, ਜਿਸ ਵਿੱਚ ਵੱਖ-ਵੱਖ ਹਲਕਿਆਂ ਵੱਲੋਂ ਹਾਲ ਹੀ ਵਿੱਚ ਪੰਥਕ ਏਕਤਾ ਲਈ ਦਿੱਤੇ ਗਏ ਸੱਦੇ ਵੀ ਸ਼ਾਮਲ ਹਨ, ਖ਼ਾਸ ਤੌਰ 'ਤੇ ਪੰਥਕ ਕੌਂਸਲ ਦੀ ਚੇਅਰਪਰਸਨ ਬੀਬੀ ਸਤਵੰਤ ਕੌਰ ਅਤੇ ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਕੀਤੀ ਗਈ ਏਕਤਾ ਦੀ ਅਪੀਲ ਦੇ ਹਵਾਲੇ ਨਾਲ ਗਲੋਬਲ ਸਿੱਖ ਕੌਂਸਲ ਨੇ ਪੰਜਾਬ ਵਿੱਚ ਅਕਾਲੀ ਸਿਆਸਤ ਦੇ ਵੱਡੇ ਪੱਧਰ 'ਤੇ ਹੋਏ ਖਿੰਡਾਅ ਵੱਲ ਧਿਆਨ ਦਿਵਾਇਆ ਹੈ।

ਕੌਂਸਲ ਨੇ ਕਿਹਾ ਕਿ 'ਅਕਾਲੀ ਦਲ' ਨਾਮ ਵਾਲੀਆਂ 11 ਰਜਿਸਟਰਡ ਸਿਆਸੀ ਪਾਰਟੀਆਂ ਵਿੱਚੋਂ ਸਿਰਫ਼ ਸ਼੍ਰੋਮਣੀ ਅਕਾਲੀ ਦਲ (ਬਾਦਲ) ਹੀ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕੋਈ ਸੀਟ ਜਿੱਤ ਸਕਿਆ ਸੀ ਅਤੇ ਉਸ ਨੇ ਕੁੱਲ 117 ਵਿਧਾਨ ਸਭਾ ਸੀਟਾਂ ਵਿੱਚੋਂ ਸਿਰਫ਼ ਤਿੰਨ ਸੀਟਾਂ ਹੀ ਹਾਸਲ ਕੀਤੀਆਂ ਸਨ।

ਗਲੋਬਲ ਸਿੱਖ ਕੌਂਸਲ ਦਾ ਕਹਿਣਾ ਹੈ ਕਿ ਅਕਾਲੀ ਸਿਆਸਤ ਦੀ ਇਸ ਵੰਡ ਨੇ ਪੰਥ ਨੂੰ ਅਜਿਹੇ ਸਮੇਂ ਪ੍ਰਭਾਵਸ਼ਾਲੀ ਸਿਆਸੀ ਨੁਮਾਇੰਦਗੀ ਤੋਂ ਵਾਂਝਾ ਕਰ ਦਿੱਤਾ ਹੈ, ਜਦੋਂ ਪੰਜਾਬ ਨੂੰ ਲਗਾਤਾਰ ਵਧ ਰਹੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਵਿੱਚ ਅਮਨ-ਕਾਨੂੰਨ ਨਾਲ ਸਬੰਧਤ ਚਿੰਤਾਵਾਂ, ਨੌਜਵਾਨਾਂ ਵਿੱਚ ਨਸ਼ਿਆਂ ਦੀ ਵਧ ਰਹੀ ਵਰਤੋਂ, ਦਰਿਆਈ ਪਾਣੀਆਂ






ਦਾ ਮਸਲਾ, ਲਗਾਤਾਰ ਵਧ ਰਿਹਾ ਕਰਜ਼ਾ ਅਤੇ ਬਾਹਰਲੇ ਰਾਜਾਂ ਤੋਂ ਸੂਬੇ ਵਿੱਚ ਵੱਡੇ ਪੱਧਰ 'ਤੇ ਹੋ ਰਹੀ ਜਨਸੰਖਿਆ ਤਬਦੀਲੀ ਸ਼ਾਮਲ ਹੈ, ਜਿਸ ਨੂੰ ਕੌਂਸਲ ਨੇ ਸਮੂਹ ਪੰਜਾਬੀਆਂ ਲਈ 'ਬੇਨਿਯਮ ਜਨਸੰਖਿਆ ਤਬਦੀਲੀ' ਕਰਾਰ ਦਿੱਤਾ ਹੈ।

ਇਸ ਲਿਖਤੀ ਅਪੀਲ ਉੱਪਰ ਪ੍ਰਧਾਨ ਡਾ. ਕੰਵਲਜੀਤ ਕੌਰ, ਯੂ.ਕੇ., ਉਪ ਪ੍ਰਧਾਨ ਪਰਮਜੀਤ ਸਿੰਘ ਬੇਦੀ, ਯੂ.ਐਸ.ਏ., ਸਕੱਤਰ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਤੇ ਖਜ਼ਾਨਚੀ ਹਰਸਰਨ ਸਿੰਘ, ਦੋਵੇਂ ਭਾਰਤ ਤੋਂ, ਅਤੇ ਐਡਵੋਕੇਟ ਜਗੀਰ ਸਿੰਘ, ਮਲੇਸ਼ੀਆ, ਨੇ ਦਸਤਖਤ ਕੀਤੇ ਹਨ। ਉਨ੍ਹਾਂ ਨੇ ਗਲੋਬਲ ਸਿੱਖ ਕੌਂਸਲ ਵੱਲੋਂ ਜਥੇਦਾਰ ਸਾਹਿਬ ਦੇ ਵਿਚਾਰ ਲਈ ਕਈ ਠੋਸ ਕਦਮਾਂ ਦੀ ਤਜਵੀਜ਼ ਵੀ ਪੇਸ਼ ਕੀਤੀ ਹੈ।

ਕੌਂਸਲ ਨੇ ਸੁਝਾਅ ਦਿੱਤਾ ਹੈ ਕਿ ਜਥੇਦਾਰ ਸਾਹਿਬ 'ਆਦੇਸ਼' ਜਾਰੀ ਕਰਕੇ ਸਾਰੀਆਂ ਸਰਗਰਮ ਅਕਾਲੀ ਦਲ ਧਿਰਾਂ ਨੂੰ ਇਕਜੁੱਟ ਹੋਣ ਲਈ ਰਸਮੀ ਸੱਦਾ ਦੇਣ।

ਇਨ੍ਹਾਂ ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲਾ ਸ਼੍ਰੋਮਣੀ ਅਕਾਲੀ ਦਲ, ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਨਵ-ਗਠਿਤ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਵਾਲਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲਾ ਅਕਾਲੀ ਦਲ (ਵਾਰਿਸ ਪੰਜਾਬ ਦੇ) ਸ਼ਾਮਲ ਕੀਤੇ ਜਾਣ।

ਕੌਂਸਲ ਨੇ ਤਜਵੀਜ਼ ਦਿੱਤੀ ਹੈ ਕਿ ਇਹ ਸਾਰੀਆਂ ਅਕਾਲੀ ਧਿਰਾਂ ਆਪਸੀ ਸਹਿਮਤੀ ਨਾਲ ਸੀਟਾਂ ਦੀ ਵੰਡ ਦਾ ਫ਼ਾਰਮੂਲਾ ਤੈਅ ਕਰਕੇ ਇੱਕ ਸਾਂਝੇ ਮੰਚ ਤੋਂ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਲੜਨ। ਇਸ ਦੇ ਨਾਲ ਹੀ ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿੱਚ ਹੋਣ ਵਾਲੀਆਂ ਨਾਮਜ਼ਦਗੀਆਂ ਬਾਰੇ ਵੀ ਅਗਾਊਂ ਹੀ ਆਪਸੀ ਸਹਿਮਤੀ ਨਾਲ ਵਿਵਸਥਾ ਤੈਅ ਕੀਤੀ ਜਾਵੇ।

ਜੇਕਰ ਸਾਂਝੀ ਲੀਡਰਸ਼ਿਪ ਬਾਰੇ ਸਹਿਮਤੀ ਬਣਾਉਣ ਵਿੱਚ ਮੁਸ਼ਕਲ ਪੇਸ਼ ਆਵੇ ਤਾਂ ਕੌਂਸਲ ਨੇ ਪੰਜ ਮੈਂਬਰੀ ਪ੍ਰਧਾਨਗੀ ਕਮੇਟੀ (ਪ੍ਰੀਜ਼ੀਡੀਅਮ) ਕਾਇਮ ਕਰਨ ਦਾ ਸੁਝਾਅ ਦਿੱਤਾ ਹੈ। ਇਸ ਦੇ ਬਦਲ ਵਜੋਂ ਸਰਗਰਮ ਸਿਆਸਤ ਤੋਂ ਬਾਹਰ ਕਿਸੇ ਸਤਿਕਾਰਤ ਅਤੇ ਯੋਗ ਪੇਸ਼ੇਵਰ ਸ਼ਖ਼ਸੀਅਤ ਨੂੰ ਇਸ ਸਾਂਝੇ ਗੱਠਜੋੜ ਦੀ ਅਗਵਾਈ ਸੌਂਪਣ ਦੀ ਤਜਵੀਜ਼ ਵੀ ਦਿੱਤੀ ਗਈ ਹੈ। ਕੌਂਸਲ ਨੇ ਇਸ ਮਾਡਲ ਦੀ ਤੁਲਨਾ ਡਾ. ਮਨਮੋਹਨ ਸਿੰਘ ਜੀ ਨੂੰ ਭਾਰਤ ਦਾ ਪ੍ਰਧਾਨ ਮੰਤਰੀ ਨਿਯੁਕਤ ਕੀਤੇ ਜਾਣ ਨਾਲ ਕੀਤੀ ਹੈ ਜਿਨ੍ਹਾਂ ਨੇ ਆਪਣੇ ਕਾਰਜਕਾਲ ਨੂੰ ਬਿਹਤਰੀਨ ਢੰਗ ਨਾਲ ਸੰਭਾਲਿਆ।

ਕੌਂਸਲ ਨੇ ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਹੈ ਕਿ ਪੰਥਕ ਏਕਤਾ ਲਈ ਇਹ ਸੱਦਾ ਸਿਰਫ਼ ਵੱਖ-ਵੱਖ ਅਕਾਲੀ ਦਲ ਧਿਰਾਂ ਤੱਕ ਹੀ ਸੀਮਤ ਨਾ ਰੱਖਿਆ ਜਾਵੇ, ਸਗੋਂ ਦਲਿਤਾਂ ਅਤੇ ਹੋਰ ਸਿੱਖ ਸਿਆਸੀ ਧਿਰਾਂ ਨੂੰ ਵੀ ਇਸ ਏਕਤਾ ਮੁਹਿੰਮ ਵਿੱਚ ਸ਼ਾਮਲ ਕੀਤਾ ਜਾਵੇ। ਕੌਂਸਲ ਅਨੁਸਾਰ ਇਸ ਪਹਿਲ ਦਾ ਉਦੇਸ਼ ਵੱਧ ਤੋਂ ਵੱਧ ਵਿਆਪਕ ਅਤੇ ਮਜ਼ਬੂਤ ਸਿਆਸੀ ਗੱਠਜੋੜ ਕਾਇਮ ਕਰਨਾ ਹੋਣਾ ਚਾਹੀਦਾ ਹੈ, ਜੋ ਪੰਜਾਬ ਦੇ ਹਿੱਤਾਂ ਪ੍ਰਤੀ ਜਵਾਬਦੇਹ ਸਰਕਾਰ ਬਣਾਉਣ ਦੇ ਸਮਰੱਥ ਹੋਵੇ।

ਗਲੋਬਲ ਸਿੱਖ ਕੌਂਸਲ ਨੇ ਵੋਟਰ ਸੂਚੀਆਂ ਵਿੱਚ ਕਥਿਤ ਬੇਨਿਯਮੀਆਂ ਦੀ ਪੜਚੋਲ ਕਰਨ ਲਈ ਸੀਨੀਅਰ ਵਕੀਲਾਂ ਦੀ ਇੱਕ ਕਮੇਟੀ ਕਾਇਮ ਕਰਨ ਦੀ ਵੀ ਤਜਵੀਜ਼ ਦਿੱਤੀ ਹੈ। ਇਹ ਕਮੇਟੀ ਰਾਜ ਚੋਣ ਕਮਿਸ਼ਨ ਨਾਲ ਤਾਲਮੇਲ ਕਰਕੇ ਕੰਮ ਕਰੇ ਅਤੇ ਨਾਲ ਹੀ ਸੂਬੇ ਭਰ ਦੇ ਪਿੰਡਾਂ ਵਿੱਚ ਇਸ ਮਸਲੇ 'ਤੇ ਪਹਿਲਾਂ ਤੋਂ ਕੰਮ ਕਰ ਰਹੇ ਜ਼ਮੀਨੀ ਪੱਧਰ ਦੇ ਸਮੂਹਾਂ ਅਤੇ ਜਥੇਬੰਦੀਆਂ ਨਾਲ ਵੀ ਸਹਿਯੋਗ ਕਰੇ।

ਕੌਂਸਲ ਨੇ ਪੰਜਾਬ ਵਿੱਚ ਹਾਲ ਹੀ ਦੌਰਾਨ ਆ ਕੇ ਵੱਸੇ ਪਰਵਾਸੀਆਂ ਦੇ ਵੋਟ ਦੇ ਅਧਿਕਾਰ, ਵਾਹੀਯੋਗ ਜ਼ਮੀਨਾਂ ਦੀ ਖ਼ਰੀਦ ਅਤੇ ਪੰਜਾਬੀਆਂ ਲਈ ਸਰਕਾਰੀ ਨੌਕਰੀਆਂ ਲਈ ਯੋਗਤਾ ਸਬੰਧੀ ਵਿਧਾਨਕ ਸੁਰੱਖਿਆ ਉਪਾਅ ਕੀਤੇ ਜਾਣ ਦੀ ਵੀ ਮੰਗ ਕੀਤੀ ਹੈ। ਗਲੋਬਲ ਸਿੱਖ ਕੌਂਸਲ ਨੇ ਇਨ੍ਹਾਂ ਤਜਵੀਜ਼ਾਂ ਨੂੰ ਪੰਜਾਬ ਵਿੱਚ ਜਨਮੇ ਮੂਲ ਵਸਨੀਕਾਂ ਦੇ ਅਧਿਕਾਰਾਂ ਅਤੇ ਹਿੱਤਾਂ ਦੀ ਰਾਖੀ ਲਈ ਲੋੜੀਂਦੇ ਸੁਰੱਖਿਆ ਉਪਾਵਾਂ ਵਜੋਂ ਪੇਸ਼ ਕੀਤਾ ਹੈ।

ਗਲੋਬਲ ਸਿੱਖ ਕੌਂਸਲ ਨੇ ਦੁਨੀਆ ਭਰ ਦੀਆਂ ਸਿੱਖ ਸੰਸਥਾਵਾਂ, ਸੁਸਾਇਟੀਆਂ ਅਤੇ ਗੈਰ-ਸਰਕਾਰੀ ਜਥੇਬੰਦੀਆਂ ਨੂੰ ਵੀ ਇਸ ਅਪੀਲ ਨਾਲ ਜੁੜਨ ਦਾ ਸੱਦਾ ਦਿੱਤਾ ਹੈ। ਇਸ ਦੇ ਨਾਲ ਹੀ ਧਾਰਮਿਕ ਸਬੰਧਾਂ ਜਾਂ ਪਛਾਣ ਤੋਂ ਉੱਪਰ ਉੱਠ ਕੇ ਪੰਜਾਬ ਦੇ ਹਿੱਤਾਂ ਲਈ ਕੰਮ ਕਰ ਰਹੀਆਂ ਹੋਰ ਸੰਸਥਾਵਾਂ, ਜਥੇਬੰਦੀਆਂ ਅਤੇ ਸਮੂਹਾਂ ਨੂੰ ਵੀ ਇਸ ਪਹਿਲ ਦਾ ਸਮਰਥਨ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਸੇ ਤਰ੍ਹਾਂ ਦੀਆਂ ਅਪੀਲਾਂ ਭੇਜਣ ਲਈ ਕਿਹਾ ਗਿਆ ਹੈ।

ਗਲੋਬਲ ਸਿੱਖ ਕੌਂਸਲ ਨੇ ਕਿਹਾ ਹੈ ਕਿ ਕੌਮ ਇਸ ਮਾਮਲੇ ਵਿੱਚ ਜਥੇਦਾਰ ਸਾਹਿਬ ਦੇ ਮਾਰਗਦਰਸ਼ਨ ਦੀ ਉਡੀਕ ਕਰ ਰਹੀ ਹੈ।

ਕੌਂਸਲ ਨੇ ਸਿੱਖ ਪੰਥ ਅੰਦਰ ਮੁੜ ਏਕਤਾ ਕਾਇਮ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਤੀ ਜਾਣ ਵਾਲੀ ਕਿਸੇ ਵੀ ਪਹਿਲ ਨੂੰ ਪੂਰਨ ਸਹਿਯੋਗ ਦੇਣ ਦੀ ਆਪਣੀ ਵਚਨਬੱਧਤਾ ਵੀ ਦੁਹਰਾਈ ਹੈ।

## ਬਟਾਲਾ ਪੁਲਿਸ ਨੇ ਆਪਰੇਸ਼ਨ ਪ੍ਰਹਾਰ (4.0) ਤਹਿਤ 346 ਦੋਸ਼ੀਆਂ ਨੂੰ ਕੀਤਾ ਕਾਬੂ



**ਬਟਾਲਾ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਾ. ਮਹਿਤਾਬ ਸਿੰਘ, ਐਸ.ਐਸ.ਪੀ. ਬਟਾਲਾ ਨੇ ਦੱਸਿਆ ਗੌਰਵ ਯਾਦਵ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਹਰਮਨਬੀਰ ਸਿੰਘ ਗਿੱਲ, ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ ਅੰਮ੍ਰਿਤਸਰ ਦੀ ਸੁਪਰਵੀਜ਼ਨ ਹੇਠ ਅੱਜ ਦੂਜੇ ਦਿਨ ਅਪਰੇਸ਼ਨ ਪ੍ਰਹਾਰ (4.0) ਤਹਿਤ ਬਟਾਲਾ ਪੁਲਿਸ ਵੱਲੋਂ ਗੈਂਗਸਟਰਵਾਦ, ਨਸ਼ਾ-ਤਸਕਰੀ, ਗੈਰ-ਕਾਨੂੰਨੀ ਹਥਿਆਰਾਂ ਅਤੇ ਅਪਰਾਧਿਕ ਗਤੀਵਿਧੀਆਂ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਦੌਰਾਨ ਜਿਲ੍ਹਾ ਪੁਲਿਸ ਵੱਲੋਂ ਵਿਸ਼ੇਸ਼ ਟੀਮਾਂ ਬਣਾ ਕੇ ਸ਼ੱਕੀ ਵਿਅਕਤੀਆਂ, ਲੋੜੀਂਦੇ ਮੁਲਜਮਾਂ, ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਦੇ ਸਾਥੀਆਂ ਅਤੇ ਉਹਨਾਂ ਦੇ ਟਿਕਾਣਿਆਂ 'ਤੇ ਰੇਡ ਕੀਤੇ ਗਏ ਹਨ। ਇਸ ਤੋਂ ਇਲਾਵਾ ਸੰਵੇਦਨਸ਼ੀਲ ਖੇਤਰਾਂ ਦੀ ਘੇਰਾਬੰਦੀ ਕਰਕੇ ਉਹਨਾਂ ਇਲਾਕਿਆਂ ਦੀ ਸਰਚ ਕੀਤੀ ਗਈ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਆਪਰੇਸ਼ਨ ਦੌਰਾਨ ਕੁੱਲ 346 ਦੋਸ਼ੀ ਗ੍ਰਿਫਤਾਰ ਕੀਤੇ ਗਏ, ਹੀਨੀਅਸ ਕ੍ਰਾਈਮ ਦੇ 24 ਦੋਸ਼ੀ ਗ੍ਰਿਫਤਾਰ, ਪੀ.ਓ ਗ੍ਰਿਫਤਾਰ 09,, ਜੁਰਮ ਰੋਕੂ ਕਾਰਵਾਈਆਂ 134, ਐਨ.ਡੀ.ਪੀ.ਐਸ ਐਕਟ 83 ਦੋਸ਼ੀ, ਰਿਕਵਰੀ ਦੌਰਾਨ 604.5 ਗ੍ਰਾਮ ਹੈਰੋਇਨ, 160 ਗੋਲੀਆਂ, ਡਰੱਗਮਨੀ 35000 ਰੁਪਏ, ਨਾਜਾਇਜ਼ ਸ਼ਰਾਬ 98250 ਮਿਲੀਲੀਟਰ, ਲਾਹਣ 90 ਕਿਲੋ, ਸੋਨਾ 150 ਗ੍ਰਾਮ, 01 ਮੋਟਰਸਾਈਕਲ, 418 ਚਲਾਨ, ਵਾਹਨ ਜ਼ਬਤ 06 ਅਤੇ ਵਹੀਕਲ ਰਾਊਂਡ ਅੱਪ ਬੈਡ ਐਲੀਮੈਂਟ 75 ਕਾਬੂ ਕੀਤੇ ਗਏ। ਇਸ ਮੁਹਿੰਮ ਵਿੱਚ 04 ਐਸ.ਪੀ, 08 ਡੀ.ਐ.ਸਪੀ, ਐਨ.ਜੀ.ਓਜ 55, ਈਪੀਓਜ਼ 435 ਤਾਇਨਾਤ ਕੀਤੇ ਗਏ।

ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਬਟਾਲਾ ਪੁਲਿਸ ਸੰਗਠਿਤ ਅਪਰਾਧ, ਗੈਂਗਸਟਰਵਾਦ ਅਤੇ ਨਸ਼ਾ ਤਸਕਰੀ ਪ੍ਰਤੀ ਜ਼ੀਰੋ ਟੋਲਰੈਂਸ ਦੀ ਨੀਤੀ ਅਪਨਾ ਰਹੀ ਹੈ। ਆਮ ਲੋਕਾਂ ਦੀ ਸੁਰੱਖਿਆ ਅਤੇ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਅਜਿਹੀਆਂ ਵਿਸ਼ੇਸ਼ ਮੁਹਿੰਮਾਂ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਬਟਾਲਾ ਪੁਲਿਸ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਅਪਰਾਧਿਕ ਗਤੀਵਿਧੀ ਬਾਰੇ ਤੁਰੰਤ ਨਜ਼ਦੀਕੀ ਪੁਲਿਸ ਥਾਣੇ ਜਾਂ ਪੁਲਿਸ ਹੈਲਪਲਾਈਨ 'ਤੇ ਸੂਚਨਾ ਦੇਣ। ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

# ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਨੇ ਦਰਜ ਕੀਤਾ ਇਤਿਹਾਸਿਕ ਸੁਧਾਰ; ਪ੍ਰਸ਼ਾਸਕ ਨੇ ਵਿਦਿਆਰਥੀਆਂ, ਪ੍ਰਿੰਸੀਪਲਾਂ ਅਤੇ ਇੰਡੀਆ ਸਕਿੱਲਸ ਜੇਤੂਆਂ ਨੂੰ ਕੀਤਾ ਸਨਮਾਨਿਤ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਟੈਗੋਰ ਥੀਏਟਰ,।ਚੰਡੀਗੜ੍ਹ ਵਿਖੇ ਸਿੱਖਿਆ ਵਿਭਾਗ ਦੁਆਰਾ ਆਯੋਜਿਤ ਹੋਣਹਾਰ ਵਿਦਿਆਰਥੀਆਂ ਦੇ ਸਨਮਾਨ ਸਮਾਰੋਹ ਵਿੱਚ 508 ਹੋਣਹਾਰ ਵਿਦਿਆਰਥੀਆਂ, ਸੀਬੀਐੱਸਈ ਵਿੱਚ 100% ਨਤੀਜੇ ਪ੍ਰਾਪਤ ਕਰਨ ਵਾਲੇ ਸਰਕਾਰੀ ਸਕੂਲਾਂ ਦੇ 35 ਪ੍ਰਿੰਸੀਪਲਾਂ ਅਤੇ 18 ਇੰਡੀਆਸਕਿੱਲਸ ਜੇਤੂਆਂ ਨੂੰ ਸਨਮਾਨਿਤ ਕੀਤਾ। ਇਸ ਅਵਸਰ 'ਤੇ ਪ੍ਰਸ਼ਾਸਕ ਦੀ ਸਿੱਖਿਆ ਸਬੰਧੀ ਸਥਾਈ ਕਮੇਟੀ ਦੇ ਚੇਅਰਮੈਨ ਸ਼੍ਰੀ ਜਤਿੰਦਰ ਪਾਲ ਮਲਹੋਤਰਾ; ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਅਤੇ ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ ਵੀ ਉਪਸਥਿਤ ਸਨ।

ਇਸ ਅਵਸਰ 'ਤੇ ਆਪਣੇ ਸੰਬੋਧਨ ਵਿੱਚ ਪ੍ਰਸ਼ਾਸਕ ਨੇ ਕਿਹਾ ਕਿ



ਇਹ ਸਮਾਰੋਹ ਕੇਵਲ।ਅਕਾਦਮਿਕ ਉਤਕ੍ਰਿਸ਼ਟਤਾ ਦਾ ਹੀ ਨਹੀਂ, ਬਲਕਿ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਕੌਸ਼ਲ ਦਾ ਵੀ ਉਤਸਵ ਹੈ। ਉਨ੍ਹਾਂ ਨੇ ਵਿਦਿਆਰਥੀਆਂ, ਪ੍ਰਿੰਸੀਪਲਾਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦੀਆਂ।ਉਪਲਬਧੀਆਂ ਚੰਡੀਗੜ੍ਹ ਦੀ ਮਜ਼ਬੂਤ ਸਿੱਖਿਆ ਵਿਵਸਥਾ ਦਾ ਪ੍ਰਮਾਣ ਹਨ। ਉਨ੍ਹਾਂ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਅਧਿਆਪਕਾਂ ਦੀ ਭੂਮਿਕਾ ਦੀ ਸ਼ਲਾਘਾ ਕਰਦੇ ਹੋਏ ਸਾਰੀਆਂ ਵਿੱਦਿਅਕ ਸੰਸਥਾਵਾਂ ਨੂੰ ਉਤਕ੍ਰਿਸ਼ਟਤਾ ਦੀ ਦਿਸ਼ਾ ਵਿੱਚ ਨਿਰੰਤਰ ਕਾਰਜ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਬੜੇ ਸੁਪਨੇ ਦੇਖਣ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਏ.ਪੀ.ਜੇ. ਅਬਦੁਲ ਕਲਾਮ ਦੇ ਆਦਰਸ਼ਾਂ ਤੋਂ ਪ੍ਰੇਰਣਾ ਲੈਕੇ ਹਰ ਚੁਣੌਤੀ ਨੂੰ ਅਵਸਰ ਵਿੱਚ ਬਦਲਣ ਦਾ ਸੰਦੇਸ਼ ਦਿੱਤਾ।

ਸ਼੍ਰੀ ਕਟਾਰੀਆ ਨੇ ਸਿੱਖਿਆ ਵਿਭਾਗ ਦੀਆਂ ਉਪਲਬਧੀਆਂ ਦਾ ਉਲੇਖ ਕਰਦੇ ਹੋਏ ਕਿਹਾ ਕਿ ਸੀਬੀਐੱਸਈ ਪਰੀਖਿਆਵਾਂ ਵਿੱਚ 90% ਜਾਂ ਉਸ ਤੋਂ ਅਧਿਕ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਸੰਖਿਆ ਵਿੱਚ ਜ਼ਿਕਰਯੋਗ ਵਾਧਾ ਹੋਇਆ ਹੈ। ਉਨ੍ਹਾਂ ਨੇ ਦੱਸਿਆ ਕਿ ਸੀਬੀਐੱਸਈ ਦਸਵੀਂ ਕਲਾਸ ਦੀ ਪਾਸ ਪ੍ਰਤੀਸ਼ਤਤਾ 88.20% ਤੋਂ ਵਧ ਕੇ 95.02% ਹੋ ਗਈ ਹੈ, ਜੋ 6.82% ਦਾ ਵਾਧਾ ਦਰਸਾਉਂਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ 100% ਪਾਸ ਨਤੀਜਾ ਪ੍ਰਾਪਤ ਕਰਨ ਵਾਲੇ ਸਰਕਾਰੀ ਸਕੂਲਾਂ ਦੀ ਸੰਖਿਆ 17 ਤੋਂ ਵਧ ਕੇ 35 ਹੋ ਗਈ ਹੈ, ਜੋ ਕਿ ਸਰਕਾਰੀ ਸਿੱਖਿਆ ਦੀ ਗੁਣਵੱਤਾ ਵਿੱਚ ਨਿਰੰਤਰ ਸੁਧਾਰ ਦਾ ਪ੍ਰਮਾਣ ਹੈ।

ਕੌਸ਼ਲ ਅਧਾਰਿਤ ਸਿੱਖਿਆ ਦੇ ਮਹੱਤਵ 'ਤੇ ਬਲ ਦਿੰਦੇ ਹੋਏ ਸ਼੍ਰੀ ਕਟਾਰੀਆ ਨੇ ਇੰਡੀਆਸਕਿੱਲਸ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਰਾਸ਼ਟਰੀ ਅਤੇ ਖੇਤਰੀ ਇੰਡੀਆਸਕਿੱਲਸ ਮੁਕਾਬਲਿਆਂ ਵਿੱਚ ਚੰਡੀਗੜ੍ਹ ਦੇ ਉਤਕ੍ਰਿਸ਼ਟ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਕੁਸ਼ਲ ਯੁਵਾ ਵਿਕਸਿਤ ਭਾਰਤ ਦੀ ਮਜ਼ਬੂਤ ਨੀਂਹ ਹਨ। ਉਨ੍ਹਾਂ ਨੇ ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ, ਤਕਨੀਕੀ ਸਿੱਖਿਆ ਵਿਭਾਗ ਅਤੇ ਸਹਿਭਾਗੀ ਸੰਸਥਾਵਾਂ ਦੇ ਪ੍ਰਯਾਸਾਂ ਦੀ ਵੀ ਸ਼ਲਾਘਾ ਕੀਤੀ।

ਪ੍ਰਸ਼ਾਸਕ ਨੇ ਬੋਰਡ ਪਰੀਖਿਆਵਾਂ ਵਿੱਚ 75% ਜਾਂ ਉਸ ਤੋਂ ਅਧਿਕ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਦੀ ਸਕੂਲ ਫੀਸ ਦੀ ਪੂਰੀ ਅਦਾਇਗੀ ਕਰਨ ਦਾ ਐਲਾਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਸਨਮਾਨਿਤ ਕੀਤੇ ਜਾ ਰਹੇ 526 ਵਿਦਿਆਰਥੀਆਂ ਨੂੰ ?5,000 ਪ੍ਰਤੀ ਵਿਦਿਆਰਥੀ ਦੀ ਦਰ ਨਾਲ ਕੁੱਲ ?26.30 ਲੱਖ ਦੀ ਨਕਦ ਪੁਰਸਕਾਰ ਰਾਸ਼ੀ ਦੇਣ ਦਾ ਐਲਾਨ ਕੀਤਾ। ਉਨ੍ਹਾਂ ਨੇ ਆਈਆਈਟੀ ਰੁੜਕੀ ਵਿੱਚ ਦਾਖਲਾ ਪ੍ਰਾਪਤ ਕਰਨ ਵਾਲੇ ਅਨੂਪ ਸੈਣੀ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਉੱਚ ਸਿੱਖਿਆ ਲਈ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਵਿੱਤੀ ਸਹਾਇਤਾ ਪ੍ਰਦਾਨ ਕਰਨ ਦਾ ਐਲਾਨ ਕੀਤਾ।

ਇਸ ਅਵਸਰ 'ਤੇ ਡਾਇਰੈਕਟਰ ਸਕੂਲ ਸਿੱਖਿਆ ਸ਼੍ਰੀ ਨਿਤੀਸ਼ ਸਿੰਗਲਾ; ਡਾਇਰੈਕਟਰ ਉੱਚ ਸਿੱਖਿਆ ਸੁਸ਼੍ਰੀ ਪਾਲਿਕਾ ਅਰੋੜਾ, ਸੀਨੀਅਰ ਅਧਿਕਾਰੀ, ਪ੍ਰਿੰਸੀਪਲ, ਅਧਿਆਪਕ, ਵਿਦਿਆਰਥੀ, ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀ ਅਤੇ ਮਾਪੇ ਵੀ ਉਪਸਥਿਤ ਰਹੇ।

## ਤੀਆਂ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ: ਪੂਜਾ ਕੁੰਦਰਾ



**ਮਾਛੀਵਾੜਾ ਸਾਹਿਬ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਤੀਆਂ ਦਾ ਤਿਉਹਾਰ ਮਾਛੀਵਾੜਾ ਵਿਖੇ ਔਰਤਾਂ ਵਲੋਂ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਿਮ ਰੀਟ੍ਰੀਟ ਦੇ ਹਾਲ ਵਿਚ ਮਨਾਏ ਗਏ ਤਿਉਹਾਰ ਦੌਰਾਨ ਮੁੱਖ ਮਹਿਮਾਨ ਵਜੋਂ ਨਗਰ ਕੌਂਸਲ ਮਾਛੀਵਾੜਾ ਦੇ ਪ੍ਰਧਾਨ ਮੋਹਿਤ ਕੁੰਦਰਾ ਦੀ ਪਤਨੀ ਪੂਜਾ ਕੁੰਦਰਾ ਨੇ ਸ਼ਮੂਲੀਅਤ ਕੀਤੀ।

ਔਰਤਾਂ ਵਲੋਂ ਇਕੱਠੇ ਹੋ ਕੇ ਗਿੱਧਾ, ਬੋਲੀਆਂ ਅਤੇ ਹੋਰ ਸੱਭਿਆਚਾਰਕ ਗੀਤ ਪੇਸ਼ ਕਰਕੇ ਤੀਆਂ ਦਾ ਰੰਗ ਬੰਨ੍ਹਿਆ।

ਮੁੱਖ ਮਹਿਮਾਨ ਪੂਜਾ ਕੁੰਦਰਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਇਹ ਤਿਉਹਾਰ ਸਾਨੂੰ ਪੁਰਾਤਨ ਵਿਰਸੇ ਨਾਲ ਜੋੜਦੇ ਹਨ ਅਤੇ ਇਹ ਸਾਡੇ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹਨ।ਇਸ ਲਈ ਸਾਨੂੰ ਵੱਧ ਚੜ੍ਹ ਕੇ ਇਨ੍ਹਾਂ ਵਿਚ ਭਾਗ ਲੈਣਾ ਚਾਹੀਦਾ ਹੈ। ਪੰਜਾਬੀ ਪਹਿਰਾਵਿਆਂ ਵਿੱਚ ਸਜੀਆਂ ਪੰਜਾਬਣਾਂ ਨੇ ਗਿੱਧਾ ਪਾਕੇ ਤੀਆਂ ਦਾ ਅਨੰਦ ਮਾਣਿਆ ਅਤੇ ਖੁਸ਼ੀਆਂ ਸਾਂਝੀਆਂ ਕੀਤੀਆਂ।

# ਸਤਲੁਜ ਪੁਲ ਵੱਡੇ ਵਾਹਨਾਂ ਲਈ ਬੰਦ ਹੋਣ ਕਾਰਨ ਲੋਕਾਂ ਵਿਚ ਰੋਹ ਵਧਣ ਲੱਗਾ

## ਕਿਸਾਨ ਯੂਨੀਅਨਾਂ, ਟਰੱਕ ਆਪ੍ਰੇਟਰ ਅਤੇ ਦੁਕਾਨਦਾਰਾਂ ਵਲੋਂ ਪੁਲ ਦੀ ਮੁਰੰਮਤ ਨਾ ਕਰਨ 'ਤੇ ਸੰਘਰਸ਼ ਵਿੱਢਣ ਦਾ ਐਲਾਨ

**ਮਾਛੀਵਾੜਾ ਸਾਹਿਬ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਲਵੇ ਤੇ ਦੋਆਬੇ ਨੂੰ ਆਪਸ ਵਿਚ ਜੋੜਦਾ ਸਤਲੁਜ ਦਰਿਆ 'ਤੇ ਬਣਿਆ ਸ਼ਹੀਦ ਭਗਤ ਸਿੰਘ ਯਾਦਗਾਰੀ ਪੁਲ ਪ੍ਰਸ਼ਾਸਨ ਵਲੋਂ ਇਸ ਦੀ ਸਲੈਬ ਧਸੀ ਹੋਣ ਕਾਰਨ ਵੱਡੇ ਤੇ ਭਾਰੀ ਵਾਹਨਾਂ ਲਈ ਬੰਦ ਕਰ ਦਿੱਤਾ ਹੈ ਜਿਸ ਤੋਂ ਬਾਅਦ ਲੋਕਾਂ ਵਿਚ ਇਸ ਦੀ ਮੁਰੰਮਤ ਤੁਰੰਤ ਕਰਨ ਦੀ ਮੰਗ ਉੱਠੀ ਹੈ ਉੱਥੇ ਰੋਹ ਵੀ ਵਧਦਾ ਜਾ ਰਿਹਾ ਹੈ। ਅੱਜ ਭਾਰਤੀ ਕਿਸਾਨ ਯੂਨੀਅਨਾਂ, ਟਰੱਕ ਆਪ੍ਰੇਟਰਾਂ, ਖੰਨਾ-ਨਵਾਂਸ਼ਹਿਰ ਮਾਰਗ 'ਤੇ ਸਥਿਤ ਢਾਬਾ ਮਾਲਕਾਂ ਤੇ ਦੁਕਾਨਦਾਰਾਂ ਨੇ ਮੀਟਿੰਗ ਕੀਤੀ ਜਿਸ ਵਿਚ ਪ੍ਰਸ਼ਾਸਨ ਨੂੰ ਤੁਰੰਤ ਇਸ ਪੁਲ ਦੀ ਮੁਰੰਮਤ ਕਰਵਾਉਣ ਦੀ ਮੰਗ ਕੀਤੀ ਉੱਥੇ 10 ਦਿਨਾਂ ਦਾ ਅਲਟੀਮੇਟਮ ਵੀ ਦਿੱਤਾ ਕਿ ਜੇਕਰ ਸਰਕਾਰ ਨੇ ਇਸ ਪ੍ਰਤੀ ਗੰਭੀਰਤਾ ਨਾ ਦਿਖਾਈ ਤਾਂ ਉਹ ਵੱਡਾ ਸੰਘਰਸ਼ ਉਲੀਕਣਗੇ। ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਦਿਲਬਾਗ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਸਤਲੁਜ ਦਰਿਆ 'ਤੇ ਬਣਿਆ ਪੁਲ 2006 ਵਿਚ ਸ਼ੁਰੂ ਹੋਇਆ ਸੀ ਅਤੇ ਹੁਣ ਤੱਕ 20 ਸਾਲਾਂ ਵਿਚ ਇਹ ਘੱਟੋ-ਘੱਟ 7 ਵਾਰ ਇਸ ਦੀ ਸਲੈਬ ਧਸ ਚੁੱਕੀ ਹੈ ਜਿਸ ਦੀ ਮੁਰੰਮਤ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਣ ਪੌਣੇ 2 ਸਾਲ ਹੋ ਗਏ ਇਸ ਪੁਲ ਦੀ ਸਲੈਸ ਧੱਸੀ ਨੂੰ ਪਰ ਲੋਕ ਨਿਰਮਾਣ ਵਿਭਾਗ ਵਲੋਂ ਇਸਦੀ ਮੁਰੰਮਤ ਕਰਨ ਦੀ ਬਜਾਏ ਵੱਡੇ ਗਾਰਡਰ ਲਗਾ ਕੇ ਕੇਵਲ ਕਾਰਾਂ ਨੂੰ ਲੰਘਣ ਦਿੱਤਾ ਜਾ ਰਿਹਾ ਹੈ ਜਦਕਿ ਵੱਡੇ ਵਾਹਨਾਂ ਲਈ ਆਵਾਜਾਈ ਬੰਦ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਲ ਦੇ ਗਾਰਡਰ ਲਗਾਉਣ ਕਾਰਨ ਦਰਿਆ ਦੇ ਆਰਪਾਰ ਜੋ ਕਿਸਾਨ ਹਨ ਉਨ੍ਹਾਂ ਨੂੰ ਸਭ ਤੋਂ ਵੱਡੀ ਮੁਸ਼ਕਿਲ ਆ ਰਹੀ ਹੈ ਕਿਉਂਕਿ ਉਨ੍ਹਾਂ ਦੇ ਵੱਡੇ ਖੇਤੀਬਾੜੀ ਸੰਦ, ਗੰਨੇ ਨਾਲ ਭਰੀਆਂ



ਟ੍ਰੈਕਟਰ ਟਰਾਲੀਆਂ ਨਹੀਂ ਲੰਘ ਰਹੀਆਂ ਜਿਸ ਕਾਰਨ ਉਹ ਪ੍ਰੇਸ਼ਾਨ ਹੋ ਰਹੇ ਹਨ। ਇਸ ਤੋਂ ਇਲਾਵਾ ਇਕੱਤਰ ਹੋਏ ਟਰਾਂਸਪੋਰਟਰਾਂ ਨੇ ਕਿਹਾ ਕਿ ਉਨ੍ਹਾਂ ਦੇ ਰੋਜ਼ਾਨਾ ਹਜ਼ਾਰਾਂ ਵਾਹਨ ਲੱਖਾਂ ਰੁਪਏ ਦਾ ਵਾਧੂ ਡੀਜ਼ਲ ਫੂਕ ਕੇ ਵਾਇਆ ਰੋਪੜ-ਲੁਧਿਆਣਾ ਆ ਰਹੇ ਹਨ ਜਿਸ ਕਾਰਨ ਉਨ੍ਹਾਂ ਦਾ ਕਾਰੋਬਾਰ ਪ੍ਰਭਾਵਿਤ ਹੋਇਆ ਪਿਆ ਹੈ।

ਦੂਸਰੇ ਪਾਸੇ ਖੰਨਾ-ਨਵਾਂਸ਼ਹਿਰ ਮਾਰਗ ਦੇ ਦੁਕਾਨਦਾਰਾਂ ਤੇ ਢਾਬਾ ਮਾਲਕਾਂ ਨੇ ਕਿਹਾ ਕਿ ਪੁਲ ਬੰਦ ਹੋਣ ਕਾਰਨ ਇਸ ਰੋਡ 'ਤੇ ਆਵਾਜਾਈ ਬਹੁਤ ਘਟ ਗਈ ਹੈ, ਇਸ ਲਈ ਤੁਰੰਤ ਪੁਲ ਦੀ ਮੁਰੰਮਤ ਕੀਤੀ ਜਾਵੇ ਅਤੇ ਲੋਕਾਂ ਨੂੰ ਰਾਹਤ ਦਿੱਤੀ ਜਾਵੇ। ਪੁਲ ਦੇ ਦੋਵੇਂ ਪਾਸੇ ਖੜ੍ਹੀਆਂ ਸਵਾਰੀਆਂ ਵੀ ਪ੍ਰਸ਼ਾਸਨ ਨੂੰ ਕੋਸ ਰਹੀਆਂ ਸਨ ਕਿ ਬੱਸਾਂ ਨਹੀਂ ਲੰਘ ਰਹੀਆਂ ਅਤੇ ਉਨ੍ਹਾਂ ਨੂੰ ਮੀਂਹ, ਧੁੱਪ ਵਿਚ ਪੁਲ ਦੇ ਆਰ-ਪਾਰ ਜਾਣ ਲਈ ਪੈਦਲ ਜਾਣਾ ਪੈ ਰਿਹਾ ਹੈ ਜਿਸ ਕਾਰਨ ਉਨ੍ਹਾਂ ਨੂੰ ਵੱਡੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਜ ਮੀਟਿੰਗ ਵਿਚ ਇਹ ਫੈਸਲਾ ਕੀਤਾ ਗਿਆ ਕਿ ਨਵਾਂਸ਼ਹਿਰ ਦੇ ਡਿਪਟੀ ਕਮਿਸ਼ਨਰ ਨੂੰ ਮਿਲ ਕੇ ਪੁਲ ਮੁਰੰਮਤ ਕਰਵਾਉਣ ਦੀ ਮੰਗ ਕੀਤੀ ਜਾਵੇਗੀ ਅਤੇ ਜੇਕਰ ਪ੍ਰਸ਼ਾਸਨ ਵਲੋਂ ਠੋਸ ਕਦਮ ਨਾ ਉਠਾਏ ਤਾਂ ਸਾਰੀਆਂ ਕਿਸਾਨ ਯੂਨੀਅਨਾਂ, ਦੁਕਾਨਦਾਰ, ਟਰੱਕ ਆਪ੍ਰੇਟਰਾਂ ਅਤੇ ਲੋਕਾਂ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਉਲੀਕੀਆ ਜਾਵੇਗਾ।

ਕੇਵਲ 50 ਫੁੱਟ ਲੰਬੀ ਧੱਸੀ ਹੋਈ ਪੁਲ ਦੀ ਸਲੈਬ ਦੀ ਮੁਰੰਮਤ ਲਈ ਪੌਣੇ 2 ਸਾਲ ਵੀ ਗੁਜ਼ਰ ਗਏ ਸਤਲੁਜ ਦਰਿਆ 'ਤੇ ਬਣੇ ਸ਼ਹੀਦ ਭਗਤ ਸਿੰਘ ਯਾਦਗਾਰੀ ਪੁਲ ਦੀ ਸਲੈਬਾਂ ਦੀ ਮੁਰੰਮਤ ਹੁਣ ਤੱਕ 6 ਤੋਂ 7 ਵਾਰ ਹੋ ਚੁੱਕੀ ਹੈ। ਪਹਿਲਾਂ ਤਾਂ ਪ੍ਰਸ਼ਾਸਨ ਵਲੋਂ ਇਸ ਦੀ ਮੁਰੰਮਤ ਕੁਝ ਮਹੀਨਿਆਂ ਵਿਚ ਹੀ ਕਰਵਾ ਦਿੱਤੀ ਜਾਂਦੀ ਸੀ ਪਰ ਹੁਣ ਕੇਵਲ 50 ਫੁੱਟ ਲੰਬੀ ਸਲੈਬ ਹੈ ਜਿਸ 'ਚੋਂ ਕੁਝ ਹਿੱਸਾ ਧਸਿਆ ਹੋਇਆ ਹੈ ਪਰ ਉਸਦੀ ਮੁਰੰਮਤ ਲਈ ਪੌਣੇ 2 ਸਾਲ ਗੁਜ਼ਰ ਗਏ। ਪਹਿਲਾਂ ਤਾਂ ਸਲੈਬ ਦਾ ਕੁਝ ਹਿੱਸਾ ਧਸਿਆ ਕੁਝ ਹਿੱਸਾ ਬੈਰੀਕੇਡ ਲਗਾ ਕੇ ਰੋਕਿਆ ਸੀ, ਜਦਕਿ ਬਾਕੀ ਆਵਾਜਾਈ ਬਹਾਲ ਸੀ ਪਰ ਹੁਣ ਜਦੋਂ ਤੋਂ ਵੱਡੇ ਵਾਹਨਾਂ ਲਈ ਪੱਕੇ ਗਾਰਡਰ ਲਗਾ ਦਿੱਤੇ ਉਸ ਤੋਂ ਬਾਅਦ ਲੋਕਾਂ ਵਿਚ ਪ੍ਰੇਸ਼ਾਨੀ ਵਧਣੀ ਸ਼ੁਰੂ ਹੋ ਗਈ ਅਤੇ ਪ੍ਰਸ਼ਾਸਨ ਖਿਲਾਫ਼ ਰੋਹ ਵੀ ਵਧ ਗਿਆ। ਟਰੱਕ ਆਪ੍ਰੇਟਰਾਂ ਨੇ ਇੱਥੋਂ ਤੱਕ ਵੀ ਕਿਹਾ ਕਿ ਜੇਕਰ ਲੋਕ ਨਿਰਮਾਣ ਵਿਭਾਗ ਕੋਲ ਫੰਡਾਂ ਦੀ ਘਾਟ ਹੈ ਤਾਂ ਉਹ ਪੁਲ ਉੱਪਰੋਂ ਲੰਘਣ ਲਈ ਟੈਕਸ ਦੇਣ ਨੂੰ ਤਿਆਰ ਹਨ ਪਰ ਇਸ ਦੀ ਮੁਰੰਮਤ ਕਰ ਦਿੱਤੀ ਜਾਵੇ। ਟਰੱਕ ਆਪ੍ਰੇਟਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਰੋਜ਼ਾਨਾ ਪ੍ਰਤੀ ਟਰੱਕ 3 ਹਜ਼ਾਰ ਤੋਂ 3500 ਰੁਪਏ ਵਾਧੂ ਖਰਚਾ ਪੈ ਰਿਹਾ ਹੈ ਜਿਸ ਕਾਰਨ ਰੋਜ਼ਾਨਾਂ ਲੱਖਾਂ ਰੁਪਏ ਇਸ ਪੁਲ ਦੀ ਮੁਰੰਮਤ ਨਾ ਹੋਣ ਕਾਰਨ ਫਜ਼ੂਲ ਖਰਚ ਹੋ ਰਿਹਾ ਹੈ। ਇਸ ਲਈ ਸਰਕਾਰ ਲੋਕਾਂ ਦੀ ਮੁਸ਼ਕਿਲ ਨੂੰ ਦੇਖਦਿਆਂ ਤੁਰੰਤ ਪੁਲ ਦੀ ਮੁਰੰਮਤ ਕਰਵਾਏ।

## ਕੇਵੀਕੇ ਫਾਜ਼ਿਲਕਾ ਵਿਖੇ ਦੋ ਪੰਜ-ਰੋਜ਼ਾ ਸਿਖਲਾਈ ਪ੍ਰੋਗਰਾਮਾਂ ਦਾ ਸ਼ੁਭਾਰੰਭ




**ਫਾਜ਼ਿਲਕਾ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਤੀਬਾੜੀ ਵਿਗਿਆਨ ਕੇਂਦਰ (ਕੇਵੀਕੇ), ਆਈ.ਸੀ.ਏ.ਆਰ-ਸੀਫੇਟ, ਖੇਤਰੀ ਕੇਂਦਰ, ਅਬੋਹਰ ਵੱਲੋਂ ਪੇਂਡੂ ਮਹਿਲਾਵਾਂ ਅਤੇ ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਅਤੇ ਉੱਦਮਤਾ ਨਾਲ ਜੋੜਨ ਦੇ ਉਦੇਸ਼ ਨਾਲ ਦੋ ਪੰਜ-ਰੋਜ਼ਾ ਪੇਸ਼ੇਵਰ ਸਿਖਲਾਈ ਪ੍ਰੋਗਰਾਮਾਂ ਦਾ ਸ਼ੁਭਾਰੰਭ ਕੀਤਾ ਗਿਆ। ਪਹਿਲਾ ਸਿਖਲਾਈ ਅਨੁਸੂਚਿਤ ਜਾਤੀ ਉਪ ਯੋਜਨਾ ਦੇ ਤਹਿਤ ਕਲਾ ਅਤੇ ਸ਼ਿਲਪ ਵਿਸ਼ੇ 'ਤੇ ਅਤੇ ਦੂਜਾ ਆਤਮਾ, ਫਾਜ਼ਿਲਕਾ ਦੇ ਸਹਿਯੋਗ ਨਾਲ ਵਿਗਿਆਨਕ ਮੁਰਗੀ ਪਾਲਣ ਵਿਸ਼ੇ 'ਤੇ ਆਯੋਜਿਤ ਕੀਤਾ ਜਾ ਰਿਹਾ ਹੈ। ਦੋਵੇਂ ਸਿਖਲਾਈ ਪ੍ਰੋਗਰਾਮ 03 ਤੋਂ 07 ਅਗਸਤ 2026 ਤੱਕ ਚੱਲਣਗੇ।ਐਸ.ਸੀ.ਐਸ.ਪੀ. ਦੇ ਤਹਿਤ ਆਯੋਜਿਤ ਕਲਾ ਅਤੇ ਸ਼ਿਲਪ ਸਿਖਲਾਈ ਵਿੱਚ ਫਾਜ਼ਿਲਕਾ ਜ਼ਿਲ੍ਹੇ ਦੇ 11 ਤੋਂ ਵੱਧ ਪਿੰਡਾਂ ਦੀਆਂ 25 ਮਹਿਲਾਵਾਂ ਨੇ ਭਾਗ ਲਿਆ। ਸਿਖਲਾਈ ਦੌਰਾਨ ਭਾਗੀਦਾਰਾਂ ਨੂੰ ਫੈਬਰਿਕ ਅਤੇ ਪੇਪਰ ਕਰਾਫਟ, ਸਜਾਵਟੀ ਵਸਤੂਆਂ ਦਾ ਨਿਰਮਾਣ, ਗੁਣਵੱਤਾ ਸੁਧਾਰ, ਆਕਰਸ਼ਕ ਪੈਕੇਜਿੰਗ, ਬ੍ਰਾਂਡਿੰਗ, ਕੀਮਤ ਨਿਰਧਾਰਨ ਅਤੇ ਮਾਰਕੀਟਿੰਗ ਸਬੰਧੀ ਵਿਹਾਰਕ ਜਾਣਕਾਰੀ ਦਿੱਤੀ ਜਾਵੇਗੀ, ਤਾਂ ਜੋ ਉਹ ਘਰੇਲੂ ਪੱਧਰ 'ਤੇ ਸਵੈ-ਰੁਜ਼ਗਾਰ ਅਤੇ ਸੂਖਮ ਉੱਦਮ ਸਥਾਪਤ ਕਰਕੇ ਆਰਥਿਕ ਤੌਰ 'ਤੇ ਆਤਮਨਿਰਭਰ ਬਣ ਸਕਣ।ਇਸੇ ਤਰ੍ਹਾਂ, ਆਤਮਾ ਫਾਜ਼ਿਲਕਾ ਦੇ ਸਹਿਯੋਗ ਨਾਲ ਆਯੋਜਿਤ ਵਿਗਿਆਨਕ ਮੁਰਗੀ ਪਾਲਣ ਸਿਖਲਾਈ ਵਿੱਚ ਜ਼ਿਲ੍ਹੇ ਦੇ 6 ਤੋਂ ਵੱਧ ਪਿੰਡਾਂ ਦੇ 20 ਭਾਗੀਦਾਰ, ਜਿਨ੍ਹਾਂ ਵਿੱਚ 3 ਮਹਿਲਾਵਾਂ ਵੀ ਸ਼ਾਮਲ ਹਨ, ਭਾਗ ਲੈ ਰਹੇ ਹਨ। ਸਿਖਲਾਈ ਵਿੱਚ ਬ੍ਰਾਇਲਰ ਅਤੇ ਲੇਅਰ ਪਾਲਣ, ਉੱਨਤ ਨਸਲਾਂ ਦੀ ਚੋਣ, ਰਿਹਾਇਸ਼ ਅਤੇ ਖੁਰਾਕ ਪ੍ਰਬੰਧਨ, ਰੋਗ ਨਿਯੰਤਰਣ, ਟੀਕਾਕਰਨ, ਬਾਇਓ-ਸੁਰੱਖਿਆ, ਆਰਥਿਕ ਪ੍ਰਬੰਧਨ, ਮਾਰਕੀਟਿੰਗ ਅਤੇ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਦੇ ਨਾਲ-ਨਾਲ ਵਿਹਾਰਕ ਸਿਖਲਾਈ ਵੀ ਦਿੱਤੀ ਜਾਵੇਗੀ।ਇਹਨਾਂ ਸਿਖਲਾਈ ਪ੍ਰੋਗਰਾਮਾਂ ਦਾ ਸੰਚਾਲਨ ਕੇਵੀਕੇ ਫਾਜ਼ਿਲਕਾ ਦੇ ਵਿਗਿਆਨੀਆਂ ਅਤੇ ਵਿਸ਼ਾ ਮਾਹਿਰਾਂ ਵੱਲੋਂ ਕੀਤਾ ਜਾ ਰਿਹਾ ਹੈ।

# ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨੇ ਪੰਜਾਬ ਵਿਧਾਨ ਸਭਾ ਵਿੱਚ ਈ-20 ਬਲੈਂਡਿਡ ਪੈਟਰੋਲ ਸਬੰਧੀ ਮਤੇ ਦਾ ਕੀਤਾ ਸਮਰਥਨ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਜੇਲ੍ਹਾਂ, ਐਨ.ਆਰ.ਆਈ. ਮਾਮਲੇ ਅਤੇ ਸੰਸਦੀ ਕਾਰਜ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਈ-20 (20 ਫ਼ੀਸਦੀ ਈਥਾਨੋਲ ਮਿਸ਼ਰਿਤ) ਪੈਟਰੋਲ ਸਬੰਧੀ ਮਤੇ ਦਾ ਜ਼ੋਰਦਾਰ ਸਮਰਥਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਈਥਾਨੋਲ ਮਿਸ਼ਰਣ ਦੀ ਨੀਤੀ ਦਾ ਵਿਰੋਧ ਨਹੀਂ ਕਰਦੀ, ਸਗੋਂ ਇਸ ਨੂੰ ਪੜਾਅਵਾਰ ਢੰਗ ਨਾਲ ਲਾਗੂ ਕਰਨ, ਖਪਤਕਾਰਾਂ ਦੇ ਹਿੱਤਾਂ ਦੀ ਰੱਖਿਆ ਕਰਨ ਅਤੇ ਲੋਕਾਂ ਨੂੰ ਆਪਣੀ ਲੋੜ ਅਨੁਸਾਰ ਇੰਧਨ ਦੀ ਚੋਣ ਦਾ ਵਿਕਲਪ ਦੇਣ ਦੀ ਹਮਾਇਤੀ ਹੈ।

ਮਤੇ 'ਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਭਾਰਤ ਸਰਕਾਰ ਦੀ ਰਾਸ਼ਟਰੀ ਬਾਇਓ ਫਿਊਲ ਨੀਤੀ ਅਨੁਸਾਰ ਸਾਲ 2030 ਤੱਕ ਈਥਾਨੋਲ ਮਿਸ਼ਰਣ ਨੂੰ ਪੜਾਅਵਾਰ ਢੰਗ ਨਾਲ 20 ਫ਼ੀਸਦੀ ਤੱਕ ਲਿਜਾਣ ਦੀ ਯੋਜਨਾ ਸੀ। ਪਰੰਤੂ ਇਸ ਨੂੰ ਨਿਰਧਾਰਤ ਸਮੇਂ ਤੋਂ ਪਹਿਲਾਂ ਲਾਗੂ ਕਰਨ ਦੇ ਫ਼ੈਸਲੇ ਨੇ ਦੇਸ਼ ਭਰ ਦੇ ਕਰੋੜਾਂ ਵਾਹਨ ਮਾਲਕਾਂ ਵਿੱਚ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਤਬਦੀਲੀ ਨੂੰ ਲਾਗੂ ਕਰਨ ਤੋਂ ਪਹਿਲਾਂ ਲੋੜੀਂਦੀ ਤਕਨੀਕੀ ਤਿਆਰੀ, ਵਾਹਨਾਂ ਦੀ ਅਨੁਕੂਲਤਾ ਅਤੇ ਖਪਤਕਾਰਾਂ ਲਈ ਲੋੜੀਂਦੇ ਵਿਕਲਪ ਯਕੀਨੀ ਬਣਾਏ ਜਾਣੇ ਚਾਹੀਦੇ ਹਨ।

ਈਥਾਨੋਲ ਮਿਸ਼ਰਿਤ ਪੈਟਰੋਲ ਦੇ ਤਕਨੀਕੀ ਪੱਖਾਂ ਦਾ ਜ਼ਿਕਰ ਕਰਦਿਆਂ ਕੈਬਿਨੇਟ ਮੰਤਰੀ ਨੇ ਕਿਹਾ ਕਿ ਈਥਾਨੋਲ ਦੀ ਊਰਜਾ ਸਮਰੱਥਾ ਆਮ ਪੈਟਰੋਲ ਨਾਲੋਂ ਘੱਟ ਹੈ, ਜਿਸ ਕਾਰਨ ਇੱਕੋ ਜਿਹੀ ਕਾਰਗੁਜ਼ਾਰੀ ਪ੍ਰਾਪਤ ਕਰਨ ਲਈ ਵਧੇਰੇ ਬਾਲਣ ਦੀ ਖਪਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਈਥਾਨੋਲ ਦੀ ਹਾਈਗ੍ਰੋਸਕੋਪਿਕ ਪ੍ਰਕਿਰਤੀ ਕਾਰਨ



ਇਹ ਵਾਯੂਮੰਡਲ ਵਿੱਚੋਂ ਨਮੀ ਸੋਖ ਲੈਂਦਾ ਹੈ, ਜਿਸ ਨਾਲ ਲੰਬੇ ਸਮੇਂ ਤੱਕ ਨਾ ਵਰਤੇ ਜਾਣ ਵਾਲੇ ਵਾਹਨਾਂ ਦੇ ਇੰਜਣ, ਫਿਊਲ ਟੈਂਕ, ਫਿਊਲ ਲਾਈਨਾਂ ਅਤੇ ਰਬੜ ਦੇ ਪੁਰਜ਼ਿਆਂ ਨੂੰ ਨੁਕਸਾਨ ਪਹੁੰਚਣ ਦੀ ਸੰਭਾਵਨਾ ਵੱਧ ਜਾਂਦੀ ਹੈ। ਡਾ. ਰਵਜੋਤ ਸਿੰਘ ਨੇ ਸਦਨ ਨੂੰ ਜਾਣੂ ਕਰਵਾਇਆ ਕਿ ਅਪ੍ਰੈਲ 2023 ਤੋਂ ਪਹਿਲਾਂ ਦੇਸ਼ ਵਿੱਚ ਬਣੇ ਕਰੀਬ 30 ਕਰੋੜ ਵਾਹਨ, ਜਿਨ੍ਹਾਂ ਵਿੱਚ ਲਗਭਗ 22 ਕਰੋੜ ਦੋਪਹੀਆ ਅਤੇ 8 ਕਰੋੜ ਚਾਰਪਹੀਆ ਵਾਹਨ ਸ਼ਾਮਲ ਹਨ, ਈ-20 ਅਨੁਕੂਲ ਨਹੀਂ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਨ੍ਹਾਂ ਵਾਹਨਾਂ ਨੂੰ ਹੋਣ ਵਾਲੇ ਸੰਭਾਵਿਤ ਨੁਕਸਾਨ ਸਬੰਧੀ ਸਪੱਸ਼ਟਤਾ ਲਿਆਉਣੀ ਚਾਹੀਦੀ ਹੈ ਅਤੇ ਜੇਕਰ ਖਪਤਕਾਰਾਂ ਨੂੰ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਜ਼ਿੰਮੇਵਾਰੀ ਵੀ ਤੈਅ ਕੀਤੀ ਜਾਣੀ ਚਾਹੀਦੀ ਹੈ।

ਵਾਤਾਵਰਣ ਸਬੰਧੀ ਚਿੰਤਾਵਾਂ ਵੱਲ ਧਿਆਨ ਦਿਵਾਉਂਦਿਆਂ ਕੈਬਿਨੇਟ ਮੰਤਰੀ ਨੇ ਕਿਹਾ ਕਿ ਈਥਾਨੋਲ ਦੇ ਉਤਪਾਦਨ ਲਈ ਵੱਡੀ ਮਾਤਰਾ ਵਿੱਚ ਪਾਣੀ ਦੀ ਲੋੜ ਪੈਂਦੀ ਹੈ, ਖ਼ਾਸ ਕਰਕੇ ਜਦੋਂ ਇਸ ਦਾ ਉਤਪਾਦਨ ਗੰਨੇ, ਝੋਨੇ ਅਤੇ ਮੱਕੀ ਵਰਗੀਆਂ ਫ਼ਸਲਾਂ ਤੋਂ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਪਾਣੀ ਦੇ ਸਰੋਤਾਂ, ਖੇਤੀਬਾੜੀ ਅਤੇ ਵਾਤਾਵਰਣ 'ਤੇ ਪੈਣ ਵਾਲੇ ਲੰਮੇ ਸਮੇਂ ਦੇ ਪ੍ਰਭਾਵਾਂ ਦਾ ਗੰਭੀਰਤਾ ਨਾਲ ਮੁਲਾਂਕਣ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਮੌਜੂਦਾ ਨੀਤੀ ਦਾ ਵੱਧ ਲਾਭ ਤੇਲ ਮਾਰਕੀਟਿੰਗ ਕੰਪਨੀਆਂ, ਈਥਾਨੋਲ ਨਿਰਮਾਤਾਵਾਂ ਅਤੇ ਸਰਕਾਰ ਨੂੰ ਹੋ ਸਕਦਾ ਹੈ, ਜਦਕਿ ਆਮ ਖਪਤਕਾਰਾਂ ਨੂੰ ਵਧੇਰੇ ਸੰਚਾਲਨ ਖ਼ਰਚ, ਘੱਟ ਮਾਈਲੇਜ ਅਤੇ ਵਾਹਨਾਂ ਦੀ ਦੇਖਭਾਲ 'ਤੇ ਵਾਧੂ ਖ਼ਰਚ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਡਾ. ਰਵਜੋਤ ਸਿੰਘ ਨੇ ਦੁਹਰਾਇਆ ਕਿ ਪੰਜਾਬ ਦੀ ਮੁੱਖ ਮੰਗ ਈ-20 ਨੂੰ ਵਾਪਸ ਲੈਣ ਦੀ ਨਹੀਂ, ਸਗੋਂ ਖਪਤਕਾਰਾਂ ਨੂੰ ਚੋਣ ਦਾ ਅਧਿਕਾਰ ਦੇਣ ਦੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਈ-20 ਦੇ ਨਾਲ-ਨਾਲ ਆਮ ਪੈਟਰੋਲ ਵੀ ਉਪਲਬਧ ਕਰਵਾਇਆ ਜਾਵੇ, ਜਿਵੇਂ ਕਿ ਦੁਨੀਆ ਦੇ ਕਈ ਦੇਸ਼ਾਂ ਵਿੱਚ ਵਾਹਨ ਦੀ ਸਮਰੱਥਾ ਅਨੁਸਾਰ ਵੱਖ-ਵੱਖ ਕਿਸਮ ਦੇ ਈਥਾਨੋਲ ਮਿਸ਼ਰਿਤ ਇੰਧਨ ਦੀ ਚੋਣ ਦੀ ਸਹੂਲਤ ਦਿੱਤੀ ਜਾਂਦੀ ਹੈ।

ਕੈਬਿਨੇਟ ਮੰਤਰੀ ਨੇ ਇਹ ਵੀ ਮੰਗ ਕੀਤੀ ਕਿ ਈ-20 ਬਲੈਂਡਿਡ ਪੈਟਰੋਲ ਦੀ ਕੀਮਤ ਆਮ ਪੈਟਰੋਲ ਨਾਲੋਂ ਘੱਟ ਰੱਖੀ ਜਾਵੇ ਤਾਂ ਜੋ ਇਸ ਦੀ ਮੁਕਾਬਲਤਨ ਘੱਟ ਊਰਜਾ ਸਮਰੱਥਾ ਕਾਰਨ ਖਪਤਕਾਰਾਂ 'ਤੇ ਕੋਈ ਵਾਧੂ ਆਰਥਿਕ ਬੋਝ ਨਾ ਪਵੇ।

ਆਪਣਾ ਸੰਬੋਧਨ ਸਮਾਪਤ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤਾ ਗਿਆ ਇਹ ਮਤਾ ਵਿਆਪਕ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਕੇਂਦਰ ਸਰਕਾਰ ਨੂੰ ਭੇਜਿਆ ਜਾਣਾ ਚਾਹੀਦਾ ਹੈ ਤਾਂ ਜੋ ਈ-20 ਨੀਤੀ ਦੀ ਸਮੁੱਚੀ ਸਮੀਖਿਆ ਕੀਤੀ ਜਾ ਸਕੇ। ਉਨ੍ਹਾਂ ਇਹ ਮਹੱਤਵਪੂਰਨ ਮੁੱਦਾ ਸਦਨ ਵਿੱਚ ਉਠਾਉਣ ਲਈ ਪੰਜਾਬ ਦੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਦਾ ਧੰਨਵਾਦ ਵੀ ਕੀਤਾ ਅਤੇ ਕਿਹਾ ਕਿ ਇਹ ਅਜਿਹਾ ਵਿਸ਼ਾ ਹੈ ਜੋ ਦੇਸ਼ ਦੇ ਕਰੋੜਾਂ ਵਾਹਨ ਮਾਲਕਾਂ ਅਤੇ ਹਰ ਆਮ ਨਾਗਰਿਕ ਨਾਲ ਸਿੱਧੇ ਤੌਰ 'ਤੇ ਜੁੜਿਆ ਹੋਇਆ ਹੈ।

## ਪੰਚਾਇਤ ਵੱਲੋਂ ਆਂਗਣਵਾੜੀ ਸੈਂਟਰ ਨੂੰ ਇਨਵੈਟਰ ਸੈੱਟ ਭੇਂਟ

**ਮਾਛੀਵਾੜਾ ਸਾਹਿਬ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗ੍ਰਾਮ ਪੰਚਾਇਤ ਫਤਿਹਗੜ੍ਹ ਜੱਟਾਂ ਵੱਲੋਂ ਸਰਪੰਚ ਰਮਨਦੀਪ ਕੌਰ ਦੀ ਅਗਵਾਈ ਵਿੱਚ ਪੰਚਾਇਤ ਵੱਲੋਂ ਪਿੰਡ ਦੇ ਆਂਗਣਵਾੜੀ ਸੈਂਟਰ ਨੂੰ ਇਨਵੈਟਰ ਭੇਟ ਕੀਤਾ ਗਿਆ।

ਪ੍ਰਸਿੱਧ ਗੀਤਕਾਰ ਅਨਿਲ ਫਤਿਹਗੜ੍ਹ ਜੱਟਾਂ ਨੇ ਦੱਸਿਆ ਕਿ ਆਂਗਣਵਾੜੀ ਸੈਂਟਰ ਵਿੱਚ ਪਿੰਡ ਦੇ ਛੋਟੇ ਛੋਟੇ ਬੱਚੇ ਅਤੇ ਔਰਤਾਂ ਜਦੋਂ ਆਉਂਦੀਆਂ ਤਾਂ ਕਈ ਵਾਰੀ ਬਿਜਲੀ ਨਾ ਹੋਣ ਕਾਰਨ ਉੱਥੇ ਪੱਖੇ ਬੰਦ ਮਿਲਦੇ, ਜਿਸ ਨਾਲ ਛੋਟੇ ਬੱਚਿਆਂ ਤੇ ਔਰਤਾਂ ਨੂੰ ਗਰਮੀ ਵਿੱਚ ਬੜੀ ਪਰੇਸ਼ਾਨੀ ਹੁੰਦੀ ਸੀ। ਸਰਪੰਚ ਰਮਨਦੀਪ ਕੌਰ ਅਤੇ ਸਮੁੱਚੀ ਪੰਚਾਇਤ ਦੇ ਸਹਿਯੋਗ ਨਾਲ ਅੱਜ ਨਵਾਂ ਇਨਵੈਟਰ ਸੈੱਟ ਆਂਗਣਵਾੜੀ ਸੈਂਟਰ ਨੂੰ ਦਿੱਤਾ ਗਿਆ ਅਤੇ ਭਵਿੱਖ ਵਿੱਚ ਵੀ ਹਰ ਮਦਦ ਦੇਣ ਦਾ ਭਰੋਸਾ ਦਿੱਤਾ ਗਿਆ। ਆਂਗਣਵਾੜੀ ਸੈਂਟਰ ਮੁਲਾਜ਼ਮਾਂ ਵੱਲੋਂ ਸਮੁੱਚੀ ਪੰਚਾਇਤ ਦਾ ਧੰਨਵਾਦ ਪ੍ਰਗਟ ਕੀਤਾ ਗਿਆ।



# ਹਰਿਆਣਾ ਖ਼ਬਰਨਾਮਾ



## ਹਰ ਘਰ ਤਿਰੰਗਾ ਮੁਹਿੰਮ' ਨੂੰ ਜਨ-ਅੰਦੋਲਨ ਬਣਾਏਗੀ ਹਰਿਆਣਾ ਸਰਕਾਰ : ਨਾਇਬ ਸਿੰਘ ਸੈਣੀ

➤ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪ੍ਰੈਸ ਕਾਨਫਰੰਸ ਦੌਰਾਨ ਆਉਣ ਵਾਲੇ ਦਿਨਾਂ ਵਿੱਚ ਆਯੋਜਿਤ ਹੋਣ ਵਾਲੇ ਪ੍ਰੋਗਰਾਮਾਂ ਬਾਰੇ ਦਿੱਤੀ ਜਾਣਕਾਰੀ

➤ 15 ਅਗਸਤ ਨੂੰ ਪੂਰੇ ਸੂਬੇ ਵਿੱਚ ਮਨਾਇਆ ਜਾਵੇਗਾ 'ਵਿਭਾਜਨ ਵਿਭੀਸ਼ਿਕਾ ਸ੍ਮਤੀ ਦਿਵਸ, ਗੁਰੂਗ੍ਰਾਮ ਵਿੱਚ ਹੋਵੇਗਾ ਰਾਜ ਪੱਧਰੀ ਪ੍ਰੋਗਰਾਮ

**ਚੰਡੀਗੜ੍ਹ 5 ਅਗਸਤ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਜ਼ਾਦੀ ਦਿਵਸ-2026 ਦੇ ਮੌਕੇ 'ਤੇ ਸੂਬਾ ਸਰਕਾਰ ਇਸ ਸਾਲ 'ਹਰ ਘਰ ਤਿਰੰਗਾ ਮੁਹਿੰਮ' ਨੂੰ ਪਹਿਲਾਂ ਨਾਲੋਂ ਵੱਧ ਵਿਆਪਕ, ਪ੍ਰਭਾਵੀ ਅਤੇ ਜਨ ਭਾਗੀਦਾਰੀ ਆਧਾਰਿਤ ਸਰੂਪ ਵਿੱਚ ਆਯੋਜਿਤ ਕਰੇਗੀ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸਿਰਫ ਰਾਸ਼ਟਰੀ ਝੰਡਾ ਲਹਿਰਾਉਣ ਤੱਕ ਸੀਮਤ ਨਹੀਂ ਰਹੇਗੀ, ਸਗੋਂ ਰਾਸ਼ਟਰ ਭਗਤੀ, ਰਾਸ਼ਟਰੀ ਏਕਤਾ, ਸਮਾਜਿਕ ਸਦਭਾਵਨਾ ਅਤੇ ਆਜ਼ਾਦੀ ਸੰਗਰਾਮ ਦੇ ਮਹਾਨ ਬਲੀਦਾਨਾਂ ਪ੍ਰਤੀ ਸਤਿਕਾਰ ਪ੍ਰਗਟ ਕਰਨ ਦਾ ਇੱਕ ਵਿਆਪਕ ਜਨ-ਅੰਦੋਲਨ ਬਣੇਗੀ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਹਰ ਘਰ ਤਿਰੰਗਾ ਮੁਹਿੰਮ, ਵੰਦੇ ਮਾਤਰਮ, ਵਿਭਾਜਨ ਵਿਭੀਸ਼ਿਕਾ ਸ੍ਮਤੀ ਦਿਵਸ ਅਤੇ ਸੰਤ ਸ਼ਿਰੋਮਣੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਆਯੋਜਿਤ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਦੇ ਸੰਬੰਧ ਵਿੱਚ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰ ਰਹੇ ਸਨ।

ਮੁੱਖ ਮੰਤਰੀ ਨੇ ਕਾਮਨਵੈਲਥ ਖੇਡਾਂ ਵਿੱਚ ਭਾਰਤੀ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਭਾਰਤ ਨੇ 39 ਤਗਮੇ ਜਿੱਤ ਕੇ ਵਿਸ਼ਵ ਪੱਧਰ 'ਤੇ ਆਪਣੀ ਖੇਡ ਸਮਰੱਥਾ ਦਾ ਪਰਿਚੈ ਦਿੱਤਾ ਹੈ। ਇਸ ਦਾ ਸਿਹਰਾ ਉਨ੍ਹਾਂ ਭਾਰਤ ਸਰਕਾਰ ਦੀ ਸ਼ਾਨਦਾਰ ਖੇਡ ਪ੍ਰੋਤਸਾਹਨ ਨੀਤੀਆਂ ਨੂੰ ਦਿੰਦਿਆਂ ਇਸ ਲਈ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ। ਉਨ੍ਹਾਂ ਇਸ ਗੱਲ 'ਤੇ ਵਿਸ਼ੇਸ਼ ਮਾਣ ਪ੍ਰਗਟ ਕੀਤਾ




ਕਿ ਦੇਸ਼ ਨੂੰ ਮਿਲੇ ਕੁੱਲ 39 ਤਗਮਿਆਂ ਵਿੱਚੋਂ 10 ਤਗਮੇ ਅਤੇ 13 ਸੋਨ ਤਗਮਿਆਂ ਵਿੱਚੋਂ 7 ਸੋਨ ਤਗਮੇ ਹਰਿਆਣਾ ਦੇ ਖਿਡਾਰੀਆਂ ਨੇ ਜਿੱਤੇ ਹਨ। ਇਨ੍ਹਾਂ ਵਿੱਚੋਂ ਵੀ 5 ਸੋਨ ਤਗਮੇ ਸੂਬੇ ਦੀਆਂ ਧੀਆਂ ਨੇ ਜਿੱਤ ਕੇ ਹਰਿਆਣਾ ਦਾ ਮਾਣ ਵਧਾਇਆ ਹੈ। ਉਨ੍ਹਾਂ ਸਾਰੇ ਖਿਡਾਰੀਆਂ, ਉਨ੍ਹਾਂ ਦੇ ਪਰਿਵਾਰਾਂ ਅਤੇ ਕੋਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਰਿਆਣਾ ਦੀ ਖੇਡ ਨੀਤੀ ਅਤੇ ਖਿਡਾਰੀਆਂ ਦੀ ਮਿਹਨਤ ਨੇ ਸਬੇ ਨੂੰ ਦੇਸ਼ ਦੀ ਖੇਡ ਰਾਜਧਾਨੀ ਵਜੋਂ ਸਥਾਪਿਤ ਕੀਤਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਲ 2022 ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ 'ਹਰ ਘਰ ਤਿਰੰਗਾ ਮੁਹਿੰਮ' ਅੱਜ ਪੂਰੇ ਦੇਸ਼ ਵਿੱਚ ਇੱਕ ਜਨ-ਅੰਦੋਲਨ ਦਾ ਰੂਪ ਧਾਰਨ ਕਰ ਚੁੱਕੀ ਹੈ। ਪਹਿਲਾਂ ਰਾਸ਼ਟਰੀ ਝੰਡਾ ਸਿਰਫ ਸਰਕਾਰੀ ਇਮਾਰਤਾਂ ਤੱਕ ਸੀਮਤ ਸੀ, ਪਰ ਹੁਣ ਹਰ ਇੱਕ ਨਾਗਰਿਕ ਆਪਣੇ ਘਰ 'ਤੇ ਤਿਰੰਗਾ ਲਹਿਰਾ ਕੇ ਰਾਸ਼ਟਰ ਪ੍ਰਤੀ ਆਪਣੀ ਆਸਥਾ ਅਤੇ ਸਤਿਕਾਰ ਪ੍ਰਗਟ ਕਰ ਰਿਹਾ ਹੈ। ਇਸ ਸਾਲ ਇਸ ਮੁਹਿੰਮ ਨੂੰ ਰਾਸ਼ਟਰ ਗੀਤ 'ਵੰਦੇ ਮਾਤਰਮ' ਦੀ ਰਚਨਾ ਦੇ 150 ਸਾਲ ਪੂਰੇ ਹੋਣ ਦੇ ਮੌਕੇ 'ਤੇ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵੰਦੇ ਮਾਤਰਮ ਨੇ ਆਜ਼ਾਦੀ ਸੰਗਰਾਮ ਦੌਰਾਨ ਕਰੋੜਾਂ ਭਾਰਤੀਆਂ ਵਿੱਚ ਰਾਸ਼ਟਰ ਭਗਤੀ, ਤਿਆਗ ਅਤੇ ਬਲੀਦਾਨ ਦੀ ਭਾਵਨਾ ਦਾ ਸੰਚਾਰ ਕੀਤਾ ਅਤੇ ਅੱਜ ਵੀ ਇਹ ਨਵੀਂ ਪੀੜ੍ਹੀ ਨੂੰ ਦੇਸ਼ ਦੇ ਗੌਰਵਸ਼ਾਲੀ ਇਤਿਹਾਸ ਨਾਲ ਜੋੜਨ ਦੀ ਪ੍ਰੇਰਨਾ ਦਿੰਦਾ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ 17 ਅਗਸਤ ਤੱਕ ਪੂਰੇ ਹਰਿਆਣਾ ਵਿੱਚ ਪਿੰਡ-ਪਿੰਡ, ਸ਼ਹਿਰ-ਸ਼ਹਿਰ, ਵਾਰਡ-ਵਾਰਡ ਅਤੇ ਘਰ-ਘਰ ਤੱਕ 'ਹਰ ਘਰ ਤਿਰੰਗਾ ਮੁਹਿੰਮ' ਪਹੁੰਚਾਈ ਜਾਵੇਗੀ। ਇਸ ਵਿੱਚ ਸਾਰੇ ਸਰਕਾਰੀ ਵਿਭਾਗਾਂ, ਸਿੱਖਿਆ ਸੰਸਥਾਵਾਂ, ਯੂਨੀਵਰਸਿਟੀਆਂ, ਉਦਯੋਗਾਂ, ਸਵੈ-ਸੇਵੀ ਸੰਗਠਨਾਂ, ਯੁਵਾ ਕਲੱਬਾਂ, ਖੇਡ ਸੰਗਠਨਾਂ ਅਤੇ ਸਮਾਜਿਕ ਸੰਸਥਾਵਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸਾਨ ਆਪਣੇ ਖੇਤਾਂ ਅਤੇ ਘਰਾਂ 'ਤੇ, ਵਪਾਰੀ ਆਪਣੇ ਅਦਾਰਿਆਂ 'ਤੇ, ਕਰਮਚਾਰੀ ਆਪਣੇ ਦਫ਼ਤਰਾਂ ਵਿੱਚ ਅਤੇ ਹਰ ਇੱਕ ਪਰਿਵਾਰ ਆਪਣੇ ਘਰ 'ਤੇ ਰਾਸ਼ਟਰ ਝੰਡਾ ਲਹਿਰਾ ਕੇ ਇਸ ਮੁਹਿੰਮ ਨੂੰ ਸਫਲ ਬਣਾਉਣ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਇਸ ਮੁਹਿੰਮ ਦੀ ਸਭ ਤੋਂ ਵੱਡੀ ਤਾਕਤ ਹੋਵੇਗੀ। ਸਕੂਲਾਂ ਅਤੇ ਕਾਲਜਾਂ ਵਿੱਚ ਰਾਸ਼ਟਰ ਝੰਡਾ ਅਤੇ ਵੰਦੇ ਮਾਤਰਮ ਦੇ ਇਤਿਹਾਸ 'ਤੇ ਆਧਾਰਿਤ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ। ਇਸ ਦੇ ਨਾਲ-ਨਾਲ ਲੇਖ ਲੇਖਣ, ਚਿੱਤਰਕਲਾ, ਭਾਸ਼ਣ, ਪ੍ਰਸ਼ਨੋਤਰੀ, ਦੇਸ਼ ਭਗਤੀ ਗੀਤ ਮੁਕਾਬਲੇ ਅਤੇ ਸਥਾਨਕ ਆਜ਼ਾਦੀ ਘੁਲਾਟੀਆਂ ਦੇ ਜੀਵਨ 'ਤੇ ਆਧਾਰਿਤ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ, ਤਾਂ ਜੋ ਨੌਜਵਾਨ ਪੀੜ੍ਹੀ ਦੇਸ਼ ਦੇ ਆਜ਼ਾਦੀ ਸੰਗਰਾਮ ਅਤੇ ਰਾਸ਼ਟਰੀ ਮੁੱਲਾਂ ਨਾਲ ਜੁੜ ਸਕੇ। ਉਨ੍ਹਾਂ ਦੱਸਿਆ ਕਿ ਸੂਬਾ ਭਰ ਵਿੱਚ ਤਿਰੰਗਾ ਯਾਤਰਾਵਾਂ, ਬਾਈਕ ਰੈਲੀਆਂ, ਸਾਈਕਲ ਰੈਲੀਆਂ ਅਤੇ ਈ-ਬਾਈਕ ਰੈਲੀਆਂ ਆਯੋਜਿਤ ਕੀਤੀਆਂ ਜਾਣਗੀਆਂ। ਇਨ੍ਹਾਂ ਰੈਲੀਆਂ ਦੇ ਰਸਤੇ ਸਥਾਨਕ ਸ਼ਹੀਦ ਸਮਾਰਕਾਂ, ਆਜ਼ਾਦੀ ਘੁਲਾਟੀਏ ਸਮਾਰਕਾਂ ਅਤੇ ਇਤਿਹਾਸਕ ਸਥਾਨਾਂ ਤੋਂ ਹੋ ਕੇ ਤੈਅ ਕੀਤੇ ਜਾਣਗੇ, ਜਿਸ ਨਾਲ ਨਾਗਰਿਕਾਂ ਨੂੰ ਆਪਣੇ ਸਥਾਨਕ ਇਤਿਹਾਸ ਅਤੇ ਵੀਰ ਸਪੂਤਾਂ ਦੇ ਯੋਗਦਾਨ ਨੂੰ ਜਾਨਣ ਦਾ ਮੌਕਾ ਮਿਲੇਗਾ। 9 ਅਗਸਤ ਨੂੰ ਮਹਿੰਦਰਗੜ੍ਹ ਵਿੱਚ ਵੰਦੇ ਮਾਤਰਮ ਥੀਮ 'ਤੇ ਸ਼ਾਨਦਾਰ ਤਿਰੰਗਾ ਕੰਸਰਟ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਦੇਸ਼ ਭਗਤੀ ਦੇ ਗੀਤਾਂ ਦੀ ਪੇਸ਼ਕਾਰੀ ਅਤੇ ਸਮੂਹਿਕ ਵੰਦੇ ਮਾਤਰਮ ਗਾਇਨ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਮੁਹਿੰਮ ਦੌਰਾਨ ਰੇਲਵੇ ਸਟੇਸ਼ਨਾਂ, ਜਨਤਕ ਪਾਰਕਾਂ, ਲਾਇਬ੍ਰੇਰੀਆਂ, ਆਡੀਟੋਰੀਅਮਾਂ, ਸਕੂਲਾਂ ਅਤੇ ਕਾਲਜਾਂ ਸਮੇਤ ਪ੍ਰਮੁੱਖ ਜਨਤਕ ਸਥਾਨਾਂ 'ਤੇ ਵਿਸ਼ੇਸ਼ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ। ਨਾਲ ਹੀ 'ਸੈਲਫੀ ਵਿਦ ਤਿਰੰਗਾ' ਡਿਜੀਟਲ ਮੁਹਿੰਮ ਰਾਹੀਂ ਨਾਗਰਿਕਾਂ ਨੂੰ ਹਰ ਘਰ ਤਿਰੰਗਾ ਪੋਰਟਲ ਨਾਲ ਜੋੜਿਆ ਜਾਵੇਗਾ। ਉਨ੍ਹਾਂ ਸੂਬਾ ਵਾਸੀਆਂ ਨੂੰ ਵੱਡੀ ਗਿਣਤੀ ਵਿੱਚ ਆਪਣੀ ਸੈਲਫੀ ਪੋਰਟਲ 'ਤੇ ਅਪਲੋਡ ਕਰਕੇ ਰਾਸ਼ਟਰ ਪ੍ਰੇਮ ਦਾ ਸੰਦੇਸ਼ ਦੇਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਰਾਸ਼ਟਰੀ ਝੰਡੇ ਦੀ ਮਰਿਆਦਾ ਬਣਾਈ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਹਰ ਇੱਕ ਨਾਗਰਿਕ ਤਿਰੰਗੇ ਨੂੰ ਪੂਰੇ ਸਤਿਕਾਰ ਅਤੇ ਝੰਡਾ ਸੰਹਿਤਾ (ਫਲੈਗ ਕੋਡ) ਦੇ ਅਨੁਸਾਰ ਲਹਿਰਾਏ। ਫਟਿਆ ਹੋਇਆ ਜਾਂ ਗੰਦਾ ਝੰਡਾ ਵਰਤੋਂ ਵਿੱਚ ਨਾ ਲਿਆਂਦਾ ਜਾਵੇ ਅਤੇ ਮੁਹਿੰਮ ਖਤਮ ਹੋਣ ਤੋਂ ਬਾਅਦ ਰਾਸ਼ਟਰੀ ਝੰਡੇ ਨੂੰ ਸਤਿਕਾਰਪੂਰਵਕ ਸੁਰੱਖਿਅਤ ਰੱਖਿਆ ਜਾਵੇ।

ਉਨ੍ਹਾਂ ਦੱਸਿਆ ਕਿ 15 ਅਗਸਤ ਨੂੰ ਪੂਰੇ ਸੂਬੇ ਵਿੱਚ 'ਵਿਭਾਜਨ ਵਿਭੀਸ਼ਿਕਾ ਸ੍ਮਤੀ ਦਿਵਸ' ਮਨਾਇਆ ਜਾਵੇਗਾ। ਇਸ ਮੌਕੇ 'ਤੇ ਰਾਜ ਪੱਧਰੀ ਪ੍ਰੋਗਰਾਮ ਗੁਰੂਗ੍ਰਾਮ ਵਿੱਚ ਆਯੋਜਿਤ ਹੋਵੇਗਾ ਅਤੇ ਜ਼ਿਲ੍ਹਾ ਪੱਧਰ 'ਤੇ ਵੀ ਵੱਖ-ਵੱਖ ਪ੍ਰੋਗਰਾਮ ਹੋਣਗੇ। ਵੰਡ ਦਾ ਸੰਤਾਪ ਹੰਢਾਉਣ ਵਾਲੇ ਪਰਿਵਾਰਾਂ ਨੂੰ ਪ੍ਰੋਗਰਾਮਾਂ ਵਿੱਚ ਸੱਦਾ ਦਿੱਤਾ ਜਾਵੇਗਾ ਅਤੇ ਪ੍ਰਦਰਸ਼ਨੀ, ਸੰਵਾਦ ਅਤੇ ਕੈਂਡਲ ਲਾਈਟ ਮੌਨ ਯਾਤਰਾ ਰਾਹੀਂ ਉਨ੍ਹਾਂ ਲੱਖਾਂ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ ਜਿਨ੍ਹਾਂ ਨੇ ਵੰਡ ਦੌਰਾਨ ਆਪਣੀਆਂ ਜਾਨਾਂ ਗਵਾਈਆਂ ਜਾਂ ਉਜਾੜੇ ਦਾ ਦੁੱਖ ਹੰਢਾਇਆ।

ਮੁੱਖ ਮੰਤਰੀ ਨੇ ਕਿਹਾ ਕਿ ਸੰਤ ਸ਼ਿਰੋਮਣੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਰਾਜ ਪੱਧਰੀ 'ਗੁਰੂ ਰਵਿਦਾਸ ਮਹਾਰਾਜ ਸਮਰਸਤਾ ਸੰਕਲਪ ਮੁਹਿੰਮ' ਸ਼ੁਰੂ ਕੀਤੀ ਗਈ ਹੈ, ਜੋ 20 ਫਰਵਰੀ 2027 ਤੱਕ ਚੱਲੇਗੀ। ਇਸ ਮੁਹਿੰਮ ਦਾ ਉਦੇਸ਼ ਸੰਤ ਗੁਰੂ ਰਵਿਦਾਸ ਜੀ ਦੇ ਬਰਾਬਰੀ, ਸੇਵਾ, ਭਗਤੀ, ਸਮਾਜਿਕ ਨਿਆਂ ਅਤੇ ਸਮਾਜਿਕ ਭਾਈਚਾਰਾ ਦੇ ਸੰਦੇਸ਼ ਨੂੰ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਾਉਣਾ ਹੈ। ਉਨ੍ਹਾਂ ਦੱਸਿਆ ਕਿ ਵਾਰਾਣਸੀ ਸਥਿਤ ਗੁਰੂ ਰਵਿਦਾਸ ਜੀ ਦੀ ਜਨਮ ਸਥਲੀ ਤੋਂ ਸ਼ੁਰੂ ਹੋਈ ਪਵਿੱਤਰ ਕਲਸ਼ ਯਾਤਰਾ ਹਰਿਆਣਾ ਪਹੁੰਚ ਚੁੱਕੀ ਹੈ ਅਤੇ ਇਸ ਨੂੰ ਸੂਬੇ ਦੇ ਹਰ ਪਿੰਡ, ਸ਼ਹਿਰ ਅਤੇ ਬਸਤੀ ਤੱਕ ਪਹੁੰਚਾਇਆ ਜਾਵੇਗਾ, ਤਾਂ ਜੋ ਸਮਾਜਿਕ ਸਮਰਸਤਾ ਦਾ ਸੰਦੇਸ਼ ਘਰ-ਘਰ ਤੱਕ ਪਹੁੰਚ ਸਕੇ।

ਮੁੱਖ ਮੰਤਰੀ ਨੇ ਇਹ ਵੀ ਜਾਣਕਾਰੀ ਦਿੱਤੀ ਕਿ 5 ਅਕਤੂਬਰ ਤੋਂ 5 ਨਵੰਬਰ ਤੱਕ ਪੰਜਾਬ ਦੇ ਡੇਰਾ ਸੱਚਖੰਡ ਬੱਲਾਂ (ਜਲੰਧਰ) ਤੋਂ ਵਾਰਾਣਸੀ ਸਥਿਤ ਜਨਮ ਸਥਲੀ ਤੱਕ 'ਸ੍ਰੀ ਗੁਰੂ ਰਵਿਦਾਸ ਮਹਾਰਾਜ ਸਮਰਸਤਾ ਯਾਤਰਾ' ਕੱਢੀ ਜਾਵੇਗੀ।

## ਸਿੱਖਿਆ ਮੰਤਰੀ ਮਹੀਪਲ ਢਾਂਡਾ ਨੇ ਨਵੀਂ ਦਿੱਲੀ ਵਿੱਚ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ, 5 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਲ ਢਾਂਡਾ ਨੇ ਨਵੀਂ ਦਿੱਲੀ ਸਥਿਤ ਰੱਖਿਆ ਮੰਤਰੀ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਦੇਸ਼ ਦੇ ਰੱਖਿਆ ਮੰਤਰੀ ਸ੍ਰੀ ਰਾਜਨਾਥ ਸਿੰਘ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਦੌਰਾਨ ਸਿੱਖਿਆ ਮੰਤਰੀ ਨੇ ਦੇਸ਼ ਦੇ ਸੀਨੀਅਰ ਆਗੂ ਅਤੇ ਰੱਖਿਆ ਮੰਤਰੀ ਨਾਲ ਵੱਖ-ਵੱਖ ਸਮਕਾਲੀ, ਪ੍ਰਸੰਗਿਕ ਅਤੇ ਰਾਜ ਦੇ ਜਨਹਿਤ ਨਾਲ ਜੁੜੇ ਮਹੱਤਵਪੂਰਨ ਵਿਸ਼ਿਆਂ 'ਤੇ ਸਾਰਥਕ ਚਰਚਾ ਕੀਤੀ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਪ੍ਰਾਪਤ ਕੀਤਾ।

ਮੁਲਾਕਾਤ ਦੌਰਾਨ ਹਰਿਆਣਾ ਦੇ ਸਿੱਖਿਆ ਮੰਤਰੀ ਨੇ ਰੱਖਿਆ ਮੰਤਰੀ ਨੂੰ ਰਾਜ ਵਿੱਚ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਨਵੇਂ ਤਜ਼ਰਬਿਆਂ, ਢਾਂਚਾਗਤ ਸੁਧਾਰਾਂ ਅਤੇ 'ਰਾਸ਼ਟਰੀ ਸਿੱਖਿਆ ਨੀਤੀ-2020' (ਐੱਨ.ਈ.ਪੀ.) ਦੇ ਪ੍ਰਭਾਵੀ ਅਮਲ ਦੀ ਦਿਸ਼ਾ ਵਿੱਚ ਚੁੱਕੇ ਜਾ ਰਹੇ ਕਦਮਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਹਰਿਆਣਾ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਗੁਣਵੱਤਾ ਭਰਪੂਰ, ਰੁਜ਼ਗਾਰ ਮੁਖੀ ਅਤੇ ਸੰਸਕਾਰ ਯੁਕਤ ਸਿੱਖਿਆ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਸਿੱਖਿਆ ਮੰਤਰੀ ਸ੍ਰੀ ਮਹੀਪਲ ਢਾਂਡਾ ਨੇ ਕਿਹਾ ਕਿ ਦੇਸ਼ ਦੇ ਸੀਨੀਅਰ ਅਤੇ ਤਜ਼ਰਬੇਕਾਰ ਆਗੂਆਂ ਦਾ ਮਾਰਗਦਰਸ਼ਨ ਸਾਨੂੰ ਰਾਜ ਦੇ ਵਿਕਾਸ ਅਤੇ ਜਨ-ਸੇਵਾ ਦੇ ਸੰਕਲਪ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ ਦੀ ਪ੍ਰੇਰਣਾ ਦਿੰਦਾ ਹੈ।

ਰੱਖਿਆ ਮੰਤਰੀ ਨਾਲ ਹੋਈ ਇਹ ਬੈਠਕ ਬੇਹੱਦ ਸਕਾਰਾਤਮਕ ਅਤੇ ਮਾਰਗਦਰਸ਼ਕ ਰਹੀ। ਉਨ੍ਹਾਂ ਵੱਲੋਂ ਦਿੱਤੇ ਗਏ ਅਨਮੋਲ ਸੁਝਾਵਾਂ ਨਾਲ ਸੂਬੇ ਵਿੱਚ ਜਨਹਿਤ ਦੀਆਂ ਯੋਜਨਾਵਾਂ ਅਤੇ ਵਿਦਿਅਕ ਨੀਤੀਆਂ ਨੂੰ ਵਧੇਰੇ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਵਿੱਚ ਮਦਦ ਮਿਲੇਗੀ।

ਮੀਟਿੰਗ ਦੌਰਾਨ ਰੱਖਿਆ ਮੰਤਰੀ ਸ੍ਰੀ ਰਾਜਨਾਥ ਸਿੰਘ ਨੇ ਹਰਿਆਣਾ ਸਰਕਾਰ ਵੱਲੋਂ ਨੌਜਵਾਨਾਂ ਦੇ ਉੱਜਵਲ ਭਵਿੱਖ, ਹੁਨਰ ਵਿਕਾਸ ਅਤੇ ਸਿੱਖਿਆ ਦੇ ਪੱਧਰ ਨੂੰ ਸੁਧਾਰਨ ਲਈ ਚੁੱਕੇ ਜਾ ਰਹੇ ਕਦਮਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਸਿੱਖਿਆ ਮੰਤਰੀ ਨੂੰ ਸਲਾਹ ਦਿੱਤੀ ਕਿ ਉਹ ਨੌਜਵਾਨਾਂ ਵਿੱਚ ਦੇਸ਼ ਭਗਤੀ, ਨੈਤਿਕ ਮੁੱਲਾਂ ਅਤੇ ਆਧੁਨਿਕ ਤਕਨੀਕੀ ਗਿਆਨ ਦਾ ਸਮਾਵੇਸ਼ ਕਰਨ ਵਾਲੀਆਂ ਨੀਤੀਆਂ 'ਤੇ ਵਿਸ਼ੇਸ਼ ਧਿਆਨ ਦੇਣ।

ਇਸ ਮੁਲਾਕਾਤ ਦੌਰਾਨ ਰਾਜ ਦੇ ਵਿਕਾਸ ਕਾਰਜਾਂ, ਨੌਜਵਾਨਾਂ ਦੇ ਉਥਾਨ ਅਤੇ ਸਮਾਜਿਕ ਸਮਰੱਸਤਾ ਵਰਗੇ ਕਈ ਅਹਿਮ ਬਿੰਦੂਆਂ 'ਤੇ ਵੀ ਸਕਾਰਾਤਮਕ ਵਿਚਾਰ-ਵਟਾਂਦਰਾ ਹੋਇਆ। ਸਿੱਖਿਆ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਉਹ ਕੇਂਦਰੀ ਲੀਡਰਸ਼ਿਪ ਦੇ ਮਾਰਗਦਰਸ਼ਨ ਵਿੱਚ ਹਰਿਆਣਾ ਨੂੰ ਸਿੱਖਿਆ ਅਤੇ ਜਨ-ਕਲਿਆਣ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਰਾਜ ਬਣਾਉਣ ਲਈ ਵਚਨਬੱਧ ਹਨ।

## ਸੀਐਮ ਵੱਲੋਂ ਕੀਤੇ ਹਰ ਐਲਾਨ ਨੂੰ ਜ਼ਮੀਨੀ ਪੱਧਰ ਉਤੇ ਲੈ ਕੇ ਜਾਣ ਅਧਿਕਾਰੀ : ਸਹਿਕਾਰਤਾ ਮੰਤਰੀ ਅਰਵਿੰਦ ਸ਼ਰਮਾ

**ਚੰਡੀਗੜ੍ਹ, 5 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਗੋਹਾਣਾ ਵਿਕਾਸ ਰੈਲੀ ਵਿੱਚ ਖੇਤਰ ਲਈ ਕੀਤੇ ਗਏ 700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਐਲਾਨਾਂ ਨੂੰ ਸਮਾਂਬੱਧ ਢੰਗ ਨਾਲ ਜ਼ਮੀਨ 'ਤੇ ਉਤਾਰਨਾ ਸਰਕਾਰ ਦੀ ਸਰਵਉੱਚ ਤਰਜੀਹ ਹੈ। ਸਹਿਕਾਰਤਾ ਮੰਤਰੀ ਨੇ ਮੰਗਲਵਾਰ ਨੂੰ ਗੋਹਾਣਾ ਵਿੱਚ ਪੀ.ਡਬਲਯੂ.ਡੀ. ਰੈਸਟ ਹਾਊਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਲੈ ਕੇ ਮੁੱਖ ਮੰਤਰੀ ਦੇ ਐਲਾਨਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ।

ਉਨ੍ਹਾਂ ਅਧਿਕਾਰੀਆਂ ਤੋਂ ਨਾ ਸਿਰਫ਼ ਹੁਣ ਤੱਕ ਹੋਈ ਕਾਰਵਾਈ ਦਾ ਵੇਰਵਾ ਮੰਗਿਆ, ਸਗੋਂ ਹਰੇਕ ਐਲਾਨ ਦੀ ਮੌਜੂਦਾ ਸਥਿਤੀ, ਮਨਜ਼ੂਰੀ ਪ੍ਰਕਿਰਿਆ, ਐਸਟੀਮੇਟ ਅਤੇ ਕੰਮ ਸ਼ੁਰੂ ਹੋਣ ਦੀ ਸਥਿਤੀ ਦੀ ਜਾਣਕਾਰੀ ਵੀ ਲਈ।

ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਮੁੱਖ ਮੰਤਰੀ ਦੇ ਐਲਾਨ ਸਿਰਫ਼ ਕਾਗਜ਼ਾਂ ਤੱਕ ਸੀਮਤ ਨਹੀਂ ਰਹਿਣ ਚਾਹੀਦੇ, ਸਗੋਂ ਉਨ੍ਹਾਂ ਦਾ ਲਾਭ ਸਮਾਂਬੱਧ ਤਰੀਕੇ ਨਾਲ ਲੋਕਾਂ ਨੂੰ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਬੇਲੋੜੀ ਦੇਰੀ ਕਿਸੇ ਵੀ ਕੀਮਤ 'ਤੇ ਸਵੀਕਾਰ ਨਹੀਂ ਹੋਵੇਗੀ। ਜੇਕਰ ਕਿਸੇ ਐਲਾਨ ਨੂੰ ਲਾਗੂ ਕਰਨ ਵਿੱਚ ਕਿਸੇ ਵੀ ਪੱਧਰ 'ਤੇ ਅੜਿੱਕਾ ਆ ਰਿਹਾ ਹੈ ਤਾਂ ਅਧਿਕਾਰੀ ਬਿਨਾਂ ਕਿਸੇ ਸੰਕੋਚ ਦੇ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਤਾਂ ਜੋ ਉਸ ਦਾ ਤੁਰੰਤ ਹੱਲ ਕਰਵਾਇਆ ਜਾ ਸਕੇ।

ਗੋਹਾਣਾ ਖੇਤਰ ਵਿੱਚ ਸੜਕਾਂ ਦੇ ਨਿਰਮਾਣ ਅਤੇ ਸੁਧਾਰ, ਪੀਣ ਵਾਲੇ ਪਾਣੀ ਦੀ ਵਿਵਸਥਾ, ਗਲੀਆਂ ਦੇ ਨਿਰਮਾਣ, ਸਟੇਡੀਅਮ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਨੂੰ ਲੈ ਕੇ ਮੀਟਿੰਗ ਵਿੱਚ ਵਿਸਥਾਰ ਨਾਲ ਚਰਚਾ ਹੋਈ।

ਮੰਤਰੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੋਂ ਹਰੇਕ ਪ੍ਰੋਜੈਕਟ ਦੀ ਅਸਲ ਸਥਿਤੀ ਜਾਣੀ। ਉਨ੍ਹਾਂ ਕਿਹਾ ਕਿ ਬੁਨਿਆਦੀ ਸਹੂਲਤਾਂ ਨਾਲ ਜੁੜੇ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ, ਕਿਉਂਕਿ ਇਨ੍ਹਾਂ ਦਾ ਸਿੱਧਾ ਸਬੰਧ ਆਮ ਲੋਕਾਂ ਦੀ ਰੋਜ਼ਾਨਾ ਦੀਆਂ ਲੋੜਾਂ ਨਾਲ ਹੈ।

## ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਏਅਰਪੋਰਟ ਪਹੁੰਚਣ 'ਤੇ ਕਾਮਨਵੈਲਥ ਤਗਮਾ ਜੇਤੂ ਖਿਡਾਰੀਆਂ ਦਾ ਕੀਤਾ ਨਿੱਘਾ ਸਵਾਗਤ




**ਚੰਡੀਗੜ੍ਹ, 5 ਅਗਸਤ**
**-ਮਨੋਜ ਵਰਮਾ-**

ਸਕਾਟਲੈਂਡ ਦੇ ਗਲਾਸਗੋ ਵਿੱਚ ਆਯੋਜਿਤ ਕਾਮਨਵੈਲਥ ਗੇਮਜ਼ 2026 ਵਿੱਚ ਦੇਸ਼ ਦਾ ਪਰਚਮ ਲਹਿਰਾ ਕੇ ਪਰਤੇ ਭਾਰਤੀ ਸੂਰਬੀਰ ਖਿਡਾਰੀਆਂ ਦਾ ਮੰਗਲਵਾਰ ਨੂੰ ਵਤਨ ਪਰਤਣ 'ਤੇ ਨਵੀਂ ਦਿੱਲੀ ਸਥਿਤ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਜ਼ੋਰਦਾਰ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਦੇਸ਼ ਭਗਤੀ ਦੇ ਗੀਤਾਂ, ਢੋਲ ਦੀ ਥਾਪ ਅਤੇ ਫੁੱਲਾਂ ਦੀ ਵਰਖਾ ਦੇ ਵਿਚਕਾਰ ਪੂਰਾ ਏਅਰਪੋਰਟ ਕੰਪਲੈਕਸ 'ਭਾਰਤ ਮਾਤਾ ਕੀ ਜੈ' ਦੇ ਨਾਅਰਿਆਂ ਨਾਲ ਗੂੰਜ ਉੱਠਿਆ।

ਖੇਡ ਰਾਜ ਮੰਤਰੀ ਨੇ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਵਧਾਇਆ ਖਿਡਾਰੀਆਂ ਦਾ ਹੌਂਸਲਾ

ਹਰਿਆਣਾ ਦੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਖੁਦ ਏਅਰਪੋਰਟ ਪਹੁੰਚ ਕੇ ਤਗਮਾ ਜੇਤੂ ਖਿਡਾਰੀਆਂ ਦਾ ਗਰਮਜੋਸ਼ੀ ਨਾਲ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਖਿਡਾਰੀਆਂ ਨੂੰ ਫੁੱਲਾਂ ਦੇ ਗੁਲਦਸਤੇ ਭੇਂਟ ਕੀਤੇ ਅਤੇ ਰਵਾਇਤੀ ਢੰਗ ਨਾਲ ਉਨ੍ਹਾਂ ਦਾ ਸਵਾਗਤ ਕੀਤਾ।

ਇਸ ਦੌਰਾਨ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸਾਡੇ ਐਥਲੀਟਾਂ ਨੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸ਼ਾਨਦਾਰ ਪ੍ਰਦਰਸ਼ਨ ਨਾਲ ਕੌਮਾਂਤਰੀ ਮੰਚ 'ਤੇ 140 ਕਰੋੜ ਦੇਸ਼ ਵਾਸੀਆਂ ਦਾ ਸਿਰ ਗੌਰਵ ਨਾਲ ਉੱਚਾ ਕੀਤਾ ਹੈ। ਇਹਨਾਂ ਖਿਡਾਰੀਆਂ ਦੀ ਇਹ ਇਤਿਹਾਸਕ ਪ੍ਰਾਪਤੀ ਦੇਸ਼ ਦੇ ਕਰੋੜਾਂ ਨੌਜਵਾਨਾਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਅਤੇ ਨਵੇਂ ਕੀਰਤੀਮਾਨ ਸਥਾਪਿਤ ਕਰਨ ਲਈ ਪ੍ਰੇਰਿਤ ਕਰੇਗੀ।

ਹਰਿਆਣਾ ਵਿੱਚ ਖੇਡ ਪ੍ਰਤਿਭਾਵਾਂ ਨੂੰ ਮਿਲ ਰਿਹਾ ਹੈ ਲਗਾਤਾਰ ਪ੍ਰੋਤਸਾਹਨ

ਖਿਡਾਰੀਆਂ ਨੂੰ ਵਧਾਈ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਖੇਡ ਰਾਜ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਕੁਸ਼ਲ ਅਗਵਾਈ ਹੇਠ ਹਰਿਆਣਾ ਸਰਕਾਰ ਖੇਡਾਂ ਅਤੇ ਖਿਡਾਰੀਆਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ। ਰਾਜ ਵਿੱਚ ਖਿਡਾਰੀਆਂ ਨੂੰ ਨਾ ਸਿਰਫ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਸਿਖਲਾਈ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਸਗੋਂ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਆਕਰਸ਼ਕ ਨਕਦ ਇਨਾਮ ਅਤੇ ਸੁਰੱਖਿਅਤ ਭਵਿੱਖ (ਖੇਡ ਨੀਤੀ ਤਹਿਤ ਨੌਕਰੀ) ਵੀ ਯਕੀਨੀ ਬਣਾਇਆ ਜਾ ਰਿਹਾ ਹੈ।

ਗਲਾਸਗੋ ਕਾਮਨਵੈਲਥ ਖੇਡਾਂ 2026 ਵਿੱਚ ਭਾਰਤ ਦਾ ਸ਼ਾਨਦਾਰ ਪ੍ਰਦਰਸ਼ਨ

ਜ਼ਿਕਰਯੋਗ ਹੈ ਕਿ ਗਲਾਸਗੋ ਕਾਮਨਵੈਲਥ ਗੇਮਜ਼ 2026 ਵਿੱਚ ਭਾਰਤੀ ਦਲ ਨੇ ਆਪਣੀ ਖੇਡ ਸਮਰੱਥਾ ਦਾ ਲੋਹਾ ਮਨਵਾਉਂਦੇ ਹੋਏ ਕੁੱਲ 39 ਤਗਮੇ ਜਿੱਤੇ ਹਨ।

## ਹਰਿਆਣਾ ਵਿੱਚ ਹੁਣ ਲੋਕਾਂ ਦੇ ਬੂਹੇ ਤੱਕ ਪਹੁੰਚੇਗੀ ਖ਼ਾਧ ਪਦਾਰਥਾਂ ਦੀ ਜਾਂਚ ਸਹੂਲਤ ; ਮਿਲਾਵਟ 'ਤੇ ਰੋਕ ਲਈ ਫਿਰ ਸ਼ੁਰੂ ਹੋਣਗੀਆਂ ਮੋਬਾਈਲ ਲੈਬ

**ਚੰਡੀਗੜ੍ਹ, 5 ਅਗਸਤ**
**-ਸੰਜੀਵ ਸਿੰਗਲਾ-**

ਖਪਤਕਾਰਾਂ ਦੇ ਹਿੱਤ ਵਿੱਚ ਇੱਕ ਅਹਿਮ ਪਹਿਲਕਦਮੀ ਕਰਦਿਆਂ ਹਰਿਆਣਾ ਸਰਕਾਰ ਹੁਣ ਖ਼ਾਧ ਪਦਾਰਥਾਂ ਦੀ ਗੁਣਵੱਤਾ ਦੀ ਜਾਂਚ ਨੂੰ ਲੋਕਾਂ ਦੇ ਘਰ-ਬੂਹੇ ਤੱਕ ਪਹੁੰਚਾਏਗੀ। ਇਸ ਦੇ ਤਹਿਤ ਰਾਜ ਵਿੱਚ ਪੰਜ ਫੂਡ ਸੇਫਟੀ ਆਨ ਵ੍ਹੀਲਜ਼ ਮੋਬਾਈਲ ਪ੍ਰਯੋਗਸ਼ਾਲਾਵਾਂ ਨੂੰ ਮੁੜ ਚਾਲੂ ਕੀਤਾ ਜਾਵੇਗਾ ਅਤੇ 28 ਨਵੀਆਂ ਮੋਬਾਈਲ ਫੂਡ ਟੈਸਟਿੰਗ ਲੈਬਾਰਟਰੀ (ਐੱਮ.ਐੱਫ.ਟੀ.ਐੱਲ.) ਵੈਨਾਂ ਵੀ ਸ਼ਾਮਲ ਕੀਤੀਆਂ ਜਾਣਗੀਆਂ। ਇਸ ਪਹਿਲ ਦੇ ਤਹਿਤ ਆਮ ਨਾਗਰਿਕ ਸਿਰਫ਼ 20 ਰੁਪਏ ਪ੍ਰਤੀ ਨਮੂਨਾ ਫ਼ੀਸ ਦੇ ਕੇ ਆਪਣੇ ਖ਼ਾਧ ਪਦਾਰਥਾਂ ਦੀ ਵਿਗਿਆਨਕ ਜਾਂਚ ਆਪਣੇ ਇਲਾਕੇ ਵਿੱਚ ਹੀ ਕਰਵਾ ਸਕਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਇਸ ਪਹਿਲ ਦਾ ਉਦੇਸ਼ ਖਪਤਕਾਰਾਂ ਨੂੰ ਮਿਲਾਵਟੀ ਅਤੇ ਘਟੀਆ ਗੁਣਵੱਤਾ ਵਾਲੇ ਖ਼ਾਧ ਪਦਾਰਥਾਂ ਤੋਂ ਸੁਰੱਖਿਅਤ ਰੱਖਣਾ ਅਤੇ ਰਾਜ ਵਿੱਚ ਖ਼ਾਧ ਸੁਰੱਖਿਆ ਨਿਗਰਾਨੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਮੁੜ ਚਾਲੂ ਕੀਤੀਆਂ ਜਾ ਰਹੀਆਂ ਮੋਬਾਈਲ ਪ੍ਰਯੋਗਸ਼ਾਲਾਵਾਂ ਲੋਕਾਂ ਨੂੰ ਉਨ੍ਹਾਂ ਵੱਲੋਂ ਵਰਤੇ ਜਾਣ ਵਾਲੇ ਖ਼ਾਧ ਪਦਾਰਥਾਂ ਦੀ ਗੁਣਵੱਤਾ ਦੀ ਜਾਂਚ



ਕਰਵਾਉਣ ਦੀ ਸਹੂਲਤ ਦੇਣਗੀਆਂ, ਜਿਸ ਨਾਲ ਰਾਜ ਦੀ ਖ਼ਾਧ ਸੁਰੱਖਿਆ ਪ੍ਰਣਾਲੀ 'ਤੇ ਜਨਤਕ ਭਰੋਸਾ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਦੱਸਿਆ ਕਿ ਪੰਚਕੂਲਾ, ਕਰਨਾਲ, ਹਿਸਾਰ, ਸੋਨੀਪਤ ਅਤੇ ਰੇਵਾੜੀ ਵਿੱਚ ਸਥਿਤ ਪੰਜ ਫੂਡ ਸੇਫਟੀ ਆਨ ਵ੍ਹੀਲਜ਼ ਵੈਨਾਂ ਨੂੰ ਵਿਆਪਕ ਮੁਰੰਮਤ ਅਤੇ ਮੁੜ-ਸਥਾਪਨਾ ਤੋਂ ਬਾਅਦ ਦੁਬਾਰਾ ਚਾਲੂ ਕੀਤਾ ਜਾਵੇਗਾ। ਇਹ ਵਾਹਨ ਭਾਰਤੀ ਖ਼ਾਧ ਸੁਰੱਖਿਆ ਅਤੇ ਮਿਆਰ ਅਥਾਰਟੀ (ਐੱਫ.ਐੱਸ.ਐੱਸ.ਏ.ਆਈ) ਦੀ ਯੋਜਨਾ ਤਹਿਤ ਮੁਹੱਈਆ ਕਰਵਾਏ ਗਏ ਸਨ, ਪਰ ਸਮੇਂ ਦੇ ਨਾਲ ਮਕੈਨੀਕਲ ਨੁਕਸ ਅਤੇ ਪ੍ਰਯੋਗਸ਼ਾਲਾ ਉਪਕਰਣਾਂ ਦੇ ਖਰਾਬ ਹੋਣ ਕਾਰਨ ਨਕਾਰ ਹੋ ਗਏ ਸਨ।

ਡਾ. ਮਿਸ਼ਰਾ ਨੇ ਕਿਹਾ ਕਿ ਇਹ ਮੋਬਾਈਲ ਪ੍ਰਯੋਗਸ਼ਾਲਾਵਾਂ ਨਿਰੀਖਣ, ਤਿਉਹਾਰਾਂ, ਬਾਜ਼ਾਰਾਂ, ਸਕੂਲਾਂ, ਕਾਲਜਾਂ, ਮੇਲਿਆਂ ਅਤੇ ਵਿਸ਼ੇਸ਼ ਮੁਹਿੰਮਾਂ ਦੌਰਾਨ ਮੌਕੇ 'ਤੇ ਹੀ ਖ਼ਾਧ ਨਮੂਨਿਆਂ ਦੀ ਜਾਂਚ ਕਰਨ ਵਿੱਚ ਸਮਰੱਥ ਹੋਣਗੀਆਂ। ਇਸ ਤੋਂ ਇਲਾਵਾ ਨਾਗਰਿਕ ਵੀ ਬਿਨਾਂ ਕਿਸੇ ਸਥਾਈ ਪ੍ਰਯੋਗਸ਼ਾਲਾ ਵਿੱਚ ਜਾਏ ਆਪਣੇ ਇਲਾਕੇ ਵਿੱਚ ਹੀ ਆਮ ਖ਼ਾਧ ਪਦਾਰਥਾਂ ਦੀ ਜਾਂਚ ਕਰਵਾ ਸਕਣਗੇ, ਜਿਸ ਨਾਲ ਖ਼ਾਧ ਸੁਰੱਖਿਆ ਸੇਵਾਵਾਂ ਵਧੇਰੇ ਆਸਾਨੀ ਨਾਲ ਉਪਲਬਧ ਹੋਣਗੀਆਂ।

ਉਨ੍ਹਾਂ ਦੱਸਿਆ ਕਿ ਮੁੜ-ਸਥਾਪਨਾ ਪ੍ਰੋਜੈਕਟ ਤਹਿਤ ਵਾਹਨਾਂ ਦੇ ਨਾਲ-ਨਾਲ ਉਨ੍ਹਾਂ ਦੇ ਅੰਦਰ ਸਥਾਪਤ ਆਧੁਨਿਕ ਪ੍ਰਯੋਗਸ਼ਾਲਾ ਢਾਂਚੇ ਦਾ ਵੀ ਪੂਰਨ ਨਵੀਨੀਕਰਨ ਕੀਤਾ ਜਾਵੇਗਾ। ਇਸ ਵਿੱਚ ਵਿਗਿਆਨਕ ਟੈਸਟਿੰਗ ਉਪਕਰਣ, ਕੰਮ ਕਰਨ ਦੀ ਥਾਂ, ਪਲੰਬਿੰਗ, ਬਿਜਲੀ ਪ੍ਰਣਾਲੀ ਅਤੇ ਵਾਹਨ ਦੇ ਹੋਰ ਜ਼ਰੂਰੀ ਪੁਰਜ਼ਿਆਂ ਦਾ ਅੱਪਗ੍ਰੇਡੇਸ਼ਨ ਸ਼ਾਮਲ ਹੋਵੇਗਾ। ਇਸ ਪ੍ਰੋਜੈਕਟ 'ਤੇ ਲਗਭਗ 33.79 ਲੱਖ ਰੁਪਏ ਦੀ ਲਾਗਤ ਆਵੇਗੀ।

ਖ਼ਾਧ ਸੁਰੱਖਿਆ ਨਿਗਰਾਨੀ ਨੂੰ ਹੋਰ ਮਜ਼ਬੂਤ ਕਰਨ ਲਈ ਖ਼ਾਧ ਅਤੇ ਔਸ਼ਧੀ ਪ੍ਰਸ਼ਾਸਨ (ਐੱਫ.ਡੀ.ਏ.) ਵਿਭਾਗ ਰਾਸ਼ਟਰੀ ਰਾਜਧਾਨੀ ਖੇਤਰ (ਐੱਨ.ਸੀ.ਆਰ.) ਲਈ 28 ਨਵੀਆਂ ਮੋਬਾਈਲ ਫੂਡ ਟੈਸਟਿੰਗ ਲੈਬਾਰਟਰੀ (ਐੱਮ.ਐੱਫ.ਟੀ.ਐੱਲ.) ਵੈਨਾਂ ਖਰੀਦਣ ਦੀ ਆਖਰੀ ਪ੍ਰਕਿਰਿਆ ਵਿੱਚ ਹੈ। ਇਨ੍ਹਾਂ ਵੈਨਾਂ ਦੀ ਖ਼ਰੀਦ ਹਰਿਆਣਾ ਮੈਡੀਕਲ ਸਰਵਿਸਿਜ਼ ਕਾਰਪੋਰੇਸ਼ਨ ਲਿਮਟਿਡ (ਐੱਚ.ਐੱਮ.ਐੱਸ.ਸੀ.ਐੱਲ.) ਰਾਹੀਂ ਰਾਸ਼ਟਰੀ ਰਾਜਧਾਨੀ ਖੇਤਰ ਯੋਜਨਾ ਬੋਰਡ (ਐੱਨ.ਸੀ.ਆਰ.ਪੀ.ਬੀ.) ਦੀ ਵਿੱਤੀ ਸਹਾਇਤਾ ਨਾਲ ਕੀਤੀ ਜਾ ਰਹੀ ਹੈ। ਇਨ੍ਹਾਂ ਦੇ ਚਾਲੂ ਹੋਣ ਤੋਂ ਬਾਅਦ ਪੂਰੇ ਖੇਤਰ ਵਿੱਚ ਘਰ-ਬੂਹੇ ਤੱਕ ਖ਼ਾਧ ਜਾਂਚ ਸੇਵਾਵਾਂ ਦਾ ਵਿਆਪਕ ਵਿਸਤਾਰ ਹੋਵੇਗਾ।

ਡਾ. ਮਿਸ਼ਰਾ ਨੇ ਕਿਹਾ ਕਿ ਮੋਬਾਈਲ ਟੈਸਟਿੰਗ ਨੈੱਟਵਰਕ ਦੇ ਵਿਸਥਾਰ ਨਾਲ ਖ਼ਾਧ ਸੁਰੱਖਿਆ ਅਤੇ ਮਿਆਰ ਐਕਟ, 2006 ਦੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਮਜ਼ਬੂਤੀ ਮਿਲੇਗੀ। ਨਾਲ ਹੀ ਖਪਤਕਾਰਾਂ ਵਿੱਚ ਜਾਗਰੂਕਤਾ ਵਧੇਗੀ ਅਤੇ ਖ਼ਾਧ ਕਾਰੋਬਾਰ ਸੰਚਾਲਕਾਂ ਨੂੰ ਖ਼ਾਧ ਸੁਰੱਖਿਆ ਮਿਆਰਾਂ ਦੀ ਪਾਲਣਾ ਕਰਨ ਲਈ ਪ੍ਰੋਤਸਾਹਨ ਮਿਲੇਗਾ। ਇਸ ਦੌਰਾਨ, ਤੀਜ ਅਤੇ ਰੱਖੜੀ ਦੇ ਤਿਉਹਾਰਾਂ ਨੂੰ ਵੇਖਦਿਆਂ ਹਰਿਆਣਾ ਦੇ ਖ਼ਾਧ ਅਤੇ ਔਸ਼ਧੀ ਪ੍ਰਸ਼ਾਸਨ (ਐੱਫ.ਡੀ.ਏ.) ਨੇ ਘਿਉਵਰ ਅਤੇ ਫਿਰਨੀ ਵਿੱਚ ਮਿਲਾਵਟ ਰੋਕਣ ਲਈ ਵਿਸ਼ੇਸ਼ ਮੁਹਿੰਮ ਤੇਜ਼ ਕਰ ਦਿੱਤੀ ਹੈ।

16 ਜੁਲਾਈ ਤੋਂ 2 ਅਗਸਤ ਦੇ ਵਿਚਕਾਰ ਰਾਜ ਭਰ ਵਿੱਚੋਂ ਘਿਉਵਰ ਅਤੇ ਫਿਰਨੀ ਦੇ 122 ਨਮੂਨੇ ਇਕੱਠੇ ਕੀਤੇ ਗਏ। ਹੁਣ ਤੱਕ ਜਾਂਚੇ ਗਏ 18 ਨਮੂਨਿਆਂ ਵਿੱਚੋਂ 15 ਨਮੂਨੇ ਨਿਰਧਾਰਤ ਖ਼ਾਧ ਸੁਰੱਖਿਆ ਮਿਆਰਾਂ ਅਨੁਸਾਰ ਪਾਏ ਗਏ ਹਨ, ਜਦੋਂ ਕਿ ਤਿੰਨ ਨਮੂਨੇ ਮਿਆਰਾਂ ਅਨੁਸਾਰ ਨਹੀਂ ਮਿਲੇ ਹਨ।

ਬਾਕੀ ਨਮੂਨਿਆਂ ਦੀ ਪ੍ਰਯੋਗਸ਼ਾਲਾ ਵਿੱਚ ਜਾਂਚ ਜਾਰੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਦੇਸੀ ਘਿਓ ਤੋਂ ਤਿਆਰ ਹੋਣ ਦਾ ਦਾਅਵਾ ਕਰਨ ਵਾਲੇ ਚੋਣਵੇਂ ਨਮੂਨਿਆਂ ਨੂੰ ਐੱਨ.ਏ.ਬੀ.ਐੱਲ. ਮਾਨਤਾ ਪ੍ਰਾਪਤ ਪ੍ਰਯੋਗਸ਼ਾਲਾਵਾਂ ਵਿੱਚ ਭੇਜਿਆ ਗਿਆ ਹੈ, ਤਾਂ ਜੋ ਵਿਗਿਆਨਕ ਜਾਂਚ ਰਾਹੀਂ ਇਨ੍ਹਾਂ ਦਾਵਿਆਂ ਦੀ ਪੁਸ਼ਟੀ ਕੀਤੀ ਜਾ ਸਕੇ ਅਤੇ ਖਪਤਕਾਰਾਂ ਨੂੰ ਭਰਮਾਉਣ ਵਾਲੀ ਬ੍ਰਾਂਡਿੰਗ ਤੋਂ ਬਚਾਇਆ ਜਾ ਸਕੇ।

ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਰਾਜ ਸਰਕਾਰ ਦੀ ਇਹ ਰਣਨੀਤੀ ਘਰ-ਬੂਹੇ 'ਤੇ ਵਿਗਿਆਨਕ ਜਾਂਚ, ਸਖ਼ਤ ਕਾਰਵਾਈ ਅਤੇ ਖਪਤਕਾਰ ਜਾਗਰੂਕਤਾ ਇਨ੍ਹਾਂ ਤਿੰਨਾਂ ਪੱਖਾਂ 'ਤੇ ਆਧਾਰਿਤ ਹੈ, ਜਿਸ ਨਾਲ ਸੁਰੱਖਿਅਤ ਖ਼ਾਧ ਪ੍ਰਣਾਲੀ ਨੂੰ ਹੱਲਾਸ਼ੇਰੀ ਮਿਲੇਗੀ ਅਤੇ ਲੋਕ ਵਧੇਰੇ ਜਾਗਰੂਕ ਹੋ ਕੇ ਸਹੀ ਖ਼ਾਧ ਬਦਲਾਅ ਚੁਣ ਸਕਣਗੇ।





